People's Herald

People's Herald



Rs- 100/month

# "ਇਕੁਐਲਿਟੀ ਐਂਡ ਜਸਟਿਸ"

https://www.facebook.com/profile.php?id=161037521061610

"Equality and Justice"

स्वतंत्रता, समानता, भाईचारा



PATIALA On line paper 01 ਜੂਨ 2025 ਐਤਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਅਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

# 'ਪੰਜਾਬ ਸਰਕਾਰ' ਲੋਕ ਭਲਾਈ ਦੇ ਕੰਮ ਛੱਡ ਤੇ ਹੁਣ ਸ਼ੁਰੂ ਕੀਤਾ ਪਾਪਰਟੀ ਡੀਲਰ ਦਾ ਕੰਮ- ਡਾ ਕਰੀਮਪੁਰੀ

## ਸਸਤੇ ਭਾਅ ਤੇ ਖੇਤੀ ਵਾਲੀ ਜ਼ਮੀਨ ਖਰੀਦ ਕੇ, 30-40 ਹਜ਼ਾਰ ਰੁਪਏ ਪ੍ਰਤੀ ਗਜ ਵੇਚੇਗੀ ਆਮ ਲੋਕਾਂ ਨੂੰ। ਕਾਂਗਰਸ, ਅਕਾਲੀ-ਭਾਜਪਾ ਵਾਂਗ ਆਪ ਪਾਰਟੀ ਵੀ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਵਿੱਚ ਬੁਰੀ ਤਰਾਂ ਫੇਲ

ਪਟਿਆਲਾ (ਜਗਤਾਰ ਸਿੰਘ ਰੋੜੇਵਾਲ )-

ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਸਬੰਧੀ ਗਲ ਕਰਦੇ ਹੋਏ ਡਾ. ਕਰੀਮਪੁਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਝੂਠੀਆਂ ਗੂੰਟੀਆਂ ਦੇ ਕੇ ਸੱਤਾ ਵਿੱਚ ਆਈ ਆਪ ਪਾਰਟੀ ਦੀ ਸਰਕਾਰ ਵੀ ਕਾਂਗਰਸ, ਅਕਾਲੀ-ਭਾਜਪਾ ਪਾਰਟੀਆਂ ਦੀਆਂ ਸਰਕਾਰਾਂ ਵਾਂਗ ਬੁਰੀ ਤਰਾਂ ਫੇਲ ਸਿੱਧ ਹੋਈ ਹੈ। ਇਹਨਾ ਕੋਲੋਂ ਨਾਂ ਤੋਂ ਕੋਈ ਚੋਣ ਵਾਅਦੇ ਕਰਕੇ ਦਿੱਤੀ ਕੋਈ ਗੂੰਟੀ ਜਿਵੇਂ ਔਰਤਾਂ ਲਈ 1000 ਰੁਪਏ ਮਹੀਨਾ, ਬੁਢਾਪਾ ਪੈਨਸ਼ਨ ਵਿੱਚ ਵਾਧਾ, ਬੇਰੋਜਗਾਰੀ, ਗਰੀਬਾਂ ਲਈ ਮੁਫਤ ਰਹਾਇਸ਼ੀ ਪਲਾਟ ਦੇਣ ਵਰਗੇ ਹੋਰ ਬਹੁਤ ਸਾਰੇ ਕੰਮ ਕਰਨ ਵਿੱਚ ਪੂਰੀ ਤਰਾਂ ਫੇਲ੍ਹ ਹੋਈ ਹੈ, ਨਾਂ ਪੰਜਾਬ ਵਿੱਚ ਨਸ਼ੇ ਦੇ ਕਾਰੋਬਾਰ ਦਾ ਖਾਤਮਾ ਅਤੇ ਅਮਨ ਸ਼ਾਂਤੀ ਹੋ ਪਾਈ ਹੈ। ਪੰਜਾਬ ਸਰਕਾਰ ਲੋਕਾਂ ਦੇ ਭਲਾਈ ਦੇ ਕੰਮ ਕਰਨ ਵਿੱਚ ਬੁਰੀ ਤਰਾਂ ਫੇਲ੍ਹ ਹੋਈ ਹੈ।

ਕਾਂਗਰਸ, ਅਕਾਲੀ-ਭਾਜਪਾ ਜਿਸ ਤਰਾਂ ਸਕੂਲਾਂ ਨੂੰ ਰੰਗ ਕਰਕੇ ਵਿਕਾਸ਼ ਦਿਖਾਉਂਦੇ ਆ ਰਹੇ ਸਨ ਉਸੇ ਤਰਜ ਤੇ ਇਹ ਸਰਕਾਰ ਪੁਰਣੀਆਂ ਦਿਵਾਰਾਂ ਉੱਤੇ ਨੀਂਹ ਪੱਥਰ ਲਗਾ ਕੇ ਸਿੱਖਿਆ ਕ੍ਰਾਂਤੀ ਅਤੇ ਵਿਕਾਸ ਦਿਖਾ ਕੇ ਲੋਕਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਰ ਲੋਕ ਸਾਰੇ ਜਾਣਦੇ ਹਨ।

ਹੁਣ ਪੰਜਾਬ ਸਰਕਾਰ ਲੋਕ ਭਲਾਈ ਦੇ ਕੰਮ ਛੱਡ ਕੇ ਪੰਜਾਬ ਵਿਚ ਪ੍ਰਾਪਰਟੀ ਡੀਲਰ ਵਜੋਂ ਕੰਮ ਕਰ ਰਹੀ ਹੈ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਸਪਾ ਪੰਜਾਬ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਰਾਜ ਸਭਾ ਮੈਂਬਰ ਨੇ ਪਿੰਡ ਬੁਰਜ ਕੰਧਾਰੀ ਵਿਖੇ ਕੀਤਾ। ਉਹ ਸਰਕਾਰੀ ਕਾਲਜ ਲੁਧਿਆਣਾ ਦੇ ਵਾਇਸ ਪ੍ਰਿੰਸੀਪਲ ਹੁਸਨ ਲਾਲ ਬਸਰਾ ਦੀ ਮਾਤਾ ਦੀ ਮੌਤ ਤੇ ਦੁੱਖ ਨੂੰ ਪ੍ਰਗਟ ਕਰਨ ਆਏ ਸਨ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਕਾਰ ਲੋਕ ਭਲਾਈ ਦੇ ਕੰਮਾਂ ਦੀ ਦੇ ਬਜਾਏ ਪ੍ਰਾਪਰਟੀ ਡੀਲਰ ਦਾ ਕੰਮ ਕਰ ਰਹੀ ਹੈ। ਕਿਉਂਕਿ ਆਪ ਸਰਕਾਰ ਦੀ ਪਾਲਿਸੀ ਹੈ ਕਿ ਪੰਜਾਬ ਦੇ ਵੱਡੇ ਸ਼ਹਿਰਾਂ ਜਲੰਧਰ, ਲੁਧਿਆਣਾ ਤੋਂ ਬਠਿੰਡਾ ਤੇ ਹੋਰ ਸ਼ਹਿਰਾਂ ਵਿਚ 25 ਤੋਂ 35 ਹਜ਼ਾਰ ਏਕੜ ਜ਼ਮੀਨ ਖੋਹ ਕੇ ਅਰਬਨ ਅਸਟੇਟ ਉਸਾਰੀ ਜਾ ਰਹੀ ਹੈ। ਉਨ੍ਹਾਂ ਇਸ ਨੀਤੀ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਇਹ ਜ਼ਮੀਨ ਨੂੰ ਲੋਕਾਂ ਨੂੰ 30-40 ਹਜ਼ਾਰ ਰੁਪਏ ਪ੍ਰਤੀ ਗਜ ਦੇਵੇਗੀ। ਉਨ੍ਹਾਂ ਸਰਕਾਰ ਤੋਂ ਪੁੱਛਿਆ ਕਿ ਇੰਨੇ ਮਹਿੰਗੇ ਭਾਅ ਤੇ ਜ਼ਮੀਨ ਲੈ ਕੇ ਕਿਹੜਾ ਵਿਅਕਤੀ ਆਪਣਾ ਘਰ ਬਣਾ ਸਕੇਗਾ। ਗ਼ਰੀਬ ਵਰਗ ਤਾਂ ਪਹਿਲਾ ਹੀ ਪੌਣੇ ਛੇ ਪ੍ਰਤੀਸ਼ਤ ਜ਼ਮੀਨ 'ਤੇ ਰਹਿੰਦਾ ਹੈ। ਇਸੇ ਤਰ੍ਹਾਂ ਬੈਕਵਰਡ ਕਲਾਸ ਦਾ ਹਾਲ ਹੈ।

ਸਰਕਾਰ ਕਿਸਾਨਾਂ ਦੀ ਜ਼ਮੀਨ ਦੀ ਲੁੱਟ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬਸਪਾ



ਨੇ 'ਪੰਜਾਬ ਸੰਭਾਲੋ' ਮੁਹਿੰਮ ਸ਼ੁਰੂ ਕੀਤੀ ਹੈ। ਜਿਸ ਵਿਚ ਨਸ਼ਾਂ ਦਾ ਖ਼ਾਤਮਾ, ਬੇਰੁਜ਼ਗਾਰਾਂ ਸਰਕਾਰ ਰੁਜ਼ਗਾਰ ਦੇਵੇ, ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਨਸ਼ਾ ਦੇ ਖ਼ਾਤਮੇ ਦੀ ਗੱਲ ਕਰਦੀ ਹੈ ਪਰੰਤੂ ਮਜੀਠਾ ਵਿਚ 28 ਲੋਕਾਂ ਦੀ ਮੌਤ ਜ਼ਹਿਰੀਲੀ ਸ਼ਰਾਬ ਨਾਲ ਹੋਈ ਹੈ ਜਦਕਿ ਲੁਧਿਆਣਾ ਵਿਚ ਤਿੰਨ ਵਿਅਕਤੀਆਂ ਦੀ ਮੌਤ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਪੋਲ ਖੋਲ੍ਹ ਦਿੱਤੀ ਹੈ। ਇਸ ਮੌਕੇ ਜਨਰਲ ਸਕੱਤਰ ਪ੍ਰਵੀਨ ਬੰਗਾ, ਹਰਬਲਾਸ ਬਸਰਾ, ਗੁਰਬਚਨ ਰਾਮ, ਹੁਸਨ ਲਾਲ, ਰੋਮੀ ਬਸਰਾ, ਪ੍ਰਿੰਸ ਬਸਰਾ, ਅਸ਼ਵਨੀ ਕੁਮਾਰ, ਦੁਨੀ ਚੰਦ, ਜਗਦੀਸ਼ ਕੁਮਾਰ, ਤਰਸੇਮ ਲਾਲ ਆਦਿ ਹਾਜ਼ਰ ਸਨ।

# ਬਾਦਲ ਗਰੁੱਪ ਨੇ ਬੀਤੇ ਸਮੇਂ ਤੋਂ ਕੋਈ ਸਬਕ ਨਹੀਂ ਸਿੱਖਿਆ: ਗਿਆਨੀ ਹਰਪ੍ਰੀਤ ਸਿੰਘ

## - ਬਾਦਲ ਗਰੁੱਪ ਪੰਜ ਮੈਂਬਰੀ ਕਮੇਟੀ ਨੂੰ ਚਾਹੁੰਦੇ ਆ ਭੰਗ ਕਰਵਾਉਣਾ, - ਨਿਰਮੈਲ ਸਿੰਘ ਜੌਲਾ ਕਲਾ ਦੀ ਅਗਵਾਈ ਹੇਠ ਹੋਇਆ ਵੱਡਾ ਇਕੱਠ



ਲਾਲੜੂ 31 ਮਈ 2025: ਸ੍ਰੀ ਅਕਾਲ ਤਖਤ ਸਾਹਿਬ ਦੇ 2 ਦਸੰਬਰ ਵਾਲੇ ਹੁਕਮਨਾਮੇ ਨੂੰ ਅਣਦੇਖਿਆ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਣੇ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਨੂੰ ਚੁਣੌਤੀ ਪੇਸ਼ ਕਰਦਿਆਂ ਅੱਜ ਸਥਾਨਕ ਗਲਾਸ ਪੈਲੇਸ ਘੋਲੂਮਾਜਰਾ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ। ਹਲਕਾ ਡੇਰਾਬੱਸੀ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਮੈਂਬਰ ਨਿਰਮੈਲ ਸਿੰਘ ਜੌਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸਬੰਧੀ ਕਰਵਾਏ ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਕਰਨ ਲਈ ਬਣਾਈ ਕਮੇਟੀ ਵਿੱਚ ਸ਼ਾਮਲ ਮਨਪ੍ਰੀਤ ਸਿੰਘ ਇਆਲੀ ਤੇ ਇਕਬਾਲ ਸਿੰਘ ਝੂੰਦਾ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਸੁਰਜੀਤ ਸਿੰਘ ਰੱਖੜਾ ਅਤੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸ਼ਿਰਕਤ ਕੀਤੀ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਜਥੇਦਾਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਬਾਦਲ ਗਰੁੱਪ ਨੇ ਹਾਲੇ ਵੀ ਬੀਤੇ ਤੋਂ ਸਬਕ ਨਹੀਂ ਸਿੱਖਿਆ ਹੈ ਅਤੇ ਹੁਣ ਸ੍ਰੀ ਅਕਾਲ ਤਖਤ ਸਾਹਿਬ ਦੇ ਮੌਜੂਦਾ ਜਥੇਦਾਰ ਕੁਲਦੀਪ ਸਿੰਘ ਗੜਗੱਜ ਰਾਹੀਂ 5 ਮੈਂਬਰੀ ਕਮੇਟੀ ਨੂੰ ਭੰਗ ਕਰਨ ਲਈ ਦਬਾਅ ਬਣਾਇਆ ਜਾ ਰਿਹਾ ਹੈ, ਜਦਕਿ ਉਹ ਸੰਗਤ ਨੂੰ ਅਪੀਲ ਕਰਦੇ ਹਨ ਕਿ ਪੰਥ ਤੇ ਪੰਜਾਬ ਦੇ ਭਲੇ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਹਿੱਤ ਅਸੀਂ ਤੁਰਦੇ ਰਹਿਣਾ ਹੈ ਅਤੇ ਕਿਸੇ ਵੀ ਚਾਲ ਵਿੱਚ ਆ ਕੇ ਰੁਕਣਾ ਨਹੀਂ ਹੈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਪੰਜਾਬ ਦੇ ਸਾਰੇ ਵਰਗਾਂ ਨੂੰ ਪੰਜਾਬ ਪੱਖੀ ਭਾਵਨਾ ਰੱਖਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਪਹਿਚਾਣ ਵਜੋਂ ਪੰਜਾਬ ਦੀਆਂ ਪੰਥਕ ਰਵਾਇਤਾਂ, ਪੰਜਾਬ ਯੂਨੀਵਰਸਿਟੀ ,ਪੰਜਾਬ ਦੇ ਪਾਣੀ ਅਤੇ ਪੰਜਾਬ ਦੀਆਂ ਸੰਸਥਾਵਾਂ ਹੀ ਨਾ ਬਚੀਆਂ ਤਾਂ ਫਿਰ ਅਸੀਂ ਵੀ ਨਹੀਂ ਬਚਣਾ। ਅੱਜ ਦੇ ਸਮਾਗਮ ਦੌਰਾਨ ਕਈਂ ਸਾਲਾਂ ਬਾਅਦ ਹਲਕੇ ਵਿੱਚ ਪੰਥਕ ਰੰਗ ਵੇਖਣ ਨੂੰ ਮਿਲਿਆ। ਸੰਬੋਧਨ ਦੇ ਅੰਤ ਵਿੱਚ ਉਨ੍ਹਾਂ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੇ ਅਕਾਲੀ ਦਲ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਭਰਤੀ ਸਬੰਧੀ ਉਨ੍ਹਾਂ ਦੇ ਰਾਹ ਵਿੱਚ ਅੜਿੱਕੇ ਅੜਾਏ ਗਏ ਤਾਂ ਉਹ ਦੁੱਗਣੀ ਤਾਕਤ ਨਾਲ ਲੋਕਾਂ ਦੇ ਵਿੱਚ ਜਾਣਗੇ।

ਸਮਾਗਮ ਦੌਰਾਨ ਮਨਪ੍ਰੀਤ ਸਿੰਘ ਇਆਲੀ, ਇਕਬਾਲ ਸਿੰਘ ਝੂੰਦਾ, ਸੁਰਜੀਤ ਸਿੰਘ ਰੱਖੜਾ ਤੇ ਪ੍ਰੋ.ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਭਰਤੀ ਕਮੇਟੀ ਮੂਹਰੇ ਦੋ ਵੱਡੀਆਂ ਜਿੰਮੇਵਾਰੀਆਂ ਹਨ, ਜਿਨ੍ਹਾਂ ਵਿੱਚ ਪੰਥਕ ਪ੍ਰੰਪਰਾਵਾਂ ਦੀ ਬਹਾਲੀ ਅਤੇ ਸਰਵਉੱਚਤਾ ਕਾਇਮ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਰਾਹੀਂ ਪੰਜਾਬ ਅਤੇ ਪੰਥ ਦੀ ਝੋਲੀ ਵਿੱਚ ਮਜ਼ਬੂਤ ਲੀਡਰਸ਼ਿਪ ਪਾਉਣਾ ਵੀ ਸ਼ਾਮਿਲ ਹੈ। ਉਕਤ ਆਗੂਆਂ ਨੇ ਕਿਹਾ ਕਿ ਹੁਣ ਬਾਦਲ ਗਰੁੱਪ ਸਿੱਖ ਅਤੇ ਕਿਸਾਨ ਪੱਖੀ ਹੋਣ ਦੇ ਦਾਅਵੇ ਕਰ ਰਿਹਾ ਹੈ, ਜਦਕਿ ਇਨ੍ਹਾਂ ਨੇ ਸੱਤਾ ਵਿੱਚ ਹੁੰਦਿਆਂ ਸਭ ਤੋਂ ਵੱਧ ਨੁਕਸਾਨ ਸਿੱਖੀ ਅਤੇ ਕਿਸਾਨੀ ਦਾ ਹੀ ਕੀਤਾ ਹੈ।

ਉਨ੍ਹਾਂ ਕਿਹਾ ਕਿ ਸ਼ੋਹਰਤਾਂ ਬਦਲੇ ਪੰਜਾਬ ਦੇ ਪਾਣੀ ਨੂੰ ਦਾਅ ਉਤੇ ਲਾਇਆ ਗਿਆ ਹੈ । ਅੱਜ ਦੇ ਇਸ ਸਮਾਗਮ ਵਿੱਚ ਐਸਜੀਪੀਸੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ ,ਜਦਕਿ ਸਮਾਗਮ ਵਿੱਚ ਸੁਰਿੰਦਰ ਸਿੰਘ ਧਰਮਗੜ੍ਹ, ਹਰਵਿੰਦਰ ਸਿੰਘ ਕਸੌਲੀ, ਜਸਵਿੰਦਰ ਸਿੰਘ ਧੀਰੇਮਾਜਰਾ, ਸੁਰਜੀਤ ਸਿੰਘ ਤਸਿੰਬਲੀ, ਦਵਿੰਦਰ ਸਿੰਘ ਨੰਬਰਦਾਰ, ਮਹਿੰਦਰ ਸਿੰਘ ਜਲਾਲਪੁਰ, ਨੈਬ ਸਿੰਘ ਬਾਜਵਾ, ਤਰਲੋਚਨ ਸਿੰਘ, ਜਸਵਿੰਦਰ ਮਲਕਪੁਰ, ਗੁਰਮੀਤ ਸਿੰਘ, ਦਵਿੰਦਰ ਸਿੰਘ ਵਜੀਦਪੁਰ, ਹਰਪ੍ਰੀਤ ਸਿੰਘ ਅਮਲਾਲਾ, ਅਰਵਿੰਦਰ ਸਿੰਘ ਬਾਵਾ, ਅਵਤਾਰ ਸਿੰਘ ਜਵਾਹਰਪੁਰ, ਮਨਜੀਤ ਸਿੰਘ ਜੰਡਲੀ, ਕੁਲਦੀਪ ਸਿੰਘ ਮਾਲਣ, ਦਵਿੰਦਰ ਸਿੰਘ ਚਡਿਆਲਾ ਤੇ ਮਨਜੀਤ ਜਲਾਲਪੁਰ ਦੇ ਨਾਲ-ਨਾਲ ਇਲਾਕੇ ਦੀਆਂ ਸਮੂਹ ਗੁਰਦੁਆਰਾ ਕਮੇਟੀਆਂ ਦੇ ਪ੍ਰਧਾਨ, ਮੈਂਬਰ ,ਪੰਚ -ਸਰਪੰਚ ਅਤੇ ਇਲਾਕਾ ਵਾਸੀ ਹਾਜ਼ਰ ਸਨ

# ਪੰਜਾਬ ਦੀ ਮਾਰਕੀਟ ਵਿੱਚ ਵੱਡਾ ਉਛਾਲ: ਮੰਡੀ ਬੋਰਡ ਨੇ 720 ਪਲਾਟਾਂ ਦੀ ਈ-ਨਿਲਾਮੀ ਤੋਂ 324 ਕਰੋੜ ਰੁਪਏ ਕਮਾਏ

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਦੀ ਮਾਰਕੀਟ ਵਿੱਚ ਵੱਡਾ ਉਛਾਲ ਦੇਖਣ ਨੂੰ ਮਿਲ ਰਿਹਾ ਹੈ ਕਿਉਂਕਿ ਪੰਜਾਬ ਮੰਡੀ ਬੋਰਡ ਵੱਲੋਂ ਹਾਲ ਹੀ ਵਿੱਚ ਕਰਵਾਈ ਗਈ ਈ-ਨਿਲਾਮੀ ਦੇ ਅੰਕੜਿਆਂ ਅਨੁਸਾਰ ਇਸਨੇ ਮਹਿਜ਼ ਛੇ ਮਹੀਨਿਆਂ ਵਿੱਚ

**ਬਾਕੀ ਦੀ ਖਬਰ ਸਫਾ 3 ਤੇ**

# ਭਾਰਤ-ਪਾਕਿ ਵਿਚਕਾਰ ਸੰਭਾਵੀ ਪਰਮਾਣੂ ਟਕਰਾਅ ਰੋਕਣ ‘ਤੇ ਸਭ ਤੋਂ ਵੱਧ ਮਾਣ : ਟਰੰਪ

## ‘’ਇਹ ਤਣਾਅ ਪ੍ਰਮਾਣੂ ਜੰਗ ਵਿਚ ਬਦਲ ਸਕਦਾ ਸੀ’’

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਵਾਸ਼ਿੰਗਟਨ, 31 ਮਈ (ਪੰਜਾਬ ਮੇਲ)- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਗੋਲੀਬਾਰੀ ਦੀ ਬਜਾਏ ਵਪਾਰ ਰਾਹੀਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਸੰਭਾਵੀ ਪਰਮਾਣੂ ਜੰਗ ਨੂੰ ਰੋਕਣ ਬਾਰੇ ਸਮਝੌਤੇ ‘ਤੇ ਉਨ੍ਹਾਂ ਨੂੰ ਸਭ ਤੋਂ ਵੱਧ ਮਾਣ ਹੈ। ਪਿਛਲੇ ਕੁਝ ਹਫ਼ਤਿਆਂ ਵਿਚ ਟਰੰਪ ਨੇ ਇਹ ਵੀ ਵਾਰ-ਵਾਰ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਭਾਰਤ ਅਤੇ ਪਾਕਿਸਤਾਨ ਨੂੰ ਕਿਹਾ ਸੀ ਕਿ ਜੇ ਦੋਵੇਂ ਦੇਸ਼ ਟਕਰਾਅ ਨਹੀਂ ਰੋਕਦੇ, ਤਾਂ ਅਮਰੀਕਾ ਦੋਵਾਂ ਦੇਸ਼ਾਂ ਨਾਲ ਵਪਾਰ ਬੰਦ ਕਰ ਦੇਵੇਗਾ।

ਭਾਰਤ ਨੇ ਵੀਰਵਾਰ ਨੂੰ ਕਿਹਾ ਕਿ ਪਾਕਿਸਤਾਨ ਨਾਲ ਆਪਣੀਆਂ ਫੌਜੀ ਝੜਪਾਂ ਦੌਰਾਨ ਭਾਰਤੀ ਅਤੇ ਅਮਰੀਕੀ ਨੇਤਾਵਾਂ ਨਾਲ ਗੱਲਬਾਤ ਵਿਚ ਵਪਾਰ ਦਾ ਮੁੱਦਾ ਬਿਲਕੁਲ ਵੀ ਨਹੀਂ ਆਇਆ ਸੀ। ਭਾਰਤ ਨੇ ਵਾਸ਼ਿੰਗਟਨ ਦੇ ਵਾਰ-ਵਾਰ ਕੀਤੇ ਗਏ ਉਨ੍ਹਾਂ ਦਾਅਵਿਆਂ ਨੂੰ ਅਸਲ ਵਿਚ ਰੱਦ ਕਰ ਦਿੱਤਾ ਕਿ ਵਪਾਰ ਬਾਰੇ ਪੇਸ਼ਕਸ਼ ਨੇ ਟਕਰਾਅ ਨੂੰ ਰੋਕਿਆ ਹੈ।

ਟਰੰਪ ਨੇ ਸ਼ੁੱਕਰਵਾਰ ਨੂੰ ਕਿਹਾ, ”ਮੈਨੂੰ ਲੱਗਦਾ ਹੈ ਕਿ ਜਿਸ ਸਮਝੌਤੇ ‘ਤੇ ਮੈਨੂੰ ਸਭ ਤੋਂ ਵੱਧ ਮਾਣ ਹੈ, ਉਹ ਇਹ ਹੈ ਕਿ ਅਸੀਂ ਭਾਰਤ ਅਤੇ ਪਾਕਿਸਤਾਨ ਨਾਲ ਡੀਲ ਕਰ ਰਹੇ ਰਹੇ ਹਾਂ ਅਤੇ ਅਸੀਂ ਵਪਾਰ ਰਾਹੀਂ ਸੰਭਾਵੀ ਤੌਰ ‘ਤੇ ਪਰਮਾਣੂ ਯੁੱਧ ਨੂੰ ਰੋਕਣ ਦੇ ਯੋਗ ਹੋਏ ਹਾਂ।”

ਜ਼ਿਕਰਯੋਗ ਹੈ ਕਿ 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ ਵਿਚ 26 ਲੋਕਾਂ ਦੇ ਮਾਰੇ ਜਾਣ ਤੋਂ ਲਗਭਗ ਦੋ ਹਫ਼ਤੇ ਬਾਅਦ ਭਾਰਤ ਨੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀ.ਓ.ਕੇ.) ਵਿਚ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ ਸੀ। ਸਰਹੱਦ ਦੇ ਦੋਵਾਂ ਪਾਸਿਆਂ ਤੋਂ ਚਾਰ ਦਿਨਾਂ ਦੇ ਡਰੋਨ ਅਤੇ ਮਿਜ਼ਾਈਲ ਹਮਲਿਆਂ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ 10 ਮਈ ਨੂੰ ਟਕਰਾਅ ਨੂੰ ਰੋਕਣ ਲਈ ਸਹਿਮਤ ਹੋਏ ਸਨ।

ਹਾਲਾਂਕਿ, ਭਾਰਤ ਦਾ ਕਹਿਣਾ ਹੈ ਕਿ ਪਾਕਿਸਤਾਨ ਨਾਲ ਹਾਲ ਹੀ ਵਿਚ ਹੋਈ ਜੰਗਬੰਦੀ ਇੱਕ ਦੁਵੱਲੀ ਫੈਸਲਾ ਸੀ, ਜੋ ਕਿ ਦੋਵਾਂ ਦੇਸ਼ਾਂ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨਜ਼ (ਡੀ.ਜੀ.ਐੱਮ.ਓ.) ਵਿਚਕਾਰ ਸਿੱਧੇ ਤੌਰ ‘ਤੇ ਗੱਲਬਾਤ ਰਾਹੀਂ ਲਿਆ ਗਿਆ ਸੀ। ਭਾਰਤ ਨੇ ਤੀਜੀ ਧਿਰ ਦੀ ਵਿਚੋਲਗੀ ਦੇ ਕਿਸੇ ਵੀ ਦਾਅਵੇ ਨੂੰ



ਲਗਾਤਾਰ ਰੱਦ ਕੀਤਾ ਹੈ ਅਤੇ ਜ਼ੋਰ ਦੇ ਕੇ ਕਿਹਾ ਹੈ ਕਿ ਇਹ ਸਮਝੌਤਾ ਨਵੀਂ ਦਿੱਲੀ ਅਤੇ ਇਸਲਾਮਾਬਾਦ ਵਿਚਕਾਰ ਸਿੱਧੀ ਗੱਲਬਾਤ ਦਾ ਨਤੀਜਾ ਹੈ, ਇਸਦਾ ਅਮਰੀਕਾ ਨਾਲ ਵਪਾਰ ਸੌਦੇ ਲਈ ਚੱਲ ਰਹੀ ਗੱਲਬਾਤ ਨਾਲ ਕੋਈ ਸਬੰਧ ਨਹੀਂ ਹੈ। 13 ਮਈ ਨੂੰ, ਰਾਸ਼ਟਰਪਤੀ ਟਰੰਪ ਨੇ ਵਪਾਰ ਰਾਹੀਂ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਲਿਆਉਣ ਦਾ ਸਿਹਰਾ ਆਪਣੇ ਪ੍ਰਸ਼ਾਸਨ ਨੂੰ ਦਿੱਤਾ।

# ਨੇਪਾਲ ਬਾਰਡਰ ਦੇ ਨੇੜੇ ਯੂਪੀ ਦੇ ਪਿੰਡ ’ਚ ਰਹਿੰਦੇ ਸਿੱਖਾਂ ਦੇ ਜਾਣੋਂ ਕੀ ਹਨ ਹਾਲਾਤ?

## ਕਿਹਾ, ਸੀਸ ਭਾਵੇਂ ਲੱਥ ਜਾਵੇ, ਪਰ ਅਸੀਂ ਮੰਨਣਾ ਗੁਰੂ ਗ੍ਰੰਥ ਸਾਹਿਬ ਨੂੰ ਹੀ ਹੈ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਰੋਜ਼ਾਨਾ ਸਪੋਕਸਮੈਨ ਦੀ ਟੀਮ ਉਤਰ ਪ੍ਰਦੇਸ਼ ਦੇ ਪਿੰਡ ਟਾਟਰਗੰਜ ਉਥੋਂ ਦੇ ਹਾਲਾਤ ਜਾਣਨ ਲਈ ਪਹੁੰਚੀ ਜੋ ਨੇਪਾਲ ਦੇ ਬਾਰਡਰ ਨੇੜੇ ਪੈਂਦਾ ਹੈ। ਜਿਥੇ ਨਾ ਕੋਈ ਸਕੂਲ, ਹਸਪਤਾਲ ਆਦਿ ਹੋਰ ਸਹੂਲਤ ਨਹੀਂ ਹੈ। ਇਥੋਂ ਦੇ ਸਿੱਖ ਪਰਿਵਾਰ ਗ਼ਰੀਬੀ ਨਾਲ ਜੂਝ ਰਹੇ ਹਨ। ਇਸ ਪਿੰਡ ’ਚ ਇਕ ਵੀ ਪੱਕਾ ਮਕਾਨ ਨਹੀਂ ਹੈ। ਪਿੰਡ ਵਾਸੀ ਕੱਚੇ ਮਕਾਨਾਂ ਵਿਚ ਰਹਿ ਕੇ ਹੀ ਆਪਣਾ ਜੀਵਨ ਬਤੀਤ ਕਰ ਰਹੇ ਹਨ।

ਪਿੰਡ ਦੇ ਇਕ ਬਜ਼ੁਰਗ ਨੇ ਕਿਹਾ ਕਿ ਮੇਰੀ ਉਮਰ 75 ਸਾਲ ਹੈ ਤੇ ਮੇਰਾ ਪਿਛੋਕੜ



ਪੰਜਾਬ ਦੇ ਜ਼ਿਲ੍ਹਾ ਫ਼ਾਜ਼ਿਲਕਾ ਕੋਲ ਅਬੋਹਰ ਦੇ ਪਿੰਡ ਕੋਲ ਖੇੜਾ ਤੋਂ ਹੈ। ਸਾਡੇ ਪਿੰਡ ਟਾਟਰਗੰਜ ਵਿਚ 3000 ਲੋਕ ਰਹਿੰਦੇ ਹਨ। ਉਨ੍ਹਾਂ ਦੀ ਲੜਕੀ ਨੇ ਕਿਹਾ ਕਿ ਮੇਰੇ ਦਾਦਕੇ ਫਿਰੋਜ਼ਪੁਰ ਹਨ। ਸਾਡਾ ਜਨਮ ਇਸ ਪਿੰਡ ਵਿਚ ਹੀ ਹੋਇਆ ਹੈ। ਉਨ੍ਹਾਂ ਕਿਹਾ ਕਿ ਅਸੀਂ ਬਹੁਤ ਗ਼ਰੀਬੀ ਵਿਚ ਜੀਵਨ ਬਤੀਤ ਕਰ ਰਹੇ ਹਾਂ। ਸਾਨੂੰ ਕੋਈ ਸਰਕਾਰੀ ਸਹੂਲਤ ਨਹੀਂ ਮਿਲਦੀ।

ਵੋਟਾਂ ਸਮੇਂ ਤਾਂ ਇਥੇ ਲੀਡਰਾਂ ਦੀ ਲਾਈਨਾਂ ਲੱਗ ਜਾਂਦੀਆਂ ਹਨ ਪਰ ਬਾਅਦ ਵਿਚ ਕੋਈ ਨਹੀਂ ਆਉਂਦਾ। ਜਦੋਂ ਨਦੀ ਦਾ ਪਾਣੀ ਚੜ੍ਹਦਾ ਹੈ ਤਾਂ ਸਾਡੇ ਘਰਾਂ ਵਿਚ 6-6 ਫ਼ੁੱਟ ਪਾਣੀ ਵੜ ਜਾਂਦਾ ਹੈ ਤੇ ਫ਼ਸਲਾਂ ਖ਼ਰਾਬ ਹੋ ਜਾਂਦੀਆਂ ਹਨ। ਅਸੀਂ ਕਈ-ਕਈ ਦਿਨ ਤਾਂ ਭੁੱਖੇ ਰਹਿੰਦੇ ਹਾਂ। ਸਾਡੇ ਪਿੰਡ ਵਿਚੋਂ ਕੁੱਝ ਲੋਕਾਂ ਨੇ ਧਰਮ ਬਦਲਿਆ ਹੈ ਪਰ ਸਾਡਾ ਸਾਰਾ ਪਿੰਡ ਗੁਰਦੁਆਰਾ ਸਾਹਿਬ ਜਾਂਦਾ ਹੈ। ਸਾਰੇ ਗੁਰਪੁਰਬ ਮਨਾਏ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਸਾਡਾ ਸੀਸ ਲੱਥ ਜਾਵੇਗਾ ਪਰ ਅਸੀਂ ਗੁਰੂ ਗ੍ਰੰਥ ਸਾਹਿਬ ਨੂੰ ਹੀ ਮੰਨਾਂਗੇ। ਅਸੀਂ ਰਾਏ ਸਿੱਖ ਬਰਾਦਰੀ ਨਾਲ ਸਬੰਧ ਰੱਖਦੇ ਹਾਂ। ਗੁਰਦੁਆਰਾ ਸਾਹਿਬ ਕੀਰਤਨ ਦਰਬਾਰ ਵੀ ਕਰਵਾਏ ਜਾਂਦੇ ਹਨ। ਸਾਡੇ ਪਿੰਡ ਤੋਂ ਕਈ ਕਿਲੋਮੀਟਰ ਦੂਰ ਇਕ 5ਵੀਂ ਤੇ 8ਵੀਂ ਜਮਾਤ ਦਾ ਸਕੂਲ ਹੈ। ਹਸਪਤਾਲ ਸਾਡੇ ਪਿੰਡ ਤੋਂ 50 ਕਿਲੋਮੀਟਰ ਦੂਰ ਹੈ। ਅਸੀਂ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਸਾਨੂੰ ਸਾਰੀਆਂ ਸਰਕਾਰੀ ਸਹੂਲਤਾਂ ਦਿਤੀਆਂ ਜਾਣ ਤਾਂ ਜੋ ਅਸੀਂ ਉਨ੍ਹਾਂ ਦਾ ਲਾਭ ਉਠਾ ਸਕੀਏ।

# ਖਰੜ ‘ਚ ਬਿਲਡਰ ਪਿਓ- ਪੁੱਤ ‘ਤੇ 30- 40 ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਖਰੜ: ਲਾਂਡਰਾ ਰੋਡ ਤੇ ਸਥਿਤ ਐਨਜੀਏ ਬਿਲਡਰ ਨਾਜਿੰਦਰ ਸਿੰਘ ਅਤੇ ਉਸਦੇ ਪੁੱਤਰ ਨਵਪ੍ਰੀਤ ਸਿੰਘ ਤੇ ਅੱਜ 30-40 ਦੇ ਕਰੀਬ ਵਿਅਕਤੀਆਂ ਵੱਲੋਂ ਹਮਲਾ ਕੀਤਾ ਗਿਆ ਹੈ। ਜਿਸ ਵਿੱਚ ਨਾਜਿੰਦਰ ਸਿੰਘ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਹ ਸਿਵਲ ਹਸਪਤਾਲ ਖਰੜ ਵਿਖੇ ਜੇਰੇ ਇਲਾਜ ਹੈ। ਇਸ ਸਬੰਧੀ ਬਿਲਡਰ ਦੇ ਪੁੱਤਰ ਨਵਪ੍ਰੀਤ ਸਿੰਘ ਨੇ ਦੱਸਿਆ ਕਿ ਅੱਜ ਦੁਪਹਿਰ ਦੇ ਵਕਤ ਉਹਨਾਂ ਦੀ ਸ਼ੋਰੂਮ ਤੇ 30 40 ਦੇ ਕਰੀਬ




ਵਿਅਕਤੀ ਕਿਰਪਾਨਾਂ ਲੋਹੇ ਦੀਆਂ ਰਾੜਾਂ ਲੈ ਕੇ ਅੰਦਰ ਵੜ ਗਏ ਅਤੇ ਉਹਨਾਂ ਦੇ ਸ਼ੋਰੂਮ ਦੇ ਕਾਫੀ ਸਮਾਨ ਦੀ ਤੋੜ ਭੰਨ ਕੀਤੀ ਗਈ।

ਇਸ ਤੋਂ ਇਲਾਵਾ ਬਾਹਰ ਖੜੀਆਂ ਗੱਡੀਆਂ ਤੇ ਵੀ ਸ਼ੀਸ਼ੇ ਤੋੜੇ ਗਏ ਅਤੇ ਉਹਨਾਂ ਦੇ ਪਿਤਾ ਸਮੇਤ ਉਹਨਾਂ ਦੇ ਨਾਲ ਕੰਮ ਕਰਦੇ ਹੋਰ ਵਿਅਕਤੀਆਂ ਅਤੇ ਉਹਨਾਂ ਉੱਪਰ ਹਮਲਾ ਕੀਤਾ ਗਿਆ। ਉਹਨਾਂ ਦੱਸਿਆ ਕਿ ਇਹ ਹਮਲਾ ਪੈਸਿਆਂ ਦੇ ਲੈਣ ਦੇਣ ਦੇ ਕਾਰਨ ਹੋਇਆ ਹੈ ਉਹਨਾਂ ਪੁਲਿਸ ਪ੍ਰਸ਼ਾਸਨ ਤੋਂ ਹੀ ਇਨਸਾਫ ਦੀ ਮੰਗ ਕੀਤੀ ਅਤੇ ਕਿਹਾ ਕਿ ਆਉਣ ਵਾਲੇ ਸਮੇਂ ਦੇ ਵਿੱਚ ਵੀ ਉਕਤ ਵਿਅਕਤੀਆਂ ਵੱਲੋਂ ਉਹਨਾਂ ਨੂੰ ਤੇ ਹਮਲਾ ਕਰਨ ਦਾ ਡਰ ਬਣਿਆ ਹੋਇਆ ਹੈ। ਇਸ ਸਬੰਧ ਵਿੱਚ ਜਦੋਂ ਪੁਲਿਸ ਪ੍ਰਸ਼ਾਸਨ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਜਦੋਂ ਹੀ ਉਨ ਨੂੰ 112 ਨੰਬਰ ਤੇ ਕਾਲ ਆਈ ਤਾਂ ਤੁਰੰਤ ਪੀਸੀਆਰ ਦੀ ਟੀਮ ਮੌਕੇ ਤੇ ਪਹੁੰਚੀ ਉਦੋਂ ਤੱਕ ਹਮਲਾਵਰ ਉੱਥੋਂ ਜਾ ਚੁੱਕੇ ਸਨ। ਪੁਲਿਸ ਮਾਮਲੇ ਦੀ ਜਾਂਚ ਹੋ ਰਹੀ ਹੈ। ਜਲਦ ਹੀ ਦੋਸੀ ਪੁਲਿਸ ਹਿਰਾਸਤ ਵਿੱਚ ਹੋਣਗੇ ਅਤੇ ਕਾਰਵਾਈ ਹੋਵੇਗੀ।

# ਪਾਣੀ ‘ਚ ਯੂਰੇਨੀਅਮ ਕਾਰਨ ਹੋਣ ਵਾਲੇ ਕੈਂਸਰ ਦਾ ਮਾਮਲਾ: ਹਾਈ ਕੋਰਟ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਤੋਂ ਮੰਗੀਆਂ ਰਿਪੋਰਟਾਂ

## ਪੰਜਾਬ ‘ਚ 4406 ਨਮੂਨਿਆਂ ਵਿੱਚੋਂ 108 ‘ਚ ਮਾਪਦੰਡਾਂ ਤੋਂ ਵੱਧ ਮਿਲੀ ਯੂਰੇਨੀਅਮ ਦੀ ਮਾਤਰਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਮਾਲਵਾ ਖੇਤਰ ਦੇ ਪਾਣੀ ਵਿੱਚ ਯੂਰੇਨੀਅਮ ਦੀ ਮੌਜੂਦਗੀ ਅਤੇ ਇਸ ਕਾਰਨ ਹੋਣ ਵਾਲੇ ਕੈਂਸਰ ਵਿਰੁੱਧ ਇੱਕ ਜਨਹਿੱਤ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ, ਹਾਈ ਕੋਰਟ ਨੇ ਇਸ ਮਾਮਲੇ ਵਿੱਚ ਹਰਿਆਣਾ ਸਰਕਾਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਫਟਕਾਰ ਲਗਾਈ ਹੈ ਅਤੇ ਕਿਹਾ ਹੈ ਕਿ ਜੇਕਰ ਉਹ ਚਾਰ ਹਫ਼ਤਿਆਂ ਦੇ ਅੰਦਰ ਜਵਾਬ ਦਾਇਰ ਨਹੀਂ ਕਰਦੇ ਹਨ, ਤਾਂ ਉਨ੍ਹਾਂ ਦੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਸੁਣਵਾਈ ਦੌਰਾਨ, ਚੰਡੀਗੜ੍ਹ ਪ੍ਰਸ਼ਾਸਨ ਨੇ ਕਿਹਾ ਕਿ ਸਿਰਫ ਕੇਂਦਰੀ ਭੂਮੀ ਜਲ ਬੋਰਡ ਹੀ ਚੰਡੀਗੜ੍ਹ ਵਿੱਚ ਭੂਮੀ ਜਲ ਦੇ ਨਮੂਨਿਆਂ ਦੀ ਜਾਂਚ ਕਰ ਸਕਦਾ ਹੈ। ਇਸ ‘ਤੇ, ਅਦਾਲਤ ਨੇ ਕਿਹਾ ਕਿ ਪ੍ਰਸ਼ਾਸਨ ਇਸ ਸਬੰਧ ਵਿੱਚ ਬੋਰਡ ਨੂੰ ਬੇਨਤੀ ਕਰੇ ਅਤੇ ਨਮੂਨਾ ਰਿਪੋਰਟ ਅਦਾਲਤ ਵਿੱਚ ਜਮ੍ਹਾਂ ਕਰਵਾਏ। ਅਦਾਲਤ ਨੇ ਹਾਈ ਕੋਰਟ




ਰਜਿਸਟਰੀ ਨੂੰ ਹੁਕਮ ਦਿੱਤਾ ਹੈ ਕਿ ਕੇਂਦਰੀ ਭੂਮੀ ਜਲ ਬੋਰਡ ਦੇ ਚੰਡੀਗੜ੍ਹ ਸਥਿਤ ਖੇਤਰੀ ਨਿਰਦੇਸ਼ਕ ਨੂੰ ਨੋਟਿਸ ਜਾਰੀ ਕੀਤਾ ਜਾਵੇ। ਅਦਾਲਤ ਨੇ ਭਾਰਤ ਸਰਕਾਰ ਦੇ ਵਕੀਲ ਨੂੰ ਇਸ ਮਾਮਲੇ ਵਿੱਚ ਜ਼ਰੂਰੀ ਨਿਰਦੇਸ਼ ਪ੍ਰਾਪਤ ਕਰਨ ਅਤੇ ਜਵਾਬ ਦਾਇਰ ਕਰਨ ਦਾ ਹੁਕਮ ਦਿੱਤਾ ਹੈ। ਹਾਈ ਕੋਰਟ ਨੇ ਕਿਹਾ ਕਿ ਸਿਰਫ਼ ਯੂਰੇਨੀਅਮ ਹੀ ਨਹੀਂ ਸਗੋਂ ਆਰਸੈਨਿਕ ਅਤੇ ਹੋਰ ਜ਼ਹਿਰੀਲੇ ਤੱਤਾਂ ਦੀ ਵੀ ਜਾਂਚ ਕੀਤੀ ਜਾਣੀ ਚਾਹੀਦੀ ਹੈ।

2010 ਵਿੱਚ, ਮੋਹਾਲੀ ਦੇ ਵਸਨੀਕ ਬ੍ਰਿਜੇਂਦਰ ਸਿੰਘ ਲੂੰਬਾ ਨੇ ਮਾਲਵਾ ਖੇਤਰ ਦੇ ਭੂਮੀਗਤ ਪਾਣੀ ਵਿੱਚ ਯੂਰੇਨੀਅਮ ਦੀ ਮਾਤਰਾ ਅਤੇ ਇਸ ਕਾਰਨ ਕੈਂਸਰ ਦੇ ਵਧ ਰਹੇ ਮਾਮਲਿਆਂ ਦਾ ਮੁੱਦਾ ਉਠਾਉਂਦੇ ਹੋਏ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ। ਹਾਈ ਕੋਰਟ ਦੇ ਹੁਕਮਾਂ ‘ਤੇ, ਭਾਭਾ ਪਰਮਾਣੂ ਖੋਜ ਕੇਂਦਰ (BARC) ਨੇ ਮਾਲਵਾ ਖੇਤਰ ਦੇ ਪਾਣੀ ਵਿੱਚ ਯੂਰੇਨੀਅਮ ਦੀ ਜਾਂਚ ਕਰਨ ਲਈ ਬਠਿੰਡਾ, ਫਿਰੋਜ਼ਪੁਰ, ਫਰੀਦਕੋਟ ਅਤੇ ਮਾਨਸਾ ਵਿੱਚ 1500 ਪਾਣੀ ਦੇ ਨਮੂਨੇ ਲਏ। ਇਨ੍ਹਾਂ ਨਮੂਨਿਆਂ ਵਿੱਚੋਂ 35 ਪ੍ਰਤੀਸ਼ਤ ਵਿੱਚ, ਯੂਰੇਨੀਅਮ ਨਿਰਧਾਰਤ ਮਾਪਦੰਡਾਂ ਤੋਂ ਵੱਧ ਪਾਇਆ ਗਿਆ, ਜਿਸ ਵਿੱਚ ਬਠਿੰਡਾ ਜ਼ਿਲ੍ਹਾ ਸਭ ਤੋਂ ਵੱਧ ਪ੍ਰਭਾਵਿਤ ਪਾਇਆ ਗਿਆ। ਪਰਮਾਣੂ ਊਰਜਾ ਰੈਗੂਲੇਟਰੀ ਬੋਰਡ ਦੇ ਅਨੁਸਾਰ, ਪੀਣ ਵਾਲੇ ਪਾਣੀ ਵਿੱਚ ਯੂਰੇਨੀਅਮ ਦੀ ਮਾਤਰਾ 60 ਪੀਪੀਬੀ ਤੋਂ ਵੱਧ ਨਹੀਂ ਹੋਣੀ ਚਾਹੀਦੀ। ਪਰ ਬਠਿੰਡਾ ਜ਼ਿਲ੍ਹੇ ਦੇ ਪਾਣੀ ਵਿੱਚ ਇਹ ਮਾਤਰਾ 10 ਗੁਣਾ ਤੋਂ ਵੱਧ ਯਾਨੀ 684 ਪੀਪੀਬੀ ਮਾਪੀ ਗਈ।

ਇਸ ਮਾਮਲੇ ਵਿੱਚ, ਹਾਈ ਕੋਰਟ ਨੇ ਮਾਲਵਾ ਅਤੇ ਖਾਸ ਕਰਕੇ ਬਠਿੰਡਾ ਦੇ ਭੂਮੀਗਤ ਪਾਣੀ ਵਿੱਚ ਯੂਰੇਨੀਅਮ ਦੀ ਮੌਜੂਦਗੀ ਅਤੇ ਕੈਂਸਰ ਦੇ ਵਧ ਰਹੇ ਮਾਮਲਿਆਂ ਸੰਬੰਧੀ 14 ਸਾਲਾਂ ਤੋਂ ਲੰਬਿਤ ਪਟੀਸ਼ਨ ‘ਤੇ, ਮੁੱਖ ਸਕੱਤਰ ਨੂੰ ਸਾਵਧਾਨੀ ਵਜੋਂ ਪੂਰੇ ਸੂਬੇ ਦੇ ਭੂਮੀਗਤ ਪਾਣੀ ਦੀ ਤਾਜ਼ਾ ਜਾਂਚ ਕਰਨ ਦੇ ਆਦੇਸ਼ ਵੀ ਦਿੱਤੇ ਸਨ। ਸੁਣਵਾਈ ਦੌਰਾਨ, ਪੰਜਾਬ ਸਰਕਾਰ ਨੇ ਦੱਸਿਆ ਕਿ ਪੂਰੇ ਪੰਜਾਬ ਤੋਂ 4406 ਨਮੂਨੇ ਲਏ ਗਏ ਸਨ, ਜਿਨ੍ਹਾਂ ਵਿੱਚੋਂ 108 ਵਿੱਚ ਯੂਰੇਨੀਅਮ ਦੀ ਮਾਤਰਾ ਨਿਰਧਾਰਤ ਮਾਪਦੰਡਾਂ ਤੋਂ ਵੱਧ ਪਾਈ ਗਈ। ਸੁਣਵਾਈ ਦੌਰਾਨ, ਹਾਈ ਕੋਰਟ ਨੂੰ ਦੱਸਿਆ ਗਿਆ ਕਿ WHO ਦੇ ਅਨੁਸਾਰ, ਪਾਣੀ ਵਿੱਚ ਯੂਰੇਨੀਅਮ ਸੰਬੰਧੀ ਮਾਪਦੰਡ ਬਦਲ ਦਿੱਤੇ ਗਏ ਹਨ। ਹੁਣ ਨਿਰਧਾਰਤ ਮਾਤਰਾ 30 ppb ਹੈ। ਪੰਜਾਬ ਸਰਕਾਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਇੱਕ ਪੱਤਰ ਆਇਆ ਹੈ ਕਿ 60 ppb ਨੂੰ ਢੁਕਵਾਂ ਮੰਨਿਆ ਜਾ ਸਕਦਾ ਹੈ।

# ਥਾਈਲੈਂਡ ਦੀ ਓਪਲ ਸੁਚਾਤਾ ਚੁਆਂਗਸਰੀ ਦੇ ਸਿਰ ਸਜਿਆ ਤਾਜ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਥਾਈਲੈਂਡ ਦੀ ਓਪਲ ਸੁਚਾਤਾ ਚੁਆਂਗਸਰੀ ਨੇ ਅੱਜ ਇੱਥੇ ‘ਮਿਸ ਵਰਲਡ 2025’ ਦਾ ਖਿਤਾਬ ਜਿੱਤ ਲਿਆ ਹੈ। ਇੱਥੇ ਹੋਏ ਫਾਈਨਲ ਵਿੱਚ ਇਥੋਪੀਆ ਦੀ ਹੈਸੇਟ ਡੇਰੇਜੇ ਅਦਮਾਸੂ ਨੂੰ ਉਪ ਜੇਤੂ ਐਲਾਨਿਆ ਗਿਆ। ਭਾਰਤ ਦੀ ਨੰਦਿਨੀ ਗੁਪਤਾ ਸਿਖਰਲੀਆਂ ਅੱਠ ਸੁੰਦਰੀਆਂ ਵਿੱਚ ਜਗ੍ਹਾ ਬਣਾਉਣ ਤੋਂ ਪਹਿਲਾਂ ਹੀ ਬਾਹਰ ਹੋ ਗਈ।

ਪ੍ਰਬੰਧਕਾਂ ਅਨੁਸਾਰ ਤਿਲੰਗਾਨਾ ਵਿੱਚ ਇੱਕ ਮਹੀਨੇ ਦੌਰਾਨ ਉਦੇਸ਼-ਆਧਾਰਤ ਗਤੀਵਿਧੀਆਂ, ਸੱਭਿਆਚਾਰਕ ਅਤੇ ਪ੍ਰੇਰਨਾਦਾਇਕ ਚੁਣੌਤੀਆਂ ਮਗਰੋਂ ਦੁਨੀਆ ਭਰ ਦੇ 108 ਪ੍ਰਤੀਯੋਗੀਆਂ ਨੇ ਮਿਸ ਵਰਲਡ ਤਾਜ ਲਈ ਮੁਕਾਬਲਾ ’ਚ ਹਿੱਸਾ ਲਿਆ।

ਜੇਤੂ ਓਪਲ ਕੌਮਾਂਤਰੀ ਸਬੰਧਾਂ international-al relations ਦੀ ਵਿਦਿਆਰਥਣ ਹੈ। ਉਸ ਨੂੰ ਮਨੋਵਿਗਿਆਨ ਅਤੇ ਮਾਨਵ ਵਿਗਿਆਨ Psychology and Anthropology ਵਿੱਚ ਦਿਲਚਸਪੀ ਹੈ ਅਤੇ ਉਹ ਰਾਜਦੂਤ ਬਣਨਾ ਚਾਹੁੰਦੀ ਹੈ। ਮਿਸ ਵਰਲਡ ਦੀ ਚੇਅਰਵੂਮੈਨ ਜੂਲੀਆ ਮੋਰਲੇ ਸੀਬੀਈ ਨੇ ਜਿਊਰੀ ਦੀ ਅਗਵਾਈ ਕੀਤੀ




ਅਤੇ 72ਵੀਂ ਮਿਸ ਵਰਲਡ ਦੀ ਜੇਤੂ ਦਾ ਐਲਾਨ ਕੀਤਾ।

# ਆਨਲਾਈਨ NRI ਮਿਲਣੀਆਂ ‘ਚ ਪ੍ਰਵਾਸੀ ਪੰਜਾਬੀਆਂ ਦੀਆਂ 600 ਤੋਂ ਵੱਧ ਸ਼ਿਕਾਇਤਾਂ ਹੱਲ ਕੀਤੀਆਂ: ਕੁਲਦੀਪ ਸਿੰਘ ਧਾਲੀਵਾਲ

## ਅੰਮ੍ਰਿਤਸਰ ਵਿਖੇ ਹੋਈ ਛੇਵੀਂ ਔਨਲਾਈਨ ਮਿਲਣੀ ਦੌਰਾਨ 123 ਸ਼ਿਕਾਇਤਾਂ ਪ੍ਰਾਪਤ ਹੋਈਆਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਚੰਡੀਗੜ੍ਹ/ਅੰਮ੍ਰਿਤਸਰ: ਛੇਵੀਂ ਔਨਲਾਈਨ ਐਨ.ਆਰ.ਆਈ ਮਿਲਣੀ ਦੌਰਾਨ ਐਨ.ਆਰ.ਆਈ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਨ੍ਹਾਂ ਆਨਲਾਈਨ ਮਿਲਣੀਆਂ ਵਿੱਚ ਹੁਣ ਤੱਕ ਪ੍ਰਵਾਸੀ ਪੰਜਾਬੀਆਂ ਦੀਆਂ 600 ਤੋਂ ਵੱਧ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਛੇਵੀਂ ਮਹੀਨਾਵਾਰ ਔਨਲਾਈਨ ਐਨ.ਆਰ. ਆਈ ਮਿਲਣੀ ਅੱਜ ਅੰਮ੍ਰਿਤਸਰ ਵਿਖੇ ਕੀਤੀ ਗਈ।



ਅੱਜ ਦੀ ਮਿਲਣੀ ਬਾਰੇ ਬੋਲਦਿਆਂ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਸਾਨੂੰ ਦੁਨੀਆ ਭਰ ਦੇ ਐਨ.ਆਰ.ਆਈ. ਪੰਜਾਬੀਆਂ ਤੋਂ ਵੱਖ-ਵੱਖ ਪਲੇਟਫਾਰਮਾਂ ਰਾਹੀਂ 123 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਐਨ.ਆਰ. ਆਈ. ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਹਰ ਮਹੀਨੇ ਇਹ ਐਨ.ਆਰ. ਆਈ. ਮਿਲਣੀਆਂ ਕਰਵਾ ਰਹੇ ਹਾਂ। ਉਨ੍ਹਾਂ ਅੱਗੇ ਕਿਹਾ ਕਿ ਇਹ ਸਾਰੀਆਂ ਸ਼ਿਕਾਇਤਾਂ ਜੂਨ ਮਹੀਨੇ ਹੋਣ ਵਾਲੀ ਅਗਲੀ ਮੀਟਿੰਗ ਤੋਂ ਪਹਿਲਾਂ ਹੱਲ ਕਰ ਦਿੱਤੀਆਂ ਜਾਣਗੀਆਂ।

ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਛੇ ਮਹੀਨਿਆਂ ਵਿੱਚ ਵੱਖ-ਵੱਖ ਦੇਸ਼ਾਂ ਤੋਂ 658 ਕੇਸ ਪ੍ਰਾਪਤ ਹੋਏ ਹਨ, ਜਿਨ੍ਹਾਂ ਵਿੱਚੋਂ ਸਿਰਫ਼ 51 ਮਾਮਲੇ ਅਦਾਲਤੀ ਕੇਸਾਂ ਕਾਰਨ ਲੰਬਿਤ ਹਨ, ਜਦਕਿ ਬਾਕੀ ਸਾਰੇ ਕੇਸ ਹੱਲ ਕਰ ਦਿੱਤੇ ਗਏ ਹਨ। ਉਨ੍ਹਾਂ ਸਾਰੇ ਐਨ.ਆਰ.ਆਈ. ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਹਰ ਮਹੀਨੇ ਹੋਣ ਵਾਲੀਆਂ ਇਨ੍ਹਾਂ ਐਨ.ਆਰ. ਆਈ. ਮਿਲਣੀਆਂ ਵਿੱਚ ਆਪਣੀਆਂ ਸ਼ਿਕਾਇਤਾਂ ਉਠਾ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਉਹ ਐਨ.ਆਰ. ਆਈ. ਪੰਜਾਬੀਆਂ ਦੇ ਮਸਲਿਆਂ ਦੇ ਹੱਲ ਲਈ ਵਚਨਬੱਧ ਹਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨਾ ਮੇਰੇ ਲਈ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ।

ਛੇਵੀਂ ਐਨਆਰਆਈ ਔਨਲਾਈਨ ਮਿਲਣੀ ਦੌਰਾਨ ਡੀਆਈਜੀ ਐਨਆਰਆਈ ਮਾਮਲੇ ਰਾਜਪਾਲ ਸਿੰਘ ਸੰਧੂ, ਏਆਈਜੀ ਜਗਜੀਤ ਸਿੰਘ ਵਾਲੀਆ, ਏਆਈਜੀ ਐਨਆਰਆਈ ਵਿੰਗ ਪੰਜਾਬ ਪੁਲਿਸ ਅਜਿੰਦਰ ਸਿੰਘ, ਜ਼ਿਲ੍ਹਾ ਮਾਲ ਅਧਿਕਾਰੀ ਨਵਕੀਰਤ ਸਿੰਘ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਅਸਾਮ ਵਿਚ ਜ਼ਮੀਨ ਖਿਸਕਣ ਨਾਲ 5 ਲੋਕਾਂ ਦੀ ਮੌਤ, ਹੜ੍ਹ ਨਾਲ 10 ਹਜ਼ਾਰ ਲੋਕ ਪ੍ਰਭਾਵਿਤ

## ਮਿਜ਼ੋਰਮ ਵਿੱਚ ਵੀ ਜ਼ਮੀਨ ਖਿਸਕਣ ਨਾਲ ਘਰ ਅਤੇ ਹੋਟਲ ਹੋਏ ਢਹਿ ਢੇਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com



ਮੌਨਸੂਨ ਉੱਤਰ-ਪੂਰਬੀ ਸੂਬਿਆਂ ਵਿੱਚ ਪਹੁੰਚ ਗਿਆ ਹੈ। ਅਸਾਮ, ਮੇਘਾਲਿਆ, ਮਿਜ਼ੋਰਮ, ਸਿੱਕਮ ਵਿੱਚ ਭਾਰੀ ਮੀਂਹ ਪੈ ਰਿਹਾ ਹੈ। ਅਸਾਮ ਵਿੱਚ, ਪਿਛਲੇ 24 ਘੰਟਿਆਂ ਵਿੱਚ ਕਾਮਰੂਪ ਜ਼ਿਲ੍ਹੇ ਵਿੱਚ ਜ਼ਮੀਨ ਖਿਸਕਣ ਕਾਰਨ ਪੰਜ ਲੋਕਾਂ ਦੀ ਮੌਤ ਹੋ ਗਈ। ਹੜ੍ਹ ਨਾਲ 10 ਹਜ਼ਾਰ ਲੋਕ ਪ੍ਰਭਾਵਿਤ ਹੋਏ ਹਨ।

ਮਿਜ਼ੋਰਮ ਦੇ ਲਾਂਗਟਲਾਈ ਸ਼ਹਿਰ ਵਿੱਚ ਜ਼ਮੀਨ ਖਿਸਕਣ ਕਾਰਨ ਪੰਜ ਘਰ ਅਤੇ ਇੱਕ ਹੋਟਲ ਢਹਿ ਜਾਣ ਕਾਰਨ ਕਈ ਲੋਕਾਂ ਦੇ ਮਾਰੇ ਜਾਣ ਦਾ ਖ਼ਦਸ਼ਾ ਹੈ। ਦੂਜੇ ਪਾਸੇ, ਸਿੱਕਮ ਵਿੱਚ ਭਾਰੀ ਮੀਂਹ ਕਾਰਨ ਥੇਂਗ ਅਤੇ ਚੁੰਗਥਾਂਗ ਖੇਤਰਾਂ ਵਿੱਚ ਜ਼ਮੀਨ ਖਿਸਕਣ ਕਾਰਨ ਕਈ ਘਰ ਮਲਬੇ ਹੇਠ ਦੱਬ ਗਏ।

ਸ਼ੁੱਕਰਵਾਰ ਨੂੰ ਮੇਘਾਲਿਆ ਵਿੱਚ ਭਾਰੀ ਮੀਂਹ ਕਾਰਨ ਪੂਰਬੀ ਖਾਸੀ ਪਹਾੜੀਆਂ ਜ਼ਿਲ੍ਹੇ ਵਿੱਚ ਵੀ ਜ਼ਮੀਨ ਖਿਸਕ ਗਈ। ਇੱਕ ਔਰਤ ਦੀ ਮੌਤ ਹੋ ਗਈ। ਇੱਕ ਵਿਅਕਤੀ ਪਾਣੀ ਵਿੱਚ ਡੁੱਬ ਗਿਆ। ਮਾਵਕਿਨਰੂ ਬਲਾਕ ਵਿੱਚ ਇੱਕ 15 ਸਾਲਾ ਲੜਕੇ ਦੀ ਦਰੱਖਤ ਹੇਠਾਂ ਦੱਬਣ ਨਾਲ ਮੌਤ ਹੋ ਗਈ।

# ਬਲਜਿੰਦਰ ਢਿੱਲੋਂ ‘ਆਪ’ ਦੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਬਣੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਇੱਥੇ ਪਟਿਆਲਾ ਭੁਨਰਹੇੜੀ ਸੜਕ 'ਤੇ ਸਥਿਤ ਉੱਤਰੀ ਭਾਰਤ ਪੱਧਰ ਦੇ ਮਨੋਰੰਜਨ ਪਾਰਕ ਫਨਵਰਲਡ ਦੇ ਸੰਚਾਲਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜਿੰਦਰ ਸਿੰਘ ਢਿੱਲੋਂ ਨੂੰ ਪਾਰਟੀ ਦੀ ਸੂਬਾਈ ਲੀਡਰਸ਼ਿਪ ਨੇ ਅੱਜ ਆਮ ਆਦਮੀ ਪਾਰਟੀ ਲੋਕ ਸਭਾ ਹਲਕਾ ਪਟਿਆਲਾ ਦਾ ਇੰਚਾਰਜ ਨਿਯੁਕਤ ਕੀਤਾ ਹੈ। ਲੰਘੀਆਂ ਚੋਣਾਂ ਦੌਰਾਨ ਉਹ ਵਿਧਾਨ ਸਭਾ ਹਲਕਾ ਸਨੌਰ ਤੋਂ ‘ਆਪ’ ਦੀ ਟਿਕਟ ਦੇ ਦਾਵੇਦਾਰ ਵੀ ਸਨ ਪਰ ਟਿਕਟ ਨਾ ਮਿਲਣ ਦੇ ਬਾਵਜੂਦ ਉਨ੍ਹਾਂ ਨੇ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਦੇ ਸੇਵਾਵਾਂ ਜਾਰੀ ਰੱਖੀਆਂ। ਇਸ ਤਹਿਤ ਅੱਜ ਪਾਰਟੀ ਨੇ ਬਲਜਿੰਦਰ ਸਿੰਘ ਨੂੰ ਲੋਕ ਸਭਾ ਹਲਕਾ ਪਟਿਆਲਾ ਦਾ ਇੰਚਾਰਜ ਲਾਇਆ ਹੈ। ਇਸ ਤੋਂ ਪਹਿਲਾਂ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਦੀ ਜ਼ਿੰਮੇਵਾਰੀ ਸਨੌਰ ਹਲਕੇ ਨਾਲ ਹੀ ਸਬੰਧਿਤ ਇੰਦਰਜੀਤ ਸਿੰਘ ਸੰਧੂ ਵੱਲੋਂ ਨਿਭਾਈ ਜਾ ਰਹੀ ਸੀ ਪਰ ਪਿਛਲੇ ਦਿਨੀਂ ਉਨ੍ਹਾਂ ਨੂੰ ਪੰਜਾਬ ਪੱਧਰ ਦੀ ਇਕ ਚੇਅਰਮੈਨੀ ਦੇ ਕੇ ਨਿਵਾਜਿਆ ਗਿਆ।

ਦੂਜੇ ਪਾਸੇ ਅੱਜ ਹੋਈ ਇਸ ਨਿਯੁਕਤੀ ਤੋਂ ਬਾਅਦ ਇੰਦਰਜੀਤ ਸੰਧੂ ਨੇ ਖੁਦ ਆਪਣੀ ਟੀਮ ਸਣੇ ਬਲਜਿੰਦਰ ਸਿੰਘ ਢਿੱਲੋਂ ਕੋਲ ਪਹੁੰਚ ਕੇ ਉਨ੍ਹਾਂ ਨੂੰ ਇਸ ਨਵੀਂ ਪਾਰੀ ਦੀ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦਾ ਸਵਾਗਤ ਵੀ ਕੀਤਾ।

ਸ਼ੇਰਮਾਜਰਾ ਮੁੜ ਤੋਂ ਜ਼ਿਲ੍ਹਾ ਪ੍ਰਧਾਨ ਨਿਯੁਕਤ

ਪਾਰਟੀ ਹਾਈ ਕਮਾਨ ਨੇ ਇੰਪਰੂਵਮੈਂਟ ਟਰੱਸਟ



ਪਟਿਆਲਾ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ ਨੂੰ ਮੁੜ ਤੋਂ ਆਮ ਆਦਮੀ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ ਜਦਕਿ ਪਟਿਆਲਾ ਦੇ ਐਮਸੀ ਤਜਿੰਦਰ ਸਿੰਘ ਮਹਿਤਾ ਨੂੰ ਲਗਾਤਾਰ ਤੀਜੀ ਵਾਰ ਆਮ ਆਦਮੀ ਪਾਰਟੀ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ ਹੈ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਦਮਦਮੀ ਟਕਸਾਲ ਵਿਚਾਲੇ ਟਕਰਾਅ ਦੀ ਸੰਭਾਵਨਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਘੱਲੂਘਾਰਾ ਦਿਵਸ ਮੌਕੇ 6 ਜੂਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦਮਦਮੀ ਟਕਸਾਲ ਵਿਚਾਲੇ ਟਕਰਾਅ ਦੀ ਸੰਭਾਵਨਾ ਬਣ ਸਕਦੀ ਹੈ। ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਾੜਨਾ ਕੀਤੀ ਹੈ ਕਿ ਜੇਕਰ 6 ਜੂਨ ਵਾਲੇ ਦਿਨ ਸ੍ਰੀ ਅਕਾਲ ਤਖ਼ਤ ਤੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੌਮ ਦੇ ਨਾਂ ਸੰਦੇਸ਼ ਜਾਰੀ ਕੀਤਾ ਅਤੇ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਕਰਨ ਦਾ ਯਤਨ ਕੀਤਾ ਤਾਂ ਇਸ ਕਾਰਵਾਈ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਦਮਦਮੀ ਟਕਸਾਲ ਦੇ ਹੈੱਡਕੁਆਰਟਰ ਚੌਕ ਮਹਿਤਾ ਸਥਿਤ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਅੱਜ ਬਾਅਦ ਦੁਪਹਿਰ ਕੀਤੇ ਇੱਕ ਪੱਤਰਕਾਰ ਸੰਮੇਲਨ ਦੌਰਾਨ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ



ਗਿਆਨੀ ਕੁਲਦੀਪ ਸਿੰਘ ਗੜਗੱਜ ਸਿੱਖ ਕੌਮ ਦੇ ਪ੍ਰਵਾਨਿਤ ਜਥੇਦਾਰ ਨਹੀਂ ਹਨ। ਉਨ੍ਹਾਂ ਨੂੰ ਸਮੂਹ ਸਿੱਖ ਕੌਮ ਵੱਲੋਂ ਮਾਨਤਾ ਨਹੀਂ ਮਿਲੀ ਹੈ, ਉੱਥੇ ਵੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਪੰਜ ਪਿਆਰਿਆਂ ਵੱਲੋਂ ਉਨ੍ਹਾਂ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਹੈ ਅਤੇ ਕਿਸੇ ਤਨਖਾਹੀਆ ਕਰਾਰ ਦਿੱਤੇ ਵਿਅਕਤੀ ਨੂੰ ਪੰਥ ਨੂੰ ਸੰਦੇਸ਼ ਦੇਣ ਦਾ ਕੋਈ ਹੱਕ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਹੋਇਆ ਤਾਂ ਦਮਦਮੀ ਟਕਸਾਲ ਸਮੇਤ ਸੰਤ ਸਮਾਜ, ਸਿੰਘ ਸੰਪਰਦਾਵਾਂ, ਸਿੱਖ ਫੈਡਰੇਸ਼ਨਾਂ, ਨਿਹੰਗ ਜਥੇਬੰਦੀਆਂ ਤੇ ਹੋਰਨਾਂ ਵੱਲੋਂ ਇਸ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਟਕਰਾਅ ਵਾਲੀ ਸਥਿਤੀ ਪੈਦਾ ਹੋਈ ਤਾਂ ਇਸ ਦੀ ਜ਼ਿੰਮੇਵਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਹੋਵੇਗੀ।

ਉਨ੍ਹਾਂ ਸਰਕਾਰ ਨੂੰ ਵੀ ਸੁਚੇਤ ਕੀਤਾ ਹੈ ਕਿ ਉਹ ਅਜਿਹੀ ਟਕਰਾਅ ਵਾਲੀ ਸਥਿਤੀ ਨੂੰ ਰੋਕਣ ਲਈ ਆਪਣੀ ਜ਼ਿੰਮੇਵਾਰੀ ਨਿਭਾਵੇ। ਇਸ ਸਬੰਧੀ ਸਰਕਾਰ ਨੂੰ ਪਹਿਲਾਂ ਹੀ ਸੁਚੇਤ ਕਰ ਦਿੱਤਾ ਗਿਆ ਹੈ।

ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਦਮਦਮੀ ਟਕਸਾਲ ਇਸ ਮੌਕੇ ਕਿਸੇ ਵੀ ਤਰ੍ਹਾਂ ਦਾ ਟਕਰਾਅ ਨਹੀਂ ਚਾਹੁੰਦੀ ਹੈ, ਇਸ ਲਈ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਹੈ ਕਿ ਉਹ ਗਿਆਨੀ ਗੜਗੱਜ ਨੂੰ ਸੰਦੇਸ਼ ਜਾਰੀ ਕਰਨ ਤੋਂ ਰੋਕੇ। ਉਨ੍ਹਾਂ ਦੀ ਥਾਂ 'ਤੇ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਾਹਿਬਾਨ ਜਾਂ ਸ੍ਰੀ ਅਕਾਲ ਤਖ਼ਤ ਦੇ ਹੈੱਡ ਗ੍ਰੰਥੀ ਸਿੱਖ ਕੌਮ ਦੇ ਨਾਂ ਸੰਦੇਸ਼ ਜਾਰੀ ਕਰ ਸਕਦੇ ਹਨ, ਜਿਸ ਨਾਲ ਟਕਰਾਅ ਤੋਂ ਬਚਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਅਤੇ ਹੋਰ ਸਿੱਖ ਜਥੇਬੰਦੀਆਂ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਗਈ ਜਥੇਦਾਰ ਦੀ ਇਸ ਨਿਯੁਕਤੀ ਖ਼ਿਲਾਫ਼ ਵਿਰੋਧ ਕਰ ਚੁੱਕੇ ਹਨ। ਇਸ ਸਬੰਧੀ 28 ਮਾਰਚ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਦੇ ਬਾਹਰ ਧਰਨਾ ਵੀ ਦਿੱਤਾ ਸੀ ਅਤੇ ਸ਼੍ਰੋਮਣੀ ਕਮੇਟੀ ਨੇ 15 ਅਪਰੈਲ ਦਾ ਸਮਾਂ ਮੰਗਿਆ ਸੀ ਪਰ ਸ਼੍ਰੋਮਣੀ ਕਮੇਟੀ ਨੇ ਕੋਈ ਕਾਰਵਾਈ ਨਹੀਂ ਕੀਤੀ। ਇਸ ਮਗਰੋਂ ਦਮਦਮੀ ਟਕਸਾਲ ਤੇ ਸਿੱਖ ਜਥੇਬੰਦੀਆਂ ਨੇ ਉਸ ਨੂੰ 10 ਮਈ ਤੱਕ ਦਾ ਸਮਾਂ ਦਿੱਤਾ ਸੀ। ਹੁਣ ਇਹ ਸਮਾਂ ਵੀ ਲੰਘ ਚੁੱਕਾ ਹੈ ਪਰ ਕੋਈ ਹੁੰਗਾਰਾ ਨਹੀਂ ਦਿੱਤਾ ਗਿਆ। ਦੱਸਣਯੋਗ ਹੈ ਕਿ ਇਸੇ ਮਾਮਲੇ ਵਿੱਚ ਦਮਦਮੀ ਟਕਸਾਲ ਵੱਲੋਂ 11 ਜੂਨ ਨੂੰ ਸੁਖਬੀਰ ਸਿੰਘ ਬਾਦਲ ਦੇ ਘਰ ਦੇ ਬਾਹਰ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਹੋਇਆ ਹੈ।

ਦਮਦਮੀ ਟਕਸਾਲ ਦੇ ਮੁਖੀ ਨੇ ਦੋਸ਼ ਲਾਇਆ ਕਿ ਪੰਥ ਵਿੱਚ ਪੈਦਾ ਹੋਏ ਟਕਰਾਅ ਲਈ ਸ਼੍ਰੋਮਣੀ ਕਮੇਟੀ ਜ਼ਿੰਮੇਵਾਰ ਹੈ, ਜਿਸ ਕਾਰਨ ਪੰਥ ਵਿੱਚ ਸੰਕਟ ਵਧ ਰਿਹਾ ਹੈ।

## ਸਫਾ 1 ਦੀ ਬਾਕੀ ਦੀ ਖਬਰ

ਪਲਾਟਾਂ ਦੀ ਈ-ਨਿਲਾਮੀ ਰਾਹੀਂ 324 ਕਰੋੜ ਰੁਪਏ ਕਮਾਏ ਹਨ।

ਇਸ ਵਾਧੇ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਵਿੱਚ ਵਪਾਰ ਲਈ ਅਨੁਕੂਲ ਮਾਹੌਲ ਸਿਰਜਣ ਦੀ ਵਚਨਬੱਧਤਾ ਨੂੰ ਜਾਂਦਾ ਹੈ, ਜਿਸ ਨਾਲ ਪਾਰਦਰਸ਼ਤਾ ਆਈ ਹੈ ਅਤੇ ਸਾਰਿਆਂ ਨੂੰ ਮੁਕਾਬਲੇ ਦੇ ਬਰਾਬਰ ਮੌਕੇ ਮਿਲ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੇ ਦਸੰਬਰ 2024 ਤੋਂ ਮਈ 2025 ਤੱਕ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ 720 ਪਲਾਟਾਂ ਦੀ ਈ-ਨਿਲਾਮੀ ਕਰਕੇ ਇੱਕ ਵੱਡਾ ਮੀਲ ਪੱਥਰ ਸਥਾਪਤ ਕੀਤਾ ਹੈ, ਜਿਸ ਨਾਲ ਮੰਡੀ ਬੋਰਡ ਨੇ 324 ਕਰੋੜ ਰੁਪਏ ਦਾ ਮਾਲੀਆ ਇੱਕਠ ਕੀਤਾ ਹੈ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੀ ਈ-ਨਿਲਾਮੀ ਨੂੰ ਵਪਾਰੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਸਿਰਫ਼ ਮਈ 2025 ਵਿੱਚ ਹੀ 124 ਕਰੋੜ ਰੁਪਏ ਦੀ ਕੀਮਤ ਦੇ 211 ਪਲਾਟ ਵੇਚੇ ਗਏ ਹਨ। ਇਸ ਈ-ਨਿਲਾਮੀ ਵਿੱਚ ਲੁਧਿਆਣਾ 'ਚ 97, ਕੋਟਕਪੂਰਾ ਵਿੱਚ 30, ਕੁਰਾਲੀ ਵਿੱਚ 27, ਤਲਵੰਡੀ ਭਾਈ ਵਿੱਚ 23, ਮਹਿਤਪੁਰ ਵਿੱਚ 18, ਮੋਹਾਲੀ ਵਿੱਚ ਛੇ, ਰਾਜਪੁਰਾ ਵਿੱਚ ਪੰਜ ਅਤੇ ਫਗਵਾੜਾ ਵਿੱਚ ਪੰਜ ਪਲਾਟਾਂ ਦੀ ਵਿਕਰੀ ਸ਼ਾਮਲ ਹੈ।

ਖੇਤੀਬਾੜੀ ਮੰਤਰੀ ਨੇ ਅੱਗੇ ਦੱਸਿਆ ਕਿ ਮੰਡੀ ਬੋਰਡ ਨੇ ਦਸੰਬਰ 2024 ਵਿੱਚ 28 ਕਰੋੜ ਰੁਪਏ ਵਿੱਚ 48 ਪਲਾਟ, ਜਨਵਰੀ 2025 ਵਿੱਚ 48 ਕਰੋੜ ਰੁਪਏ ਵਿੱਚ 66 ਪਲਾਟ, ਫਰਵਰੀ ਵਿੱਚ 53 ਕਰੋੜ ਰੁਪਏ ਵਿੱਚ 139 ਪਲਾਟ, ਮਾਰਚ 2025 ਵਿੱਚ 71 ਕਰੋੜ ਰੁਪਏ ਵਿੱਚ 256 ਪਲਾਟਾਂ ਦੀ ਨਿਲਾਮੀ ਕੀਤੀ।

ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਮੰਡੀ ਬੋਰਡ ਦੁਆਰਾ ਆਪਣੀਆਂ ਜਾਇਦਾਦਾਂ ਦੀ ਕੁਸ਼ਲਤਾ ਨਾਲ ਵਰਤੋਂ ਕਰਦਿਆਂ ਮਾਲੀਆ ਜੁਟਾ ਕੇ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਦਾ ਹਿੱਸਾ ਹੈ।

ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਮੰਡੀ ਬੋਰਡ ਨੇ ਪਾਰਦਰਸ਼ਤਾ ਅਤੇ ਆਧੁਨਿਕ ਤਕਨਾਲੋਜੀ ਨੂੰ ਅਪਨਾ ਕੇ ਬੋਲੀ ਲਈ ਇੱਕ ਪ੍ਰਤੀਯੋਗੀ ਅਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਆਪਣੀ ਈ-ਨਿਲਾਮੀ ਪ੍ਰਕਿਰਿਆ ਨੂੰ ਵਧੇਰੇ ਕੁਸ਼ਲ ਬਣਾਇਆ ਹੈ।



ਇਹ ਪਹੁੰਚ ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਦਿਆਂ ਬੋਲੀ ਪ੍ਰਕਿਰਿਆ ਵਿੱਚ ਵਪਾਰੀਆਂ ਦੀ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਈ-ਨਿਲਾਮੀ ਪ੍ਰਕਿਰਿਆ ਵਪਾਰੀਆਂ ਨੂੰ ਪ੍ਰਭਾਵਸ਼ਾਲੀ ਅਤੇ ਕੁਸ਼ਲ ਢੰਗ ਨਾਲ ਹਿੱਸਾ ਲੈਣ ਦੀ ਆਗਿਆ ਦਿੰਦੀ ਹੈ। ਉਨ੍ਹਾਂ ਕਿਹਾ ਕਿ ਈ-ਨਿਲਾਮੀ ਪ੍ਰਕਿਰਿਆ ਵਿੱਚ ਤਕਨਾਲੋਜੀ ਦੀ ਵਰਤੋਂ ਨੇ ਇਸਨੂੰ ਵਧੇਰੇ ਸੁਚਾਰੂ ਬਣਾ ਦਿੱਤਾ ਹੈ, ਜਿਸ ਨਾਲ ਇਹ ਇਹ ਭਾਗੀਦਾਰਾਂ ਲਈ ਵਧੇਰੇ ਪਹੁੰਚਯੋਗ ਅਤੇ ਭਰੋਸੇਮੰਦ ਬਣ ਗਈ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਸਮਾਨਤਾ ਬੁੱਧ ਧਰਮ ਦਾ ਕੇਂਦਰੀ ਸਿਧਾਂਤ ਹੈ ਜੋ ਪਿਆਰ ਅਤੇ ਦਇਆ ਦੇ ਆਧਾਰ 'ਤੇ ਮਨੁੱਖਾਂ ਵਿਚਕਾਰ ਸਬੰਧ ਬਣਾਉਂਦਾ ਹੈ। 1/2 ਭਾਗ

25 ਨਵੰਬਰ, 1956 ਦੀ ਸ਼ਾਮ ਨੂੰ, ਮਹਾਂਬੋਧੀ ਸਭਾ ਦੁਆਰਾ ਸਾਰਨਾਥ ਦੇ ਮੂਲਗੰਧਾ ਕੁਟੀ ਵਿਹਾਰ ਦੇ ਮੈਦਾਨ ਵਿੱਚ ਡਾ. ਬਾਬਾ ਸਾਹਿਬ ਅੰਬੇਡਕਰ ਦੇ ਸਵਾਗਤ ਲਈ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਸੀ।



ਸ਼ੁਰੂ ਵਿੱਚ ਮੰਗਲਾਚਰਨ ਤੋਂ ਬਾਅਦ, ਲੱਦਾਖ ਦੇ ਲਾਮਾ ਲੋਬਜੰਗ ਨੇ ਡਾ. ਬਾਬਾ ਸਾਹਿਬ ਅੰਬੇਡਕਰ ਨੂੰ 'ਖਾੜਾ' ਭਾਵ ਕੱਪੜੇ ਭੇਟ ਕੀਤੇ। ਇਸ ਤੋਂ ਬਾਅਦ, ਵਾਰਾਣਸੀ ਦੀਆਂ 18 ਸੰਸਥਾਵਾਂ ਨੇ ਉਨ੍ਹਾਂ ਨੂੰ ਫੁੱਲਮਾਲਾਵਾਂ ਭੇਟ ਕੀਤੀਆ। ਸੇਵਾਸੰਗਮ ਟਰੱਸਟ ਵੱਲੋਂ, ਡਾ. ਐਨ.ਐਨ. ਸ਼ਰਮਾ ਨੇ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਦੋ ਸੁੰਦਰ ਸੋਨੇ ਦੇ ਯਾਦਗਾਰੀ ਚਿੰਨ੍ਹ ਭੇਟ ਕੀਤੇ। ਡਾ. ਬਾਬਾ ਸਾਹਿਬ ਦੇ ਭਾਸ਼ਣ ਨੂੰ ਸੁਣਨ ਲਈ ਸਾਰਨਾਥ ਦੇ ਆਲੇ-ਦੁਆਲੇ ਦੇ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

ਇਸ ਪ੍ਰੋਗਰਾਮ ਦੀ ਵਿਸ਼ੇਸ਼ਤਾ ਇਹ ਸੀ ਕਿ ਇਹ ਮੀਟਿੰਗ ਮਹਾਂਬੋਧੀ ਦੇ ਬੁੱਧ ਵਿਹਾਰ ਦੇ ਵਿਹੜੇ ਵਿੱਚ ਧੱਮੇਕ ਸਤੂਪ ਦੀ ਛਾਂ ਹੇਠ ਹੋਈ ਸੀ। ਸਮਰਾਟ ਅਸ਼ੋਕ ਨੇ ਉਸ ਜਗ੍ਹਾ 'ਤੇ ਇੱਕ ਸਤੂਪ ਬਣਾਇਆ ਸੀ ਜਿੱਥੇ ਬੁੱਧ ਨੇ ਪੰਚ ਵਾਗੀਆ ਭਿਕਸ਼ੂਆਂ ਨੂੰ ਆਪਣਾ ਪਹਿਲਾ ਉਪਦੇਸ਼ ਦਿੱਤਾ ਸੀ ਅਤੇ ਧੱਮੇਕ ਸਤੂਪ ਸ਼ੁਰੂ ਕੀਤਾ ਸੀ। ਉਸ ਸਤੂਪ ਦਾ ਨਾਮ ਧੱਮੇਕ ਸਤੂਪ ਹੈ। ਇਹ ਇੱਕ ਬਹੁਤ ਵੱਡਾ ਅਤੇ ਇਨਕਲਾਬੀ ਸੰਜੋਗ ਹੈ ਕਿ ਡਾ. ਬਾਬਾ ਸਾਹਿਬ ਅੰਬੇਡਕਰ ਦਾ ਆਖਰੀ ਭਾਸ਼ਣ ਉਸੇ ਜਗ੍ਹਾ 'ਤੇ ਬਹੁਜਨ ਜਨਤਾ ਨੂੰ ਸੰਬੋਧਿਤ ਕੀਤਾ ਗਿਆ ਸੀ। ਬਾਬਾ ਸਾਹਿਬ ਬਾਰੇ ਗੱਲ ਕਰਦਿਆਂ, ਭਿਕਸ਼ੂ ਧਰਮਰਕਸ਼ਿਤ ਨੇ ਕਿਹਾ, ਬੋਧੀ ਦੇਸ਼ਾਂ ਵਿੱਚ ਇੱਕ ਸਤਿਕਾਰਯੋਗ ਵਿਸ਼ਵਾਸ ਪ੍ਰਚਲਿਤ ਹੈ ਕਿ ਬੁੱਧ ਦੇ ਮਹਾਪਰਿਨਿਰਵਾਣ ਦੇ ਢਾਈ ਹਜ਼ਾਰ ਸਾਲਾਂ ਬਾਅਦ, ਭਾਰਤ ਵਿੱਚ ਬੁੱਧ ਧਰਮ ਮੁੜ ਸੁਰਜੀਤ ਹੋਣ ਜਾ ਰਿਹਾ ਹੈ। ਮੇਰਾ ਮੰਨਣਾ ਹੈ ਕਿ ਇਸ ਕਾਰਜ ਨੂੰ ਪੂਰਾ ਕਰਨ ਵਾਲਾ ਬੋਧੀਸਤਵ ਅੱਜ ਡਾ. ਬਾਬਾ ਸਾਹਿਬ ਦੇ ਰੂਪ ਵਿੱਚ ਸਾਡੇ ਵਿਚਕਾਰ ਮੌਜੂਦ ਹੈ। ਪੱਚੀ ਸਦੀਆਂ ਪਹਿਲਾਂ ਇਸੇ ਸਾਰਨਾਥ ਵਿੱਚ, ਇੱਕ ਐਤਵਾਰ ਨੂੰ, ਪੰਜ ਭਿਕਸ਼ੂਆਂ ਦੇ ਸਾਹਮਣੇ, ਭਗਵਾਨ ਨੇ ਆਪਣੇ ਸਾਹਮਣੇ ਧੰਮੇਕ ਸਟੂਪ ਦੇ ਸਥਾਨ 'ਤੇ ਧਰਮਚੱਕਰ ਨੂੰ ਬਦਲ ਦਿੱਤਾ ਸੀ।

ਪਿਛਲੇ 1500 ਸਾਲਾਂ ਤੋਂ, ਅਸੀਂ ਪਿੰਡ ਦੀ ਹੱਦ ਤੋਂ ਬਾਹਰ ਹਿੰਦੂ ਸਮਾਜ ਦੇ ਸੁਧਾਰ, ਸਮਾਨਤਾ ਦੇ ਆਉਣ, ਕਿਸੇ ਸਿਆਣਪ ਦੇ ਆਉਣ ਦੀ ਉਡੀਕ ਕਰ ਰਹੇ ਹਾਂ। ਪਰ ਸੁਧਾਰ ਦਾ ਵਿਚਾਰ ਕਿਸੇ ਦੇ ਮਨ ਵਿੱਚ ਨਹੀਂ ਆਇਆ। ਕਿਸੇ ਨੇ ਸਾਨੂੰ ਪਿੰਡ ਦੇ ਅੰਦਰ ਨਹੀਂ ਬੁਲਾਇਆ। ਇਸ ਦੇ ਉਲਟ, ਧਰਮ ਦੇ ਨਾਮ 'ਤੇ ਸਾਡੇ ਨਾਲ ਹੋਰ ਵੀ ਜ਼ਿਆਦਾ ਬੇਇਨਸਾਫ਼ੀ ਅਤੇ ਅੱਤਿਆਚਾਰ ਹੋਣ ਲੱਗੇ। ਕੁਝ ਕਹਿੰਦੇ ਹਨ ਕਿ ਸਮਾਨਤਾ ਭਾਰਤ ਲਈ ਅਣਜਾਣ ਸੀ। ਸਮਾਨਤਾ ਬਾਰੇ ਫੁਸਫੁਸੀਆਂ ਇੱਥੇ ਪਿਛਲੀ ਸਦੀ ਵਿੱਚ ਹੀ ਸ਼ੁਰੂ ਹੋਈਆਂ ਹਨ। ਇਹ ਸੰਭਵ ਹੈ ਕਿ ਹੌਲੀ-ਹੌਲੀ ਹਿੰਦੂ ਧਰਮ ਵੀ ਸੁਧਾਰ ਕਰੇਗਾ ਅਤੇ ਸਮਾਨਤਾ ਨੂੰ ਸਵੀਕਾਰ ਕਰੇਗਾ। ਇਹ ਇੱਕ ਭਰਮ ਹੈ ਕਿ ਹਿੰਦੂ ਧਰਮ ਸੁਧਾਰ ਕਰੇਗਾ। ਇਤਿਹਾਸ ਗਵਾਹ ਹੈ ਕਿ 2500 ਸਾਲ ਪਹਿਲਾਂ ਬੁੱਧ ਨੇ ਭਾਰਤ ਨੂੰ ਸਮਾਨਤਾ ਦਾ ਉਪਦੇਸ਼ ਦਿੱਤਾ ਸੀ। ਪਰ ਇਸ ਦੇਸ਼ ਨੇ ਜਾਣਬੁੱਝ ਕੇ ਉਸ ਉਪਦੇਸ਼ ਨੂੰ ਦਬਾਉਣ ਦਾ ਘਿਣਾਉਣਾ ਕੰਮ ਕੀਤਾ ਅਤੇ ਇਸਦੇ ਉਲਟ, ਅਸਮਾਨਤਾ ਦੇ ਅਧਾਰ ਤੇ ਅਤੇ ਕੁਝ ਵਰਗਾਂ ਦੇ ਲਾਭ ਲਈ ਹਿੰਦੂ ਧਰਮ ਨੂੰ ਪ੍ਰਭਾਵਸ਼ਾਲੀ ਬਣਾਇਆ ਗਿਆ। ਜਿੰਨਾ ਚਿਰ ਹਿੰਦੂ ਧਰਮ ਦੀ ਪਾਲਣਾ ਕੀਤੀ ਜਾਂਦੀ ਹੈ, ਇਸ ਦੇਸ਼ ਵਿੱਚੋਂ ਸਮਾਜਿਕ ਅਸਮਾਨਤਾ ਨੂੰ ਦੂਰ ਨਹੀਂ ਕੀਤਾ ਜਾਵੇਗਾ। ਹਿੰਦੂ ਧਰਮ ਦੁਆਰਾ ਬੌਧਿਕ ਪੱਧਰ 'ਤੇ ਕਿੰਨੇ ਵੀ ਉੱਚੇ ਸਿਧਾਂਤ ਐਲਾਨੇ ਜਾਣ, ਉਨ੍ਹਾਂ ਦਾ ਆਚਰਣ ਵਰਣ, ਜਾਤੀਵਾਦ, ਛੂਤ-ਛਾਤ ਵਰਗੀਆਂ ਅਸਮਾਨਤਾਵਾਂ ਨਾਲ ਭਰਿਆ ਹੋਇਆ ਹੈ। ਚਤੁਰਵਰਣ ਇਸਦੀ ਰੀੜ੍ਹ ਦੀ ਹੱਡੀ ਹੈ। ਇਸ ਲਈ, ਤੁਹਾਡੇ ਕੋਲ ਹਿੰਦੂ ਧਰਮ ਨੂੰ ਤਿਆਗਣ ਤੋਂ ਇਲਾਵਾ ਕੋਈ ਹੋਰ ਰਸਤਾ ਨਹੀਂ ਹੈ। ਜੇਕਰ ਤੁਸੀਂ ਬੋਧੀ ਹੋ, ਤਾਂ ਤੁਹਾਨੂੰ ਇਸ ਦੁਨੀਆਂ ਵਿੱਚ ਕੁਝ ਅਜਿਹੇ ਲੋਕ ਮਿਲਣਗੇ ਜੋ ਤੁਹਾਨੂੰ ਆਪਣਾ ਭਰਾ ਸਮਝਣਗੇ। ਅੱਜ ਅਸੀਂ ਆਪਣੇ ਦੇਸ਼ ਵਿੱਚ ਹੋ ਰਹੀ ਬੇਇਨਸਾਫ਼ੀ ਕਾਰਨ ਰੋ ਰਹੇ ਹਾਂ। ਪਰ ਸਾਨੂੰ ਕਿਤੇ ਵੀ ਕੋਈ ਹਮਦਰਦੀ ਵਾਲਾ ਸਮਰਥਨ ਨਹੀਂ ਮਿਲ ਰਿਹਾ ਹੈ। ਕਿਉਂਕਿ, ਬੇਇਨਸਾਫ਼ੀ ਕਰਨ ਵਾਲੇ ਸਾਰੇ ਲੋਕ ਹਿੰਦੂ ਹਨ ਅਤੇ ਇੱਥੇ ਰਾਜਸ਼ਾਹੀ ਆਪਣੀ ਮਰਜ਼ੀ ਅਨੁਸਾਰ ਕੰਮ ਕਰਦੀ ਹੈ। ਜੇਕਰ ਤੁਸੀਂ ਬੋਧੀ ਬਣ ਜਾਂਦੇ ਹੋ, ਤਾਂ ਵਿਦੇਸ਼ੀ ਬੋਧੀ ਤੁਹਾਨੂੰ ਆਪਣਾ ਭਰਾ ਸਮਝਣਗੇ। ਉਹ ਤੁਹਾਡੀ ਆਵਾਜ਼ ਦਾ ਜਵਾਬ ਦਿੱਤੇ ਬਿਨਾਂ ਨਹੀਂ ਰੁਕਣਗੇ।

ਮੈਂ ਪੰਜ ਮਿੰਟਾਂ ਵਿੱਚ ਆਪਣੇ ਜੀਵਨ ਦਾ ਸਿਧਾਂਤਕ ਜਾਂ ਦਾਰਸ਼ਨਿਕ ਆਧਾਰ, ਆਪਣੇ ਜੀਵਨ ਦਾ ਫਲਸਫਾ ਦੱਸਣਾ ਚਾਹੁੰਦਾ ਹਾਂ। ਮੈਂ ਦਰਸ਼ਨ ਦੇ ਸੰਦਰਭ ਨੂੰ ਸਮਾਜਿਕ ਦਰਸ਼ਨ ਵਜੋਂ ਲੈਂਦਾ ਹਾਂ। ਹਰ ਮਨੁੱਖ ਲਈ ਜੀਵਨ ਬਾਰੇ ਆਪਣਾ ਫਲਸਫਾ ਹੋਣਾ ਜ਼ਰੂਰੀ ਹੈ। ਮਨੁੱਖ ਲਈ ਆਪਣੇ ਸਹੀ ਵਿਵਹਾਰ ਲਈ ਇੱਕ ਮਾਪਦੰਡ ਹੋਣਾ ਜ਼ਰੂਰੀ ਹੈ ਅਤੇ ਉਹ ਮਾਪਦੰਡ ਉਸਦਾ ਜੀਵਨ ਦਾ ਫਲਸਫਾ ਹੈ। ਮੈਂ ਹਮੇਸ਼ਾ ਕਹਿੰਦਾ ਹਾਂ ਕਿ ਹਰ ਵਿਅਕਤੀ ਲਈ ਜੀਵਨ ਦਾ ਆਪਣਾ ਫਲਸਫਾ ਹੋਣਾ ਜ਼ਰੂਰੀ ਹੈ, ਕਿਉਂਕਿ ਇਸ ਦਰਸ਼ਨ ਦੀ ਮਦਦ ਨਾਲ ਉਹ ਸਮਝ ਸਕਦਾ ਹੈ ਕਿ ਉਹ ਸਹੀ ਕਰ ਰਿਹਾ ਹੈ ਜਾਂ ਗਲਤ। ਜਦੋਂ ਉਸਨੂੰ ਪਤਾ ਲੱਗੇਗਾ ਕਿ ਉਹ ਖੁਦ ਗਲਤ ਹੈ, ਤਾਂ ਹੀ ਉਸਨੂੰ ਆਪਣੇ ਦਰਸ਼ਨ ਦੀ ਮਦਦ ਨਾਲ ਆਪਣੀ ਤਰੱਕੀ ਪ੍ਰਾਪਤ ਕਰਨ ਦੀ ਜ਼ਿੰਮੇਵਾਰੀ ਦਾ ਅਹਿਸਾਸ ਹੋਵੇਗਾ। ਮੈਂ ਆਪਣੇ ਜੀਵਨ ਦਾ ਦਰਸ਼ਨ ਤੈਅ ਕਰ ਲਿਆ ਹੈ। ਅੱਜ ਮੈਂ ਉਸ ਦਰਸ਼ਨ ਦੇ ਨਾਸਤਿਕ ਅਤੇ ਈਸ਼ਵਰਵਾਦੀ ਦੋਵਾਂ ਪਹਿਲੂਆਂ ਨੂੰ ਸਪੱਸ਼ਟ ਕਰਨ ਜਾ ਰਿਹਾ ਹਾਂ। ਮੈਨੂੰ ਹਿੰਦੂਆਂ ਦਾ

"ਇਕੁਐਲਿਟੀ ਐਂਡ ਜਸਟਿਸ"
"Equality and Justice" ਸ੍ਵਤੰਤ੍ਰਤਾ, ਸਮਾਨਤਾ, ਭਾਈਚਾਰਾ
Rs- 100/month

ਨਾਸਤਿਕ ਦਰਸ਼ਨ ਪਸੰਦ ਨਹੀਂ ਹੈ ਜੋ ਸਾਂਖਯ ਦਰਸ਼ਨ ਦੇ ਤਿੰਨ ਗੁਣਾਂ 'ਤੇ ਅਧਾਰਤ ਹੈ ਅਤੇ ਭਗਵਦ ਗੀਤਾ ਵਿੱਚ ਵਿਸਤ੍ਰਿਤ ਹੈ। ਮੇਰੀ ਰਾਏ ਵਿੱਚ, ਇਹ ਰਿਸ਼ੀ ਕਪਿਲ ਦੇ ਦਰਸ਼ਨ ਦਾ ਇੱਕ ਘੋਰ ਵਿਗੜਿਆ ਰੂਪ ਹੈ। ਇਸਦੇ ਕਾਰਨ, ਜਾਤ ਪ੍ਰਣਾਲੀ ਅਤੇ ਵਰਗ ਅਸਮਾਨਤਾ ਦੀ ਪ੍ਰਣਾਲੀ ਹਿੰਦੂਆਂ ਦੇ ਸਮਾਜਿਕ ਜੀਵਨ ਦਾ ਇੱਕ ਬੁਨਿਆਦੀ ਨਿਯਮ ਬਣ ਗਈ ਹੈ। ਮੇਰੇ ਜੀਵਨ ਦੇ ਦਰਸ਼ਨ ਦਾ ਈਸ਼ਵਰਵਾਦੀ ਪਹਿਲੂ ਸਿਰਫ ਤਿੰਨ ਸ਼ਬਦਾਂ ਵਿੱਚ ਪ੍ਰਗਟ ਹੁੰਦਾ ਹੈ: ਆਜ਼ਾਦੀ, ਸਮਾਨਤਾ ਅਤੇ ਭਾਈਚਾਰਾ। ਕਿਸੇ ਨੂੰ ਵੀ ਇਹ ਨਹੀਂ ਸੋਚਣਾ ਚਾਹੀਦਾ ਕਿ ਮੈਂ ਆਪਣੇ ਜੀਵਨ ਦੇ ਦਰਸ਼ਨ ਨੂੰ ਫਰਾਂਸੀਸੀ ਕ੍ਰਾਂਤੀ ਤੋਂ ਉਧਾਰ ਲਿਆ ਹੈ। ਮੈਂ ਇਹ ਇੱਕ ਵਾਰ ਫਿਰ ਸਪੱਸ਼ਟ ਤੌਰ 'ਤੇ ਕਹਿੰਦਾ ਹਾਂ। ਮੇਰੇ ਦਰਸ਼ਨ ਦੀ ਜੜ੍ਹ ਰਾਜਨੀਤੀ ਵਿੱਚ ਨਹੀਂ, ਸਗੋਂ ਧਰਮ ਵਿੱਚ ਹੈ। ਮੈਂ ਇਸ ਦਰਸ਼ਨ ਨੂੰ ਆਪਣੇ ਗੁਰੂ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਤੋਂ ਸਵੀਕਾਰ ਕੀਤਾ ਹੈ।

ਮੈਂ ਤੁਹਾਨੂੰ ਨਿਮਰਤਾ ਨਾਲ ਦੱਸਣਾ ਚਾਹੁੰਦਾ ਹਾਂ ਕਿ, ਮੇਰੇ ਜੀਵਨ ਦੇ ਦਰਸ਼ਨ ਵਿੱਚ, ਆਜ਼ਾਦੀ ਦਾ ਇੱਕ ਵਿਸ਼ੇਸ਼ ਸਥਾਨ ਹੈ। ਪਰ ਇਸਦੇ ਨਾਲ ਹੀ, ਪਾਬੰਦੀਆਂ ਆਜ਼ਾਦੀ ਅਤੇ ਸਮਾਨਤਾ ਲਈ ਘਾਤਕ ਸਾਬਤ ਹੁੰਦੀਆਂ ਹਨ। ਮੇਰੇ ਫ਼ਲਸਫ਼ੇ ਵਿੱਚ, ਸਮਾਨਤਾ ਦਾ ਸਥਾਨ ਆਜ਼ਾਦੀ ਨਾਲੋਂ ਉੱਚਾ ਹੈ। ਇਸ ਦੇ ਬਾਵਜੂਦ, ਇਸ ਵਿੱਚ ਪੂਰੀ ਸਮਾਨਤਾ ਲਈ ਬਿਲਕੁਲ ਵੀ ਕੋਈ ਥਾਂ ਨਹੀਂ ਹੈ। ਕਿਉਂਕਿ ਅਸੀਮਤ ਸਮਾਨਤਾ ਆਜ਼ਾਦੀ ਦੇ ਵਜੂਦ ਲਈ ਸੰਕਟ ਪੈਦਾ ਕਰਦੀ ਹੈ ਅਤੇ ਇਹ ਜ਼ਰੂਰੀ ਹੈ ਕਿ ਆਜ਼ਾਦੀ ਲਈ ਇੱਕ ਥਾਂ ਹੋਵੇ।

ਮੇਰੇ ਫ਼ਲਸਫ਼ੇ ਵਿੱਚ, ਕਾਨੂੰਨ ਅਤੇ ਵਿਵਸਥਾ ਲਈ ਇੱਕ ਨਿਸ਼ਚਿਤ ਥਾਂ ਹੈ, ਸਿਰਫ਼ ਆਜ਼ਾਦੀ ਅਤੇ ਸਮਾਨਤਾ ਦੇ ਕਬਜ਼ੇ ਤੋਂ ਸੁਰੱਖਿਆ ਪ੍ਰਾਪਤ ਕਰਨ ਲਈ। ਹਾਲਾਂਕਿ, ਮੇਰੇ ਅਨੁਸਾਰ, ਕਾਨੂੰਨ ਦਾ ਸਥਾਨ ਬਹੁਤ ਮਾਮੂਲੀ ਹੈ। ਕਿਉਂਕਿ ਮੇਰਾ ਮੰਨਣਾ ਹੈ ਕਿ ਆਜ਼ਾਦੀ ਅਤੇ ਸਮਾਨਤਾ ਦੀ ਉਲੰਘਣਾ ਦੀ ਸਥਿਤੀ ਵਿੱਚ ਕਾਨੂੰਨ ਕੋਈ ਮਜ਼ਬੂਤ ਭੂਮਿਕਾ ਨਿਭਾ ਸਕਦਾ ਹੈ। ਮੈਂ ਭਾਈਚਾਰੇ ਨੂੰ ਸਭ ਤੋਂ ਉੱਚਾ ਸਥਾਨ ਦੇਣਾ ਚਾਹੁੰਦਾ ਹਾਂ।

ਬਾਕੀ ਦਾ ਭਾਗ ਕਲ੍ਹ

# ਬਸਪਾ ਨੇ ਪਟਿਆਲਾ ਵਿਖੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੀਤੀ ਸਮੀਖਿਆ ਮੀਟਿੰਗ, ਬਸਪਾ ਦਾ ਆਧਾਰ ਹੋ ਰਿਹਾ ਹੈ ਮਜਬੂਤ- ਮੇਜਰ ਸਿੰਘ ਟਿੱਬੀ ਜਿਲ੍ਹਾ ਪ੍ਰਧਾਨ

## ਅਜੀਤ ਸਿੰਘ ਭੈਣੀ ਇੰਚਾ. ਪੰਜਾਬ, ਲੈਕਚਰਾਰ ਅਮਰਜੀਤ ਸਿੰਘ ਝਲੂਰ ਜਰਨਲ ਸਕੱਤਰ ਪੰਜਾਬ, ਜੋਗਾ ਸਿੰਘ ਪਨੌਂਦੀਆਂ ਜਰਨਲ ਸਕੱਤਰ ਪੰਜਾਬ, ਬਲਦੇਵ ਮਹਿਰਾ ਵਾਈਸ ਪ੍ਰਧਾਨ ਪੰਜਾਬ ਨੇ ਮੀਟਿੰਗ ਨੂੰ ਕੀਤਾ ਸੰਬੋਧਨ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਪਟਿਆਲਾ ਜਗਤਾਰ ਸਿੰਘ ਰੇੜ੍ਹੇਵਾਲ -- ਬਹੁਜਨ ਸਮਾਜ ਪਾਰਟੀ ਵੱਲੋਂ ਪਟਿਆਲਾ ਦਿਹਾਤੀ ਅਤੇ ਸ਼ਹਿਰੀ ਪਟਿਆਲਾ , ਸਨੌਰ ਅਤੇ ਘਨੌਰ ਦੀ ਲੀਡਰਸ਼ਿਪ ਅਤੇ ਚਾਰੇ ਵਿਧਾਨ ਸਭਾਵਾਂ ਦੀ ਜ਼ਰੂਰੀ ਮੀਟਿੰਗ ਅੱਜ ਪਾਰਟੀ ਦੇ ਮੁੱਖ ਦਫਤਰ ਨੇੜੇ ਫਲਾਈਓਵਰ ਪਟਿਆਲਾ ਵਿਖੇ ਕੀਤੀ ਗਈ

ਭੈਣ ਕੁਮਾਰੀ ਮਾਇਆਵਤੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਧਾਨ ਸਭਾ ਕਮੇਟੀਆਂ ਨੂੰ ਚੁਸਤ ਦਰੁਸਤ ਕਰਨ ਲਈ ਅਹੁਦੇਦਾਰਾਂ ਦੇ ਕੰਮਾ ਦੀ ਸਮੀਖਿਆ ਕੀਤੀ ਗਈ। ਸਾਰੇ ਸਾਥੀਆਂ ਕੋਲੋਂ 5 ਮਈ ਦੀ ਸਮੀਖਿਆ ਮੀਟਿੰਗ ਵਿੱਚ ਦਿੱਤੇ ਗਏ ਟੀਚਿਆਂ ਵਿੱਚੋ ਕਿੰਨਾ ਕੰਮ ਪੂਰਾ ਕੀਤਾ ਜਾ ਚੁੱਕਿਆ ਹੈ ਦੀ ਸਮੀਖਿਆ ਕੀਤੀ ਗਈ।ਮੀਟਿੰਗ ਦੇ ਮੁੱਖ ਮਹਿਮਾਨ ਸ ਅਜੀਤ ਸਿੰਘ ਭੈਣੀ ਸੂਬਾ ਇੰਚਾਰਜ,ਸ ਬਲਦੇਵ ਸਿੰਘ ਮਹਿਰਾ ਸੂਬਾ ਮੀਤ ਪ੍ਰਧਾਨ ਅਤੇ ਸ, ਜੋਗਾ ਸਿੰਘ ਪਨੋਦੀਆ ਸੂਬਾ ਜਨਰਲ ਸਕੱਤਰ ਅਤੇ ਲੈਕਚਰਾਰ ਅਮਰਜੀਤ ਸਿੰਘ ਝਲੂਰ ਸੂਬਾ ਜਨਰਲ ਸਕੱਤਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।





ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੇਜ਼ਰ ਸਿੰਘ ਟਿੱਬੀ ਪ੍ਰਧਾਨ ਜ਼ਿਲਾ ਪਟਿਆਲਾ ਨੇ ਦੱਸਿਆ ਕਿ ਇਸ ਮੌਕੇ ਅਜੀਤ ਸਿੰਘ ਭੈਣੀ ਸੂਬਾ ਇੰਚਾਰਜ ਨੇ ਬੋਲਦਿਆਂ ਕਿਹਾ ਕਿ ਬਸਪਾ ਦੀ ਪੰਜਾਬ ਸੰਭਾਲੋ ਲਹਿਰ ਨੂੰ ਪੂਰੇ ਸੂਬੇ ਵਿਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸੇ ਕੜੀ ਤਹਿਤ 22 ਜੂਨ 2025 ਨੂੰ ਲੋਕ ਸਭਾ ਸੰਗਰੂਰ ਵਿਖੇ "ਪੰਜਾਬ ਸੰਭਾਲੋ ਮੁਹਿੰਮ ਤਹਿਤ" ਵਿਸ਼ਾਲ ਭਰਵੀਂ ਰੈਲੀ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਵਰਕਰਾਂ ਨੂੰ ਦੱਸਿਆ ਗਿਆ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਬਿਨਾਂ ਵਜ੍ਹਾ ਪੁਲਿਸ ਵੱਲੋਂ ਚੁੱਕ ਕੇ ਜੇਲ੍ਹ ਵਿਚ ਬੰਦ ਕੀਤਾ ਗਿਆ ਸੀ। ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਤੇ ਸੰਗਰੂਰ ਜਿਲ੍ਹੇ ਦੀ ਟੀਮ ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲਣ ਤੋਂ ਬਾਅਦ ਉਨ੍ਹਾਂ ਨੂੰ ਬਿਨਾਂ ਸ਼ਰਤ ਰਿਹਾਅ ਕਰਵਾਇਆ ਗਿਆ।ਇਸ ਕਰਕੇ ਪੰਜਾਬ ਦੇ ਲੋਕਾਂ ਦਾ ਪਾਰਟੀ ਪ੍ਰਤੀ ਵਿਸ਼ਵਾਸ ਵਧਿਆ ਹੈ।ਇਸ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਮਹਿਰਾ ਸੂਬਾ ਮੀਤ ਪ੍ਰਧਾਨ,ਸ ਜੋਗਾ ਸਿੰਘ ਪਨੋਦੀਆ ਸੂਬਾ ਜਨਰਲ ਸਕੱਤਰ,ਸ ਅਮਰਜੀਤ ਸਿੰਘ ਝਲੂਰ ਸੂਬਾ ਜਨਰਲ ਸਕੱਤਰ, ਅਤੇ ਚਾਰੇ ਵਿਧਾਨ ਸਭਾ ਦੇ ਪ੍ਰਧਾਨ ਅਤੇ ਜ਼ਿਲ੍ਹਾ ਕੋਆਰਡੀਨੇਟਰ ਨੇ ਸੰਬੋਧਨ ਕੀਤਾ। ਅੰਤ ਵਿੱਚ ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ ਨੇ ਆਪਣੇ ਵਿਚਾਰ ਰੱਖਦਿਆਂ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਸੂਬਾ ਲੀਡਰਸ਼ਿਪ ਨੂੰ ਪੰਜਾਬ ਸੰਭਾਲੋ ਰੈਲੀ ਨੂੰ ਸਫ਼ਲ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨ ਦਾ ਵਿਸ਼ਵਾਸ ਦਿਵਾਇਆ। ਮੀਟਿੰਗ ਵਿੱਚ ਸੁਰਜੀਤ ਸਿੰਘ ਗੋਰੀਆ ਇੰਚਾਰਜ ਦਿਹਾਤੀ ਪਟਿਆਲਾ ਅੰਗਰੇਜ਼ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਸਨੌਰ,ਐਡਵੋਕੇਟ ਜਸਪਾਲ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਘਨੌਰ ਸ ਗੁਰਮੀਤ ਸਿੰਘ ਬਹਾਦਰਗੜ੍ਹ ਜ਼ਿਲ੍ਹਾ ਕੈਸ਼ੀਅਰ,ਸ ਗੁਰਦਾਸ ਸਿੰਘ ਘੜਾਮਾ ਜ਼ਿਲ੍ਹਾ ਜਰਨਲ ਸਕੱਤਰ,ਸ ਬੰਤ ਸਿੰਘ ਆਈਂ ਟੀ ਉ ਜ਼ਿਲ੍ਹਾ ਕੋਆਰਡੀਨੇਟਰ,ਸ ਜਰਨੈਲ ਸਿੰਘ ਆਈ ਟੀ ਉ , ਰਵੀ ਬਾਲਮੀਕੀ ਪ੍ਰਧਾਨ ਦਿਹਾਤੀ, ਬਲਕਾਰ ਸਿੰਘ ਹਰਪਾਲਪੁਰ ਪ੍ਰਧਾਨ ਹਲਕਾ ਘਨੌਰ,ਲਾਲ ਚੰਦ ਪ੍ਰਧਾਨ ਸ਼ਹਿਰੀ, ਹਰਵਿੰਦਰ ਸਿੰਘ ਨਰੜੂ, ਜਗਤਾਰ ਸਿੰਘ ਭੱਟੀ ਸਾਬਕਾ ਪ੍ਰਧਾਨ ਪਟਿਆਲਾ ਦਿਹਾਤੀ,ਜਰਨੈਲ ਸਿੰਘ, ਜਗਮੇਲ ਸਿੰਘ ਜੱਸਲ ਦਫ਼ਤਰ ਸਕੱਤਰ,ਹਰਦੀਪ ਸਿੰਘ ਧਾਲੀਵਾਲ ਪ੍ਰਧਾਨ ਹਲਕਾ ਸਨੌਰ, ਗੁਰਮੱਖ ਸਿੰਘ ਪਟਿਆਲਾ,ਬਾਮਸੇਫ ਆਗੂ ਅਤੇ ਵੱਡੀ ਗਿਣਤੀ ਵਿਚ ਬਸਪਾ ਵਰਕਰ ਹਾਜ਼ਰ ਸਨ।

# ਅਮਰੀਕਾ ਵਿੱਚ ਵਿਦੇਸ਼ੀ ਵਿਦਿਆਰਥੀਆਂ ਲਈ ਪੜ੍ਹਨਾ ਮੁਸ਼ਕਲ ਹੋਇਆ ਤਾਂ ਇਹ ਦੇਸ਼ ਪੜ੍ਹਾਈ ਲਈ ਖੁੱਲ੍ਹਾ ਸੱਦਾ ਦੇ ਰਹੇ ਹਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com




ਡੋਨਲਡ ਟਰੰਪ ਦੀ ਸਰਕਾਰ ਅਮਰੀਕਾ ਲਈ ਵਿਦਿਆਰਥੀ ਵੀਜ਼ਾ ਲਈ ਮੁਲਾਕਾਤਾਂ ਨੂੰ ਅਸਥਾਈ ਤੌਰ 'ਤੇ ਰੋਕਣ ਦੀ ਯੋਜਨਾ ਬਣਾ ਰਹੀ ਹੈ ਅਤੇ ਇਸ ਨੂੰ ਲੈ ਕੇ ਭਾਰਤ ਸਣੇ ਦੁਨੀਆਂ ਭਰ ਦੇ ਵਿਦਿਆਰਥੀ ਚਿੰਤਾ ਤੇ ਦੁਚਿੱਤੀ ਵਿੱਚ ਹਨ।

ਬੀਬੀਸੀ ਦੇ ਅਮਰੀਕੀ ਭਾਈਵਾਲ ਸੀਬੀਐਸ ਦੁਆਰਾ ਦੇਖੇ ਗਏ ਇੱਕ ਅਧਿਕਾਰਤ ਮੈਮੋ ਵਿੱਚ ਅਪੁਆਇੰਟਮੈਂਟਸ 'ਤੇ ਅਸਥਾਈ ਤੌਰ 'ਤੇ ਰੋਕ ਲਗਾਉਣ ਦਾ ਆਦੇਸ਼ ਦਿੱਤਾ ਗਿਆ ਹੈ।

ਇਸ ਦੇ ਪਿੱਛੇ ਮੁੱਖ ਕਾਰਨ ਇਹ ਮੰਨਿਆ ਜਾ ਰਿਹਾ ਹੈ ਕਿ ਅਮਰੀਕੀ ਵਿਦੇਸ਼ ਵਿਭਾਗ, ਬਾਹਰੋਂ ਆਉਣ ਵਾਲੇ ਵਿਦਿਆਰਥੀਆਂ ਅਤੇ ਫੌਰਨ ਐਕਚੇਂਜ ਵੀਜ਼ਾ ਲਈ ਬਿਨੈਕਾਰਾਂ ਦੇ ਸੋਸ਼ਲ ਮੀਡੀਆ ਅਕਾਉਂਟਸ ਦੀ ਜਾਂਚ ਵਧਾਉਣ ਦੀ ਤਿਆਰੀ ਕਰ ਰਿਹਾ ਹੈ।

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇਸ਼ ਦੀਆਂ ਕੁਝ ਸਭ ਤੋਂ ਵੱਡੀਆਂ ਯੂਨੀਵਰਸਿਟੀਆਂ 'ਤੇ ਵਿਆਪਕ ਕਾਰਵਾਈ ਕਰ ਰਹੇ ਹਨ ਕਿਉਂਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਹ ਯੂਨੀਵਰਸਿਟੀਆਂ ਬਹੁਤ ਜ਼ਿਆਦਾ ਉਦਾਰਵਾਦੀ ਹਨ।

ਟਰੰਪ ਪ੍ਰਸ਼ਾਸਨ ਦੇ ਇਸ ਤਾਜ਼ਾ ਫੈਸਲੇ ਨੂੰ ਵੀ ਇਨ੍ਹਾਂ ਕਾਰਵਾਈਆਂ ਦਾ ਹਿੱਸਾ ਮੰਨਿਆ ਜਾ ਰਿਹਾ ਹੈ।

ਇਸੇ ਕਾਰਵਾਈ ਦੇ ਤਹਿਤ ਟਰੰਪ ਨੇ ਹਾਰਵਰਡ ਯੂਨੀਵਰਸਿਟੀ ਨੂੰ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਦਾਖਲਾ ਦੇਣ ਤੋਂ ਰੋਕਣ ਲਈ ਵੀ ਕਦਮ ਚੁੱਕਿਆ ਹੈ ਅਤੇ ਨਾਲ ਹੀ ਇਲਜ਼ਾਮ ਲਗਾਇਆ ਗਿਆ ਹੈ ਅਦਾਰੇ ਨੇ ਕੈਂਪਸ ਵਿੱਚ ਯਹੂਦੀਆਂ ਦੇ ਵਿਰੋਧ ਦਾ ਮੁਕਾਬਲਾ ਕਰਨ ਲਈ ਉਚਿਤ ਢੰਗ ਨਾਲ ਕੰਮ ਨਹੀਂ ਕੀਤਾ।

ਇਸਦੇ ਜਵਾਬ ਵਿੱਚ, ਹਾਰਵਰਡ ਨੇ ਮੁਕੱਦਮਾ ਦਾਇਰ ਕੀਤਾ ਹੈ ਅਤੇ ਇੱਕ ਜੱਜ ਨੇ ਟਰੰਪ ਦੀ ਪਾਬੰਦੀ ਨੂੰ ਫਿਲਹਾਲ ਲਈ ਰੋਕ ਦਿੱਤਾ ਹੈ।

## ਕਿਹੜੇ ਵਿਦਿਆਰਥੀ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ?

ਓਪਨ ਡੋਰਸ, ਇੱਕ ਸੰਗਠਨ ਹੈ ਜੋ ਵਿਦੇਸ਼ੀ ਵਿਦਿਆਰਥੀਆਂ ਦਾ ਡੇਟਾ ਇਕੱਠਾ ਕਰਦਾ ਹੈ। ਇਸਦੇ ਅਨੁਸਾਰ, 2023-24 ਸਕੂਲੀ ਸਾਲ ਵਿੱਚ 210 ਤੋਂ ਵੱਧ ਦੇਸ਼ਾਂ ਦੇ 1.1 ਮਿਲੀਅਨ ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀਆਂ ਨੇ ਅਮਰੀਕੀ ਕਾਲਜਾਂ ਵਿੱਚ ਦਾਖਲਾ ਲਿਆ ਸੀ।

ਓਪਨ ਡੋਰਸ ਦੇ ਅਨੁਸਾਰ, ਪਿਛਲੇ ਸਾਲ ਅਮਰੀਕਾ ਵਿੱਚ ਪੜ੍ਹਨ ਵਾਲੇ ਸਭ ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀ ਭਾਰਤ ਤੋਂ ਆਏ ਸਨ, ਜੋ ਕਿ 330,000 ਤੋਂ ਵੱਧ ਸਨ।

ਦੂਜੇ ਨੰਬਰ 'ਤੇ ਹਨ ਚੀਨ ਤੋਂ ਆਏ ਵਿਦਿਆਰਥੀ, ਜੋ ਲਗਭਗ 280,000 ਸਨ। ਇਸ ਤੋਂ ਬਾਅਦ ਦੱਖਣੀ ਕੋਰੀਆ, ਕੈਨੇਡਾ, ਤਾਇਵਾਨ, ਵੀਅਤਨਾਮ, ਨਾਈਜੀਰੀਆ, ਬੰਗਲਾਦੇਸ਼, ਬ੍ਰਾਜ਼ੀਲ ਅਤੇ ਨੇਪਾਲ ਦਾ ਨੰਬਰ ਦੇ ਵਿਦਿਆਰਥੀ ਹਨ।

ਹਾਲਾਂਕਿ, ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਬੁੱਧਵਾਰ ਨੂੰ ਕਿਹਾ ਹੈ ਕਿ ਟਰੰਪ ਪ੍ਰਸ਼ਾਸਨ "ਚੀਨੀ ਵਿਦਿਆਰਥੀਆਂ ਲਈ ਜ਼ੋਰਦਾਰ ਢੰਗ ਨਾਲ ਵੀਜ਼ਾ ਰੱਦ ਕਰੇਗਾ, ਜਿਨ੍ਹਾਂ ਵਿੱਚ ਚੀਨੀ ਕਮਿਊਨਿਸਟ ਪਾਰਟੀ ਨਾਲ ਸਬੰਧ ਰੱਖਣ ਵਾਲੇ ਜਾਂ ਜਟਿਲ ਵਿਸ਼ਿਆਂ ਸਬੰਧੀ ਪੜ੍ਹਾਈ ਕਰਨ ਵਾਲੇ ਵਿਦਿਆਰਥੀ ਵੀ ਸ਼ਾਮਲ ਹਨ।"

ਯੋਜਨਾ ਦੇ ਹਿੱਸੇ ਵਜੋਂ, ਚੀਨ ਅਤੇ ਹਾਂਗਕਾਂਗ ਦੇ ਭਵਿੱਖ ਦੇ ਵੀਜ਼ਾ ਬਿਨੈਕਾਰਾਂ ਦੀ "ਜਾਂਚ ਵਧਾਉਣ" ਲਈ ਮਾਪਦੰਡਾਂ ਨੂੰ ਵੀ ਸੋਧਿਆ ਜਾਵੇਗਾ।

ਇਹ ਸਪਸ਼ਟ ਨਹੀਂ ਹੈ ਕਿ ਅਮਰੀਕਾ ਵਿੱਚ ਪਹਿਲਾਂ ਤੋਂ ਪੜ੍ਹ ਰਹੇ ਕਿੰਨੇ ਚੀਨੀ ਵਿਦਿਆਰਥੀ ਇਸ ਤੋਂ ਪ੍ਰਭਾਵਿਤ ਹੋ ਸਕਦੇ ਹਨ।

ਚੀਨ ਨੇ ਕਿਹਾ ਕਿ ਉਹ ਇਸ ਕਦਮ ਦਾ "ਸਖ਼ਤ ਵਿਰੋਧ" ਕਰਦਾ ਹੈ, ਅਤੇ ਅਮਰੀਕਾ ਨੂੰ ਹੋਰ ਰਚਨਾਤਮਕ ਸਬੰਧਾਂ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ।

ਟਰੰਪ ਪ੍ਰਸ਼ਾਸਨ ਪਹਿਲਾਂ ਹੀ ਕਈ ਵਿਦੇਸ਼ੀ ਵਿਦਿਆਰਥੀਆਂ ਨੂੰ ਦੇਸ਼ ਨਿਕਾਲਾ ਦੇਣ ਲਈ ਅੱਗੇ ਵਧ ਚੁੱਕਾ ਹੈ, ਜਦਕਿ ਹੋਰਨਾਂ ਹਜ਼ਾਰਾਂ ਦੇ ਵੀਜ਼ੇ ਰੱਦ ਕਰ ਰਿਹਾ ਹੈ।

ਮਾਰਚ ਦੇ ਅੰਤ ਵਿੱਚ, ਰੂਬੀਓ ਨੇ ਕਿਹਾ ਸੀ ਕਿ ਅਮਰੀਕਾ ਨੇ ਰਾਸ਼ਟਰਪਤੀ ਡੋਨਲਡ ਟਰੰਪ ਦੇ ਯੂਨੀਵਰਸਿਟੀ ਕੈਂਪਸਾਂ ਵਿੱਚ ਫਲਸਤੀਨ ਪੱਖੀ ਪ੍ਰਦਰਸ਼ਨਕਾਰੀਆਂ 'ਤੇ ਸ਼ਿਕੰਜਾ ਕੱਸਣ ਦੇ ਯਤਨਾਂ ਦੇ ਹਿੱਸੇ ਵਜੋਂ ਘੱਟੋ-ਘੱਟ 300 ਵਿਦੇਸ਼ੀ ਵਿਦਿਆਰਥੀਆਂ ਦੇ ਵੀਜ਼ੇ ਰੱਦ ਕਰ ਦਿੱਤੇ ਹਨ। ਹਾਲਾਂਕਿ, ਰੂਬੀਓ ਨੇ ਇਹ ਬਿਲਕੁਲ ਨਹੀਂ ਦੱਸਿਆ ਸੀ ਕਿ ਉਹ ਕਿਹੜੇ ਦੇਸ਼ਾਂ ਤੋਂ ਸਨ।

ਬੁੱਧਵਾਰ ਨੂੰ, ਹਾਰਵਰਡ ਨੇ ਇੱਕ ਅਦਾਲਤ ਵਿੱਚ ਦਾਇਰ ਕੀਤੀ ਗਈ ਫਾਈਲਿੰਗ ਵਿੱਚ ਕਿਹਾ ਕਿ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਮੇਜ਼ਬਾਨੀ ਕਰਨ ਲਈ ਇਸਦੇ ਪ੍ਰਮਾਣੀਕਰਣ ਨੂੰ ਰੱਦ ਕਰਨ ਨਾਲ ਯੂਨੀਵਰਸਿਟੀ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਹੋ ਸਕਦਾ ਹੈ।

ਅਦਾਲਤੀ ਪ੍ਰਸਤਾਵ ਦੇ ਨਾਲ ਦਾਇਰ ਇੱਕ ਘੋਸ਼ਣਾ ਵਿੱਚ, ਹਾਰਵਰਡ ਦੇ ਅੰਤਰਰਾਸ਼ਟਰੀ ਦਫਤਰ ਦੇ ਨਿਰਦੇਸ਼ਕ ਮੌਰੀਨ ਮਾਰਟਿਨ ਨੇ ਕਿਹਾ ਕਿ ਇਹ ਕਦਮ ਵਿਦਿਆਰਥੀਆਂ ਅਤੇ ਸਕਾਲਰਾਂ ਲਈ "ਮਹੱਤਵਪੂਰਨ ਭਾਵਨਾਤਮਕ ਪਰੇਸ਼ਾਨੀ" ਦਾ ਕਾਰਨ ਬਣ ਰਿਹਾ ਹੈ।

ਉਨ੍ਹਾਂ ਲਿਖਿਆ ਕਿ ਵਿਦਿਆਰਥੀ ਗ੍ਰੈਜੂਏਸ਼ਨ ਸਮਾਰੋਹਾਂ ਵਿੱਚ ਸ਼ਾਮਲ ਹੋਣ ਤੋਂ ਗੁਰੇਜ਼ ਕਰ ਰਹੇ ਹਨ, ਅੰਤਰਰਾਸ਼ਟਰੀ ਯਾਤਰਾ ਰੱਦ ਕਰ ਰਹੇ ਸਨ ਅਤੇ ਕੁਝ ਮਾਮਲਿਆਂ ਵਿੱਚ ਤਾਂ ਦੂਜੇ ਕਾਲਜਾਂ ਵਿੱਚ ਟ੍ਰਾਂਸਫਰ ਦੀ ਮੰਗ ਕਰ ਰਹੇ ਸਨ।

ਅਦਾਲਤੀ ਫਾਈਲਿੰਗ ਦੇ ਅਨੁਸਾਰ, ਕੁਝ ਵਿਦਿਆਰਥੀਆਂ ਨੂੰ ਡਰ ਹੈ ਕਿ ਉਨ੍ਹਾਂ ਨੂੰ ਉਨ੍ਹਾਂ ਦੇਸ਼ਾਂ ਵਿੱਚ ਵਾਪਸ ਜਾਣ ਲਈ ਮਜਬੂਰ ਕੀਤਾ ਜਾਵੇਗਾ, ਜਿੱਥੇ ਉਨ੍ਹਾਂ ਨੂੰ ਸਰਗਰਮ ਟਕਰਾਅ ਜਾਂ ਸਿਆਸੀ ਅਤਿਆਚਾਰ ਦਾ ਸਾਹਮਣਾ ਕਰਨਾ ਪੈਂਦਾ ਹੈ।

ਪ੍ਰੋਫੈਸਰ ਐਮਰੀਟਸ ਵਿਲੀਅਮ ਬਰਸਟਾਈਨ, ਵੈਸਟ ਵਰਜੀਨੀਆ ਯੂਨੀਵਰਸਿਟੀ ਅਤੇ ਪਿਟਸਬਰਗ ਯੂਨੀਵਰਸਿਟੀ ਦੋਵਾਂ ਨਾਲ ਸੰਬੰਧਿਤ ਹਨ ਅਤੇ ਉੱਚ ਅੰਤਰਰਾਸ਼ਟਰੀ ਸਿੱਖਿਆ ਲਈ ਇੱਕ ਗਲੋਬਲ ਰਣਨੀਤੀਕਾਰ ਹਨ। ਉਹ ਕਹਿੰਦੇ ਹਨ ਕਿ ਅਮਰੀਕਾ 'ਤੇ ਵੀ ਇਸਦਾ ਪ੍ਰਭਾਵ ਗੰਭੀਰ ਹੋਵੇਗਾ।

ਪ੍ਰੋਫੈਸਰ ਐਮਰੀਟਸ ਮੁਤਾਬਕ, "ਹਾਰਵਰਡ ਇਸ ਨੂੰ ਝੱਲ ਲਵੇਗਾ। ਮੇਰਾ ਮਤਲਬ ਹੈ ਕਿ ਇਹ ਮੁਸ਼ਕਲ ਹੋਵੇਗਾ ਪਰ ਮੈਨੂੰ ਚਿੰਤਾ ਸਾਡੀਆਂ ਪਬਲਿਕ ਯੂਨੀਵਰਸਿਟੀਆਂ ਦੀ ਹੈ ਜੋ ਟਿਊਸ਼ਨ ਅਤੇ ਫੀਸਾਂ ਤੋਂ ਹੋਣ ਵਾਲੇ ਮਾਲੀਏ ਕਾਰਨ ਅੰਤਰਰਾਸ਼ਟਰੀ ਵਿਦਿਆਰਥੀਆਂ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੀਆਂ ਹਨ।"

ਉਨ੍ਹਾਂ ਅੱਗੇ ਕਿਹਾ, "ਅਤੇ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਸਾਡੇ ਕੈਂਪਸਾਂ ਵਿੱਚ ਵੱਖਰੇ ਮੁੱਦਿਆਂ 'ਤੇ ਵਿਭਿੰਨ ਦ੍ਰਿਸ਼ਟੀਕੋਣ ਲਿਆਉਣ ਦੀ ਯੋਗਤਾ, ਅਸਲ ਪ੍ਰਭਾਵ ਇਸ 'ਤੇ ਪਵੇਗਾ।"

## ਵਿਦਿਆਰਥੀਆਂ ਕੋਲ ਹੋਰ ਬਦਲ ਕਿਹੜੇ ਹਨ?

ਹਾਲ ਹੀ ਦੇ ਸਾਲਾਂ ਵਿੱਚ ਕੈਨੇਡਾ, ਯੂਨਾਈਟਿਡ ਕਿੰਗਡਮ ਅਤੇ ਆਸਟ੍ਰੇਲੀਆ ਨੇ ਵੀ ਵਿਦੇਸ਼ੀ ਵਿਦਿਆਰਥੀਆਂ ਦਾ ਇੱਕ ਮਹੱਤਵਪੂਰਨ ਹਿੱਸਾ ਆਪਣੇ ਵੱਲ ਆਕਰਸ਼ਿਤ ਕੀਤਾ ਹੈ।

ਪਰ ਇਮੀਗ੍ਰੇਸ਼ਨ ਕਾਨੂੰਨਾਂ ਵਿੱਚ ਨਾਟਕੀ ਤਬਦੀਲੀਆਂ ਦੇ ਨਤੀਜੇ ਵਜੋਂ ਹਾਲ ਹੀ ਵਿੱਚ ਵਿਦਿਆਰਥੀਆਂ ਦੀ ਸੰਖਿਆ ਵਿੱਚ ਕਾਫ਼ੀ ਗਿਰਾਵਟ ਆਈ ਹੈ।

ਕੈਨੇਡਾ ਨੇ ਵਿਦੇਸ਼ੀ ਵਿਦਿਆਰਥੀਆਂ ਦੀ ਗਿਣਤੀ ਘਟਾਉਣ ਲਈ ਵਚਨਬੱਧ ਹੈ। ਮਿਸਾਲ ਵਜੋਂ, ਵਿਦੇਸ਼ੀ ਵਿਦਿਆਰਥੀਆਂ ਲਈ ਫੰਡਾਂ ਦੇ ਸਬੂਤ ਪੇਸ਼ ਕਰਨ ਸਬੰਧੀ ਜ਼ਰੂਰਤਾਂ ਵਿੱਚ ਮਹੱਤਵਪੂਰਨ ਵਾਧਾ ਕੀਤਾ ਗਿਆ ਹੈ। ਇਹ ਇਮੀਗ੍ਰੇਸ਼ਨ ਨੂੰ ਸੀਮਤ ਕਰਨ ਦੀਆਂ ਉਨ੍ਹਾਂ ਦੀਆਂ ਕੋਸ਼ਿਸ਼ਾਂ ਦਾ ਹਿੱਸਾ ਹੈ।

ਯੂਕੇ, ਜਿੱਥੇ ਆਕਸਫੋਰਡ ਅਤੇ ਕੈਂਬਰਿਜ ਯੂਨੀਵਰਸਿਟੀਆਂ ਵਰਗੀਆਂ ਵੱਕਾਰੀ ਸੰਸਥਾਵਾਂ ਹਨ, ਉਹ ਵੀ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਮੌਕਿਆਂ ਨੂੰ ਸੀਮਿਤ ਕਰ ਰਹੇ ਹਨ।

ਵਿਦਿਆਰਥੀ ਵੀਜ਼ਾ ਪਾਬੰਦੀਆਂ ਜਨਵਰੀ 2024 ਵਿੱਚ ਲਾਗੂ ਹੋਈਆਂ ਹਨ, ਜਿਸਦਾ ਮਤਲਬ ਹੈ ਕਿ ਪੋਸਟ ਗ੍ਰੈਜੂਏਟ ਵਿਦਿਆਰਥੀ ਹੁਣ ਆਪਣੇ (ਉਨ੍ਹਾਂ 'ਤੇ ਨਿਰਭਰ) ਪਰਿਵਾਰਕ ਮੈਂਬਰਾਂ ਨੂੰ ਯੂਕੇ ਨਹੀਂ ਲਿਆ ਸਕਦੇ ਅਤੇ ਨਵੇਂ ਵਿਦਿਆਰਥੀਆਂ ਨੂੰ ਆਪਣੇ ਕੋਰਸਾਂ ਦੀ ਸਮਾਪਤੀ ਤੋਂ ਪਹਿਲਾਂ ਵਰਕ ਵੀਜ਼ਾ 'ਤੇ ਜਾਣ ਤੋਂ ਰੋਕ ਦਿੱਤਾ ਗਿਆ ਹੈ।

ਆਸਟ੍ਰੇਲੀਆ, ਦੁਨੀਆਂ ਦੇ ਸਭ ਤੋਂ ਵੱਡੇ ਅੰਤਰਰਾਸ਼ਟਰੀ ਵਿਦਿਆਰਥੀ ਬਾਜ਼ਾਰਾਂ ਵਿੱਚੋਂ ਇੱਕ ਹੈ, ਨੇ ਵੀ ਵਿਦੇਸ਼ੀ ਬਿਨੈਕਾਰਾਂ ਦੀ ਗਿਣਤੀ 'ਤੇ ਇੱਕ ਸੀਮਾ ਪੇਸ਼ ਕੀਤੀ ਹੈ। ਭਾਵ ਉਹ ਹੁਣ ਇੱਕ ਸੀਮਾ ਤੱਕ ਹੀ ਅਰਜ਼ੀਆਂ ਸਵੀਕਾਰ ਕਰਨਗੇ, ਕਿਉਂਕਿ ਆਸਟ੍ਰੇਲੀਆ ਦੀ ਕੋਸ਼ਿਸ਼ ਹੈ ਕਿ ਸਮੁੱਚੇ ਇਮੀਗ੍ਰੇਸ਼ਨ ਨੂੰ ਮਹਾਂਮਾਰੀ ਤੋਂ ਪਹਿਲਾਂ ਦੇ ਪੱਧਰ ਤੱਕ ਘਟਾ ਦਿੱਤਾ ਜਾਵੇ।

ਪ੍ਰੋਫੈਸਰ ਐਮਰੀਟਸ ਕਹਿੰਦੇ ਹਨ ਕਿ ਇਸਦਾ ਇੱਕ ਨਤੀਜਾ ਇਹ ਹੋ ਸਕਦਾ ਹੈ ਕਿ ਜਿਵੇਂ ਵੱਧ ਤੋਂ ਵੱਧ ਦੇਸ਼ ਆਪਣੇ ਸਿੱਖਿਆ ਪ੍ਰਣਾਲੀਆਂ ਵਿੱਚ ਨਿਵੇਸ਼ ਕਰਨ ਦੀ ਚੋਣ ਕਰਦੇ ਹਨ, ਵਿਦਿਆਰਥੀ ਵੀ ਘਰ 'ਚ (ਦੇਸ਼ 'ਚ) ਹੀ ਰਹਿਣ ਦੀ ਚੋਣ ਕਰਨ। ਪਰ ਹੋ ਸਕਦਾ ਹੈ ਕਿ ਉਨ੍ਹਾਂ ਨੂੰ ਅਜਿਹਾ ਕਰਨ ਦੀ ਲੋੜ ਨਾ ਪਵੇ।

## ਹੋਰ ਦੇਸ਼ ਕੀ ਪੇਸ਼ਕਸ਼ ਦੇ ਰਹੇ ਹਨ?

ਅਮਰੀਕਾ ਵਿੱਚ ਹਾਲ ਹੀ ਦੀਆਂ ਤਬਦੀਲੀਆਂ ਨੂੰ ਬਹੁਤ ਸਾਰੀਆਂ ਯੂਨੀਵਰਸਿਟੀਆਂ ਲਈ ਇੱਕ ਮੌਕੇ ਵਜੋਂ ਦੇਖਿਆ ਜਾ ਰਿਹਾ ਹੈ ਕਿਉਂਕਿ ਉਹ ਆਪਣੇ ਫੰਡਿੰਗ ਦੇ ਇੱਕ ਮਹੱਤਵਪੂਰਨ ਹਿੱਸੇ ਲਈ ਵਿਦੇਸ਼ੀ ਵਿਦਿਆਰਥੀਆਂ 'ਤੇ ਨਿਰਭਰ ਕਰਦੇ ਹਨ, ਜੋ ਕਿ ਉਨ੍ਹਾਂ ਨੂੰ ਵਿਦੇਸ਼ੀ ਵਿਦਿਆਰਥੀਆਂ ਦੀਆਂ ਉੱਚ ਟਿਊਸ਼ਨ ਫੀਸਾਂ ਤੋਂ ਮਿਲਦਾ ਹੈ।

ਹਾਂਗ ਕਾਂਗ ਦੇ ਮੁੱਖ ਕਾਰਜਕਾਰੀ, ਜੌਨ ਲੀਅ ਨੇ ਕਿਹਾ ਹੈ ਕਿ ਹਾਂਗ ਕਾਂਗ ਉਨ੍ਹਾਂ ਸਾਰੇ ਵਿਦਿਆਰਥੀਆਂ ਦਾ "ਸਵਾਗਤ" ਕਰੇਗਾ ਜਿਨ੍ਹਾਂ ਨਾਲ "ਅਮਰੀਕੀ ਨੀਤੀ ਦੁਆਰਾ ਵਿਤਕਰਾ ਕੀਤਾ ਗਿਆ ਹੈ, ਜਿਨ੍ਹਾਂ ਨੂੰ ਪੜ੍ਹਾਈ ਕਰਨ ਜਾਂ ਅਮਰੀਕੀ ਯੂਨੀਵਰਸਿਟੀਆਂ ਵਿੱਚ ਆਪਣੀ ਪੜ੍ਹਾਈ ਜਾਰੀ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਨ੍ਹਾਂ ਕਿਹਾ, "ਜੋ ਹਾਂਗ ਕਾਂਗ ਵਿੱਚ ਆਪਣੀ ਪੜ੍ਹਾਈ ਜਾਰੀ ਰੱਖਣਾ ਚੁਣਦੇ ਹਨ, ਸਰਕਾਰੀ ਅਤੇ ਤੀਜੇ ਦਰਜੇ ਦੀਆਂ ਸਥਾਨਕ ਸੰਸਥਾਵਾਂ ਉਨ੍ਹਾਂ ਲਈ ਵਧੀਆ ਤੋਂ ਵਧੀਆ ਸਹਾਇਤਾ ਅਤੇ ਪ੍ਰਬੰਧ ਪ੍ਰਦਾਨ ਕਰਨਗੀਆਂ।"

ਏਸ਼ੀਆ ਦੀਆਂ ਹੋਰ ਸੰਸਥਾਵਾਂ, ਜਿਵੇਂ ਮਲੇਸ਼ੀਆ ਵਿੱਚ ਸਨਵੇ ਯੂਨੀਵਰਸਿਟੀ ਸਮੇਤ ਕਈ ਹੋਰ ਅਦਾਰਿਆਂ ਨੇ ਵੀ ਵਿਦੇਸ਼ੀ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਹੈ।

ਲਿੰਕਡਇਨ 'ਤੇ ਇਸ ਸਮੂਹ ਦੀ ਸੀਈਓ ਐਲਿਜ਼ਾਬੈਥ ਲੀਅ ਨੇ ਲਿਖਿਆ, "ਸਾਡੀ ਐਰੀਜ਼ੋਨਾ ਸਟੇਟ ਯੂਨੀਵਰਸਿਟੀ (ਏਐਸਯੂ) ਨਾਲ ਇੱਕ ਭਾਈਵਾਲੀ ਹੈ ਜਿੱਥੇ ਅਸੀਂ ਹਾਰਵਰਡ ਵਿੱਚ ਪ੍ਰਾਪਤ ਕੀਤੇ ਤੁਹਾਡੇ ਸਾਰੇ ਕ੍ਰੈਡਿਟ ਨੂੰ ਏਐਸਯੂ ਟ੍ਰਾਂਸਫਰ ਕਰਨ ਲਈ ਕੰਮ ਕਰ ਸਕਦੇ ਹਾਂ ਜਾਂ ਇੱਥੋਂ ਤੱਕ ਕਿ ਸਾਡੇ ਆਪਣੇ ਕਿਸੇ ਵੀ ਸਨ-ਯੂ ਡਿਗਰੀ ਪ੍ਰੋਗਰਾਮਾਂ ਵਿੱਚ ਟ੍ਰਾਂਸਫਰ ਕਰਨ 'ਤੇ ਕੰਮ ਕਰ ਸਕਦੇ ਹਾਂ ਜੋ ਤੁਹਾਨੂੰ ਲੈਂਕੈਸਟਰ ਯੂਨੀਵਰਸਿਟੀ ਤੋਂ ਵਾਧੂ ਬ੍ਰਿਟਿਸ਼ ਪ੍ਰਮਾਣੀਕਰਣ ਵੀ ਪ੍ਰਾਪਤ ਕਰਵਾ ਸਕਦਾ ਹੈ।"

ਯੂਰਪ ਵਿੱਚ, ਜਰਮਨੀ ਉਨ੍ਹਾਂ ਵਿਦਿਆਰਥੀਆਂ ਲਈ ਪਸੰਦੀਦਾ ਬਣਦਾ ਜਾ ਰਿਹਾ ਹੈ ਜੋ ਅਮਰੀਕਾ ਤੋਂ ਬਾਹਰ ਬਦਲ ਦੀ ਭਾਲ ਕਰ ਰਹੇ ਹਨ।

ਜਰਮਨ ਅਕਾਦਮਿਕ ਐਕਸਚੇਂਜ ਸੇਵਾ (DAAD) ਦੇ ਅਨੁਮਾਨਾਂ ਅਨੁਸਾਰ, ਦੇਸ਼ ਵਿੱਚ 2025 ਵਿੱਚ 400,000 ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀ ਪੜ੍ਹਨ ਲਈ ਪਹੁੰਚੇ ਹਨ।

ਪਿਛਲੇ ਸਾਲ ਮਾਰਚ ਵਿੱਚ, ਜਰਮਨੀ ਨੇ ਯੂਰਪੀ ਸੰਘ ਤੋਂ ਬਾਹਰਲੇ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਹਫ਼ਤੇ ਵਿੱਚ 20 ਘੰਟੇ ਤੱਕ ਕੰਮ ਕਰਨ ਦੀ ਆਗਿਆ ਦੇਣ ਲਈ ਨਵੇਂ ਪ੍ਰਸਤਾਵ ਵੀ ਪੇਸ਼ ਕੀਤੇ ਹਨ, ਜਦਕਿ ਪਹਿਲਾਂ ਸਿਰਫ਼ ਦਸ ਘੰਟਿਆਂ ਦੀ ਆਗਿਆ ਮਿਲਦੀ ਸੀ।

ਇਸਦੇ ਨਾਲ ਹੀ, ਜਰਮਨੀ ਨੇ ਵੀ ਵਿਦੇਸ਼ੀ ਵਿਦਿਆਰਥੀਆਂ ਲਈ ਫੰਡਾਂ ਦੇ ਸਬੂਤ ਦੀਆਂ ਸ਼ਰਤਾਂ ਵਿੱਚ ਵੀ ਵਾਧਾ ਕੀਤਾ ਹੈ, ਪਰ ਇਹ ਵਾਧਾ ਓਨਾ ਨਾਟਕੀ ਨਹੀਂ ਹੈ, ਜਿਹੋ ਜਿਹਾ ਕੈਨੇਡਾ ਅਤੇ ਆਸਟ੍ਰੇਲੀਆ ਨੇ ਕੀਤਾ ਹੈ।

ਪ੍ਰੋਫੈਸਰ ਐਮਰੀਟਸ ਕਹਿੰਦੇ ਹਨ ਕਿ ਪਿਛਲੇ 15 ਸਾਲਾਂ ਵਿੱਚ ਉੱਚ ਸਿੱਖਿਆ ਦਾ ਗਲੋਬਲ ਬਾਜ਼ਾਰ ਬੁਨਿਆਦੀ ਤੌਰ 'ਤੇ ਬਦਲ ਗਿਆ ਹੈ, ਇਸ ਲਈ ਹੁਣ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਵਿਚਾਰ ਕਰਨ ਲਈ ਬਹੁਤ ਸਾਰੇ ਬਦਲ ਅਤੇ ਸਥਾਨ ਹਨ।

ਉਹ ਕਹਿੰਦੇ ਹਨ, "ਮਲੇਸ਼ੀਆ ਵਿੱਚ ਬਹੁਤ ਸਾਰੀਆਂ ਉੱਚ ਪੱਧਰੀ ਯੂਨੀਵਰਸਿਟੀਆਂ ਹਨ। ਮੈਨੂੰ ਲੱਗਦਾ ਹੈ ਕਿ ਆਸਟ੍ਰੇਲੀਆ ਅਜੇ ਵੀ ਇੱਕ ਆਪਸ਼ਨ ਹੈ। ਫਰਾਂਸ ਵਿੱਚ, ਅਜਿਹੇ ਚੋਟੀ ਦੇ ਪ੍ਰੋਫੈਸਰਾਂ ਨੂੰ ਖਿੱਚਣ ਲਈ ਪੈਸਾ ਅਲਾਟ ਕੀਤਾ ਜਾ ਰਿਹਾ ਹੈ ਜੋ ਅਮਰੀਕਾ ਛੱਡਣ ਬਾਰੇ ਵਿਚਾਰ ਕਰ ਰਹੇ ਹਨ।"

"ਇਸ ਲਈ ਮੈਨੂੰ ਲੱਗਦਾ ਹੈ ਕਿ ਯੂਰਪ ਅਜੇ ਵੀ ਖੇਡ ਵਿੱਚ ਬਣਿਆ ਹੋਇਆ ਹੈ। ਪਰ ਮੇਰੇ ਸਾਰਾ ਧਿਆਨ ਪੂਰਬੀ ਅਤੇ ਦੱਖਣ-ਪੂਰਬੀ ਏਸ਼ੀਆ ਵਿੱਚ ਕੀ ਹੋ ਰਿਹਾ ਹੈ ਇਸ 'ਤੇ ਹੈ ਕਿਉਂਕਿ ਇਹ ਦੁਨੀਆਂ ਦਾ ਸਭ ਤੋਂ ਐਕਟਿਵ ਖੇਤਰ ਹੈ।"

## ਕੀ ਵਿਦਿਆਰਥੀ ਵਿਦੇਸ਼ ਵਿੱਚ ਕਿਸੇ ਹੋਰ ਬ੍ਰਾਂਚ ਵਿੱਚ ਟ੍ਰਾਂਸਫਰ ਲੈ ਸਕਦੇ ਹਨ?

ਪ੍ਰੋਫੈਸਰ ਐਮਰੀਟਸ ਉਮੀਦ ਕਰਦੇ ਹਨ ਕਿ 'ਬ੍ਰਾਂਚ-ਕੈਂਪਸ' ਦਾ ਵਿਚਾਰ ਹੁਣ ਵਧੇਰੇ ਪ੍ਰਸਿੱਧ ਹੋ ਜਾਵੇਗਾ।

ਉਹ ਕਹਿੰਦੇ ਹਨ, "ਮੈਂ ਜਾਣਦਾ ਹਾਂ ਕਿ ਬ੍ਰਿਟਿਸ਼ ਯੂਨੀਵਰਸਿਟੀਆਂ ਦਾ ਅਜਿਹਾ ਕਰਨ ਦਾ ਇੱਕ ਲੰਮਾ ਇਤਿਹਾਸ ਹੈ। ਮਲੇਸ਼ੀਆ ਦੀਆਂ ਯੂਨੀਵਰਸਿਟੀਆਂ ਵੀ ਕਰਦੀਆਂ ਹਨ। ਅਮਰੀਕਾ ਵਿੱਚ ਜੋ ਕੁਝ ਹੋ ਰਿਹਾ ਹੈ, ਉਸ ਦੇ ਨਾਲ ਵੀ (ਮਿਸਾਲ ਵਜੋਂ) ਭਾਰਤ ਵਿੱਚ ਇਲੀਨੋਇਸ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ ਕੰਮ ਅਤੇ ਚੀਨ ਵਿੱਚ ਇਸਦੇ ਕੰਮ ਦੀਆਂ ਉਦਾਹਰਣਾਂ ਹਨ।"

ਹਾਰਵਰਡ ਦੀ ਵੈੱਬਸਾਈਟ 'ਤੇ 50 ਤੋਂ ਵੱਧ ਦੇਸ਼ਾਂ ਦੀ ਸੂਚੀ ਹੈ, ਜਿੱਥੇ ਇਹ ਵਿਦੇਸ਼ਾਂ ਵਿੱਚ ਪੜ੍ਹਾਈ ਦੇ ਮੌਕੇ ਪ੍ਰਦਾਨ ਕਰਦਾ ਹੈ, ਜਿਸ ਵਿੱਚ ਅਰਜਨਟੀਨਾ, ਇੰਗਲੈਂਡ, ਕੋਰੀਆ, ਸੇਨੇਗਲ ਅਤੇ ਬ੍ਰਾਜ਼ੀਲ ਸ਼ਾਮਲ ਹਨ।

ਹਾਲਾਂਕਿ, ਅਜੇ ਤੱਕ ਇਹ ਐਲਾਨ ਨਹੀਂ ਕੀਤਾ ਗਿਆ ਹੈ ਕਿ ਜੇਕਰ ਟਰੰਪ ਦੀ ਪਾਬੰਦੀ ਨੂੰ ਬਰਕਰਾਰ ਰੱਖਿਆ ਜਾਂਦਾ ਹੈ ਤਾਂ ਕੀ ਵਿਦਿਆਰਥੀ ਆਪਣੀ ਪੜ੍ਹਾਈ ਇਨ੍ਹਾਂ ਵਿੱਚੋਂ ਕਿਸੇ ਇੱਕ ਸਥਾਨ 'ਤੇ ਟ੍ਰਾਂਸਫਰ ਕਰ ਸਕਣਗੇ।

# ਫੈਕਟਰੀ ਏਰੀਆ ਪਟਿਆਲਾ ਸ਼੍ਰੀ ਗੁਰੂ ਰਵਿਦਾਸ ਗੁਰੂਘਰ ਦੇ ਨੇੜੇ ਬੇਸਮੈਂਟ ਵਿੱਚ ਅੱਜ ਸ਼ਾਮ ਨੂੰ ਦਿਖਾਈ ਜਾਵੇਗੀ ਫੂਲੇ ਫਿਲਮ- ਪ੍ਰੀਤਕਾਸ਼ੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਫੈਕਟਰੀ ਏਰੀਆ ਪਟਿਆਲਾ ਸ਼੍ਰੀ ਗੁਰੂ ਰਵਿਦਾਸ ਗੁਰੂਘਰ ਦੇ ਨੇੜੇ ਬਣੇ ਨਵੇਂ ਬੇਸਮੈਂਟ ਵਿੱਚ ਅੱਜ DASFI ਮੁਖੀ ਪ੍ਰੀਤਕਾਸ਼ੀ ਅਤੇ ਉਸ ਦੇ ਸਹਿਯੋਗੀਆਂ ਵੱਲੋਂ ਫੂਲੇ ਫਿਲਮ ਦਿਖਾਈ ਜਾਵੇਗੀ। ਸਾਰੇ ਹੀ ਸਤਿਕਾਰਯੋਗ ਵੀਰਾਂ ਭੈਣਾ ਨੂੰ ਬੇਨਤੀ ਹੈ ਕਿ ਅੱਜ ਸ਼ਾਮ ਨੂੰ ਆਪਣੇ ਪਰਵਾਰ ਦੇ ਨਾਲ ਇਸ ਫਿਲਮ ਨੂੰ ਜ਼ਰੂਰ ਦੇਖੋ।

19ਵੀਂ ਸਦੀ ਦੇ ਮਹਾਰਾਸ਼ਟਰ ਵਿੱਚ, ਜੋਤੀ ਰਾਓ ਫੂਲੇ ਅਤੇ ਉਨ੍ਹਾਂ ਦੀ ਪਤਨੀ ਸਾਵਿਤਰੀ ਬਾਈ ਨੇ ਔਰਤ ਸਿੱਖਿਆ ਅਤੇ ਸਰਵਪੱਖੀ ਸਸ਼ਕਤੀਕਰਨ ਦੀ ਜੋਤ ਜਗਾਈ, ਉਸ ਸਮੇਂ ਜਦੋਂ ਕੁੜੀਆਂ ਦਾ ਵਿਆਹ ਉਦੋਂ ਕੀਤਾ ਜਾਂਦਾ ਸੀ ਜਦੋਂ ਉਹ ਸਿਰਫ਼ ਬੱਚਪਨ ਵਿੱਚ ਹੁੰਦੀਆਂ ਸਨ, ਉਨ੍ਹਾਂ ਦੇ ਪੜ੍ਹਨ ਲਿਖਣ ਅਤੇ ਵਿਕਾਸ ਕਰਕੇ ਅੱਗੇ ਵਧਣ ਦੇ ਸਾਰੇ ਰਸਤੇ ਸਮਾਜ ਨੇ ਬਦ ਕੀਤੇ ਹੋਏ ਸਨ, ਉਹਨਾ ਨੂੰ ਆਪਣੀ ਬਾਕੀ ਦੀ ਜ਼ਿੰਦਗੀ ਲਈ ਆਪਣੇ ਬੱਚਿਆਂ ਨੂੰ ਜਨਮ ਦੇਣ ਅਤੇ ਪਾਲਣ-ਪੋਸ਼ਣ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ।

ਇੱਕ ਸ਼ੁਰੂਆਤੀ ਦ੍ਰਿਸ਼ ਵਿੱਚ, ਅਸੀਂ ਛੋਟੀ ਸਾਵਿਤਰੀ ਨੂੰ ਬਹੁਤ ਵੱਡੀ ਜੇਠੀਬਾ ਦੀ ਮਦਦ ਨਾਲ ਪੜ੍ਹਨਾ ਸਿੱਖਦੇ ਹੋਏ ਦੇਖਦੇ ਹਾਂ, ਅਤੇ ਇਸਨੇ ਉਸਨੂੰ ਕਿਵੇਂ ਬਦਲ ਦਿੱਤਾ, ਅਤੇ ਉਸਨੂੰ ਆਪਣੀ ਦੁਨੀਆ ਤੋਂ ਜਾਣੂ ਕਰਵਾਇਆ।



# ਪੰਜਾਬ ਚ ਚਲਦੀਆਂ ਗੈਰ ਕਾਨੂੰਨੀ ਪਟਾਕਾ ਤੇ ਸ਼ਰਾਬ ਫੈਕਟਰੀਆਂ ਕਦੋਂ ਬੰਦ ਹੋਣਗੀਆਂ ?

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਲੰਘੀ 12 ਮਈ ਨੂੰ ਮਜੀਠੀਆ ਚ ਨਕਲੀ ਸ਼ਰਾਬ ਪੀਣ ਨਾਲ ਮਰਨ ਵਾਲੇ 27 ਦੇ ਕਰੀਬ ਵਿਅਕਤੀਆਂ ਦੇ ਸਿਵੇ ਹਾਲੇ ਠੰਡੇ ਵੀ ਨਹੀਂ ਹੋਏ ਕਿ ਸ੍ਰੀ ਹੁਣ ਮੁਕਤਸਰ ਦੇ ਪਿੰਡ ਫਤੂਹੀਵਾਲਾ ਚ ਇਕ ਨਜਾਇਜ਼ ਪਟਾਕਾ ਫੈਕਟਰੀ ਚ ਹੋਏ ਧਮਾਕੇ ਨਾਲ 5 ਵਿਅਕਤੀਆਂ ਦੀ ਮੌਤ ਤੇ 30 ਦੇ ਜ਼ਖ਼ਮੀ ਹੋਣ ਦੀ ਖ਼ਬਰ ਨੇ ਸਰਕਾਰ ਤੇ ਪ੍ਰਸ਼ਾਸ਼ਨ ਉੱਤੇ ਕਈ ਤਰਾਂ ਦੇ ਸਵਾਲ ਖੜ੍ਹੇ ਕਰ ਦਿੱਤੇ ਹਨ।ਇਸ ਫੈਕਟਰੀ ਚ 40 ਤੋ ਵਧੇਰੇ ਵਿਅਕਤੀ ਕੰਮ ਕਰਦੇ ਦੱਸੇ ਜਾ ਰਹੇ ਹਨ। ਅਜਿਹੀਆਂ ਘਟਨਾਵਾਂ ਨਾਲ ਪ੍ਰਸ਼ਾਸ਼ਨ ਤੇ ਸਰਕਾਰ ਦੀ ਕਾਰਜਸ਼ੈਲੀ ਉੱਤੇ ਸਵਾਲ ਖੜ੍ਹੇ ਹੋਣ ਲਾਜ਼ਮੀ ਹਨ। ਕੀ ਸਰਕਾਰ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਲੋਕਾਂ ਖਿਲਾਫ ਸਿਰਫ ਮੁਕੱਦਮਾ ਦਰਜ ਕਰਕੇ ਹਮੇਸ਼ਾ ਪੱਲ੍ਹਾ ਝਾੜਦੀ ਰਹੇਗੀ ? ਕੀ ਸਰਕਾਰ ਤੇ ਪ੍ਰਸ਼ਾਸਨ ਦੀ ਖੁਦ ਦੀ ਕੋਈ ਜ਼ਿੰਮੇਵਾਰੀ ਨਹੀਂ ?ਕੀ ਅਗੇਤ ਚ ਇਹੋ ਜਿਹੀਆਂ ਘਟਨਾਵਾਂ ਨੂੰ ਵਾਪਰਨ ਤੇ ਨਹੀਂ ਰੋਕਿਆ ਜਾ ਸਕਦਾ ? ਕੀ ਘਟਨਾ ਚ ਇਨਸਾਨਾਂ ਦੀ ਮੌਤ ਹੋਣ ਤੇ ਬਾਅਦ ਹੀ ਸਰਕਾਰ ਕੋਈ ਕਦਮ ਚੁੱਕੇਗੀ ? ਬੇਸ਼ੱਕ ਫੈਕਟਰੀ ਦੇ ਮਾਲਕ ਖਿਲਾਫ ਮੁਕਦਮਾ ਦਰਜ ਕਰ ਦਿੱਤਾ ਗਿਆ ਹੈ ਪਰ ਇਹ ਅਜਿਹੇ ਮਸਲਿਆਂ ਦਾ ਸਹੀ ਹੱਲ ਨਹੀਂ ਹੈ। ਕੀ ਸਰਕਾਰ ਇਸ ਘਟਨਾ ਚ ਮਰਨ ਵਾਲਿਆਂ ਦੇ ਪਰਵਾਰਕ ਮੈਂਬਰਾਂ ਨੂੰ ਵੀ 10-10 ਲੱਖ ਰੁਪਏ ਤੇ ਇਕ ਇਕ ਸਰਕਾਰੀ ਨੌਕਰੀ ਦੇਵਗੀ? ਇਹ ਕਈ ਸਵਾਲ ਹਨ ਜਿੰਨਾ ਦੀ ਸੂਬੇ ਦੀ ਜਨਤਾ ਜਵਾਬ ਮੰਗਦੀ ਹੈ।

ਉਧਰ ਸਰਕਾਰ ਨੂੰ ਤੁਰੰਤ ਇਸ ਉੱਤੇ ਹਾਈਕੋਰਟ ਦੇ ਰਿਟਾਇਰਡ ਜੱਜ ਦੀ ਅਗਵਾਹੀ ਚ ਕਮਿਸ਼ਨ ਬਿਠਾ ਕੇ ਨਿਰਪੱਖ ਜਾਂਚ ਕਰਵਾਉਣੀ ਬਣਦੀ ਹੈ ਕਿਉਂਕਿ ਫੈਕਟਰੀ ਮਾਲਕ ਸੱਤ੍ਹਾ ਧਾਰੀ ਪਾਰਟੀ ਨਾਲ ਜੁੜਿਆ ਹੋਇਆ ਹੈ ਇਸ ਲਈ ਨਿਰਪੱਖ ਜਾਂਚ ਹੋਰ ਵੀ ਜਰੂਰੀ ਬਣ ਜਾਂਦੀ ਹੈ।ਭਾਂਵੇ ਇਸ ਧਮਾਕੇ ਦੇ ਸੰਬਧ ਚ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਜਿੰਨਾ ਚ ਆਮ ਆਦਮੀ ਪਾਰਟੀ ਨਾਲ ਸੰਬੰਧਤ ਮੰਨੇ ਜਾਂਦੇ ਤਰਸੇਮ ਸਿੰਘ ਉਸਦਾ ਪੁੱਤਰ ਨਵਰਾਜ ਸਿੰਘ ਤੇ ਮਜ਼ਦੂਰ ਠੇਕੇਦਾਰ ਰਾਜ ਕੁਮਾਰ ਸ਼ਾਮਲ ਹਨ ਜਦੋ ਕੇ ਕੇਸ ਚ ਨਾਮਜ਼ਦ ਤਰਸੇਮ ਸਿੰਘ ਦੀ ਪਤਨੀ ਫ਼ਰਾਰ ਹੈ। ਇੰਨਾ ਖਿਲਾਫ ਬੀ ਐਨ ਐਸ ਦੀ ਧਾਰਾ 105.18(2),ਵਿਸਫੋਟਕ ਐਕਟ 1984 ਦੀ ਧਾਰਾ 9,12 ਅਤੇ ਫੈਕਟਰੀ ਐਕਟ ਦੀ ਧਾਰਾ 98 ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁੱਢਲੀ ਜਾਣਕਾਰੀ ਤੋ ਸਾਫ਼ ਹੈ ਕਿ ਪਟਾਕਾ ਫੈਕਟਰੀ ਗੈਰ ਕਾਨੂੰਨੀ ਚੱਲ ਰਹੀ ਸੀ ਤੇ ਮਨਜ਼ੂਰੀ ਲਈ ਕੇਵਲ ਅਪਲਾਈ ਹੀ ਕੀਤਾ ਹੋਇਆ ਸੀ।ਜੇ ਸਰਕਾਰ ਨੂੰ ਇਸ ਫੈਕਟਰੀ ਦੇ ਮਾਲਕ ਦੀ ਪ੍ਰੋਪਰਟੀ ਜਬਤ ਕਰਕੇ ਮਿਰਤਕ ਪਰਵਾਰਾਂ ਨੂੰ ਸਹਾਇਤਾ ਦੇਣੀ ਬਣਦੀ ਜੇ ਇਸ ਘਟਨਾ ਲਈ ਜ਼ਿੰਮੇਵਾਰ ਹਨ । ਦੂਸਰਾ ਸਰਕਾਰ ਨੂੰ ਇਸ ਉੱਤੇ ਹਾਈਕੋਰਟ ਦੇ ਰਿਟਾਇਰਡ ਜੱਜ ਦੀ ਅਗਵਾਹੀ ਚ ਕਮਿਸ਼ਨ ਬਿਠਾ ਕੇ ਨਿਰਪੱਖ ਜਾਂਚ ਕਰਵਾਉਣੀ ਬਣਦੀ ਹੈ ਕਿਉਂਕਿ ਫੈਕਟਰੀ ਮਾਲਕ ਸੱਤ੍ਹਾ ਧਾਰੀ ਪਾਰਟੀ ਨਾਲ ਜੁੜਿਆ ਹੋਇਆ ਹੈ।ਇਸ ਲਈ ਨਿਰਪੱਖ ਜਾਂਚ ਹੋਰ ਵੀ ਜਰੂਰੀ ਬਣ ਜਾਂਦੀ ਹੈ।ਬੇਸ਼ੱਕ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਸਖ਼ਤੀ ਵਰਤਦਿਆਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇਕ ਚੰਗਾ ਕਦਮ ਚੁੱਕਿਆ ਗਿਆ ਹੈ।ਪਰ ਫਿਰ ਵੀ ਸਵਾਲ ਖੜ੍ਹਾ ਹੁੰਦਾ ਹੈ ਕਿ ਅਜਿਹੀਆ ਘਟਨਾਵਾਂ ਚ ਖੌਫਨਾਕ ਮੌਤਾਂ ਕਦੋਂ ਤੱਕ ਹੁੰਦੀਆਂ ਰਹਿਣਗੀਆਂ।ਕੀ ਹਰ ਵਾਰ ਮੁਕੱਦਮਾ ਦਰਜ਼ ਕਰਕੇ ਅਗਲੀ ਘਟਨਾ ਦੀ ਉਡੀਕ ਕੀਤੀ ਜਾਂਦੀ ਰਹੇਗੀ?ਕਿਉਂ ਨਹੀਂ ਅਸੀ ਅਜਿਹੀ ਵਿਵਸਥਾ ਕਰਦੇ ਤਾਂ ਜੋ ਮਜੀਠੀਆ ਤੇ



ਅਜੀਤ ਖੰਨਾ
(ਲੈਕਚਰਾਰ)
ਮੋਬਾਈਲ :76967-54669

ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਫ਼ਤੂਹੀਵਾਲਾ ਵਰਗੀਆਂ ਘਟਨਾਵਾਂ ਸਦਾ ਲਈ ਬੰਦ ਹੋ ਜਾਣ ਤੇ ਅਜਾਈਂ ਜਾਣ ਵਾਲੀਆਂ ਵੱਡਮੁੱਲੀਆਂ ਜਾਨਾ ਬਚ ਸਕਣ।ਇਸ ਲਈ ਸਭ ਤੋਂ ਪਹਿਲਾਂ ਸਰਕਾਰ ਨੂੰ ਪਟਾਕਿਆਂ ਤੇ ਸ਼ਰਾਬ ਦੀਆਂ ਗੈਰ ਕਾਨੂੰਨੀ ਫੈਕਟਰੀਆਂ ਨੂੰ ਹਰ ਹਾਲ ਚ ਬੰਦ ਕਰਵਾਉਣਾ ਪਵੇਗਾ ਤਾਂ ਹੀ ਮੌਤਾਂ ਦੇ ਸਥਰਾਂ ਨੂੰ ਠੱਲ੍ਹ ਪੈ ਸਕਦੀ ਹੈ ਨਹੀਂ ਤਾਂ ਮੁਕੱਦਮਾ ਦਰਜ਼ ਕਰਕੇ ਗੋਂਗਲੂਆਂ ਤੋਂ ਮਿੱਟੀ ਝਾੜਨ ਦਾ ਕੋਈ ਬਹੁਤਾ ਲਾਭ ਨਹੀਂ ਹੋਵੇਗਾ।ਉਮੀਦ ਕਰਦੇ ਹਾਂ ਕਿ ਪੰਜਾਬ ਸਰਕਾਰ ਇੰਨਾ ਦੇ ਘਟਨਾਵਾਂ ਤੋਂ ਸਬਕ ਲੈਂਦਿਆਂ ਇਸ ਨੂੰ ਗੰਭੀਰਤਾ ਨਾਲ ਲਾਵੇਗੀ ਤੇ ਨਜ਼ਾਇਜ਼ ਚੱਲਣ ਵਾਲੇ ਗੈਰ ਕਾਨੂੰਨੀ ਧੰਦਿਆਂ ਤੇ ਫੈਕਟਰੀਆਂ ਆਦਿ ਸਖ਼ਤੀ ਨਾਲ ਬੰਦ ਕਰਵਾਏਗੀ ।

# ਭੈਣ ਮੀਨਾ ਕੁਮਾਰੀ ਨੂੰ ਲਗਾਇਆ ਬਸਪਾ ਨੇ ਸੂਬਾ ਸਕੱਤਰ ਲਗਾ ਕੇ ਬਠਿੰਡਾ ਹਲਕੇ ਨੂੰ ਬਖਸ਼ਿਆ ਮਾਣ- ਡਾ: ਜੁਗਿੰਦਰ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਜਗਤਾਰ ਸਿੰਘ ਰੋੜੇਵਾਲ -- ਬਹੁਜਨ ਸਮਾਜ ਪਾਰਟੀ ਦੀ ਸ੍ਰੀ ਕਾਂਸ਼ੀ ਰਾਮ ਭਵਨ ਸੂਬੇ ਦੇ ਮੁੱਖ ਦਫਤਰ ਜਲੰਧਰ ਵਿਖੇ ਮੀਟਿੰਗ ਹੋਈ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਰਣਧੀਰ ਸਿੰਘ ਬੈਨੀਵਾਲ ਰਾਸ਼ਟਰੀ ਕੋਆਰਡੀਨੇਟਰ ਅਤੇ ਕੇਂਦਰੀ ਪ੍ਰਭਾਰੀ ਸ੍ਰੀ ਵਿਪੁਲ ਕੁਮਾਰ, ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ, ਸਟੇਟ ਕੋਆਰਡੀਨੇਟਰ ਪ੍ਰਜਾਪਤੀ ਅਜੀਤ ਸਿੰਘ ਭੈਣੀ ਅਤੇ ਸਟੇਟ ਕੋਆਰਡੀਨੇਟਰ ਕੁਲਦੀਪ ਸਿੰਘ ਸਰਦੂਲਗੜ੍ਹ ਅਤੇ ਨਵਾਂ ਸ਼ਹਿਰ ਤੋਂ ਵਿਧਾਇਕ ਡਾਕਟਰ ਨਛੱਤਰ ਪਾਲ ਜੀ ਹਾਜ਼ਰ ਸਨ।ਇਸ ਮੌਕੇ ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਜੀ ਸਾਬਕਾ ਮੁੱਖ ਮੰਤਰੀ ਉੱਤਰ ਪ੍ਰਦੇਸ਼ ਜੀ ਦੇ ਦਿਸ਼ਾ ਨਿਰਦੇਸ਼ ਤੇ ਭੈਣ ਮੀਨਾ ਕੁਮਾਰੀ ਨੂੰ ਬਸਪਾ ਪੰਜਾਬ ਦੇ ਸਕੱਤਰ ਨਿਯੁਕਤ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਜੋਗਿੰਦਰ ਸਿੰਘ ਪ੍ਰਧਾਨ ਜ਼ਿਲ੍ਹਾ ਬਠਿੰਡਾ ਨੇ ਦੱਸਿਆ ਕਿ ਭੈਣ ਮੀਨਾ ਰਾਣੀ ਜੀ ਇਸ ਤੋਂ ਪਹਿਲਾਂ ਵੀ ਸੂਬੇ ਦੇ ਸਕੱਤਰ ਦੀ ਜ਼ਿੰਮੇਵਾਰੀ ਸੁਚੱਜੇ ਢੰਗ ਨਾਲ ਨਿਭਾ ਰਹੇ ਸਨ। ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦਿਆਂ ਦੁਬਾਰਾ ਫਿਰ ਸੂਬੇ ਦੇ ਸਕੱਤਰ ਦੀ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ। ਉਨ੍ਹਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਮੈਂ ਪਾਰਟੀ ਹਾਈਕਮਾਨ ਦਾ



ਧੰਨਵਾਦ ਕਰਦੀ ਹੋਈ ਹਾਈ ਕਮਾਂਡ ਨੂੰ ਵਿਸ਼ਵਾਸ ਦਿਵਾਉਂਦੀ ਹਾਂ ਜਿਨ੍ਹਾਂ ਨੇ ਮੈਨੂੰ ਸੂਬਾ ਦਾ ਦੁਬਾਰਾ ਸਕੱਤਰ ਬਣਾਇਆ ਹੈ ਕਿ ਮੈਂ ਪਹਿਲਾਂ ਦੀ ਤਰ੍ਹਾਂ ਜੋ ਪਾਰਟੀ ਨੇ ਮੈਨੂੰ ਜ਼ਿੰਮੇਵਾਰੀ ਦਿੱਤੀ ਹੈ ਮੈਂ ਤਨ ਮਨ ਧਨ ਨਾਲ ਪਹਿਲਾਂ ਦੀ ਤਰ੍ਹਾਂ ਨਿਭਾਉਂਦੇ ਰਹਾਂਗੀ।

# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਲਾਸਾਨੀ :- ਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਫਗਵਾੜਾ (ਸ਼ਿਵ ਕੌੜਾ) ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਣ ਤੇ ਨਸ਼ੇ ਵਿਰੁੱਧ ਲੋਕ ਲਹਿਰ ਖੜੀ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਨੂੰ ਪਿੰਡਾਂ 'ਚ ਭਰਵਾਂ ਹੁੰਗਾਰਾ ਮਿਲਿਆ। ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਮੇਂ ਪਲਾਹੀ 'ਚ ਕਰਵਾਏ ਸਮਾਗਮ ਸਮੇਂ ਯਾਤਰਾ ਨੂੰ ਭਰਵਾਂ ਹੁੰਗਾਰਾ ਮਿਲਿਆ।





ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਬਾਰੇ ਭਾਵ ਪੂਰਤ ਢੰਗ ਨਾਲ ਆਪਣੇ ਵਿਚਾਰ ਪੇਸ਼ ਕੀਤੇ। 'ਤੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸਿੱਖ ਇਤਿਹਾਸ ਵਿੱਚ ਵੱਡੀ ਮਿਸਾਲ ਕਿਹਾ। ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਵੀ ਗੁਰੂ ਸਾਹਿਬ ਦੀ ਸ਼ਹਾਦਤ ਅਤੇ ਸਿੱਖ ਇਤਿਹਾਸ 'ਚ ਸ਼ਹੀਦੀਆਂ ਦੀ ਪਰੰਪਰਾ ਬਾਰੇ ਵਿਸਥਾਰਤ ਵਿਚਾਰ ਪੇਸ਼ ਕੀਤੇ। ਲਾਭ ਸਿੰਘ ਐਸ.ਐਚ.ਓ ਥਾਣਾ ਸਦਰ ਫਗਵਾੜਾ , ਨਾਇਬ ਤਹਿਸੀਲਦਾਰ ਫਗਵਾੜਾ, ਮਨਜੀਤ ਸਿੰਘ ਬਿੱਟੂ ਫਗਵਾੜਾ, ਗੁਰਦੀਪ ਸਿੰਘ ਦੀਪਾ, ਪੀਟਰ ਕੁਮਾਰ, ਰਵੀਪਾਲ, ਸਰਪੰਚ ਚੱਕ ਹਕੀਮ ਵਰੁਣ ਬੰਗੜ ਨੇ ਨਸ਼ਿਆਂ ਸਬੰਧੀ ਵਿਚਾਰ ਪੇਸ਼ ਕੀਤੇ। ਇਸ ਸਮੇਂ ਹਾਜ਼ਰੀਨ ਨੂੰ ਸਹੁੰ ਚੁਕਵਾਈ ਗਈ। ਇਸ ਸਮੇਂ ਹੋਰਨਾਂ ਤੋਂ ਬਿਨਾਂ ਗੁਰਚਰਨ ਸਿੰਘ ਪੰਚ, ਸੁਰਜਨ ਸਿੰਘ ਨੰਬਰਦਾਰ, ਰਵਿਦੰਰ ਸਿੰਘ ਪੰਚ, ਮਦਨ ਲਾਲ ਪੰਚ, ਗੁਰਬਖਸ਼ ਕੌਰ ਪੰਚ, ਸੁਖਵਿੰਦਰ ਸਿੰਘ ਸੱਲ, ਹਰਮੇਲ ਸਿੰਘ ਗਿੱਲ , ਸੰਨੀ ਚੰਦੜ ਪੰਚ, ਬਲਵਿੰਦਰ ਸਿੰਘ ਫੋਰਮੈਨ ਅਤੇ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਹਾਜ਼ਰ ਸਨ

# ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਹਫ਼ਤਾਵਰੀ ਕਾਰਗੁਜ਼ਾਰੀ ਰਿਪੋਰਟ ਜਾਰੀ

## ਨਸ਼ਿਆਂ ਵਿਰੁੱਧ ਚਲਾਈ ਮਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ 31 ਮੁਕੱਦਮੇ ਦਰਜ, 39 ਦੋਸ਼ੀ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਸੰਗਰੂਰ, 31 ਮਈ, 2025: ਸ੍ਰ ਸਰਤਾਜ ਸਿੰਘ ਚਾਹਲ, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 24.05.2025 ਤੋਂ 30.05.2025 ਤੱਕ ਡਰੱਗ ਦੇ 22 ਮੁਕੱਦਮੇ ਦਰਜ ਕਰਕੇ 28 ਦੋਸੀ ਕਾਬੂ ਕਰਕੇ 522 ਗ੍ਰਾਮ ਹੈਰੋਇਨ, 05 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ, 1639 ਨਸ਼ੀਲੀਆਂ



ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 09 ਮੁਕੱਦਮੇ ਦਰਜ ਕਰਕੇ 11 ਦੋਸੀਆਂ ਨੂੰ ਕਾਬੂ ਕਰਕੇ 185.250 ਲੀਟਰ ਸਰਾਬ ਠੇਕਾ ਦੇਸੀ, 11.250 ਲੀਟਰ ਸਰਾਬ ਨਜੈਜ਼ ਬ੍ਰਾਮਦ ਕਰਵਾਈ ਗਈ।

ਉਹਨਾਂ ਕਿਹਾ ਕਿ ਥਾਣਾ ਸਦਰ ਸੰਗਰੂਰ ਦੇ ਏਰੀਆ ਵਿੱਚ ਹੋਏ ਖੋਹ ਅਤੇ ਚੋਰੀ ਦੇ 02 ਮੁਕੱਦਮੇ ਟਰੇਸ ਕਰਕੇ 05 ਦੋਸੀਆਂ ਨੂੰ ਕਾਬੂ ਕੀਤਾ ਹੈ ਅਤੇ ਖੋਹ/ਚੋਰੀ ਕੀਤੇ 02 ਮੋਬਾਇਲ ਫੋਨ ਅਤੇ ਪੈਸੇ ਬ੍ਰਾਮਦ ਕਰਵਾਏ ਗਏ ਹਨ।

ਉਹਨਾਂ ਕਿਹਾ ਕਿ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ ਹੈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ ਵੱਖ ਗਜਟਿਡ ਅਫ਼ਸਰਾਂ ਵੱਲੋਂ 14 ਪਿੰਡਾਂ/ ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪੌਲਟਰੀ ਫਾਰਮ ਹਾਦਸੇ ਦੇ ਪੀੜ੍ਹਤ ਪਰਿਵਾਰ ਨੂੰ ਵਿੱਤੀ ਮਦਦ ਦਾ ਚੈੱਕ ਸੌਂਪਿਆ

## ਤੇਜ਼ ਹਨੇਰੀ ਕਾਰਨ ਪਿੰਡ ਮਾਝਾ ਵਿਖੇ ਕਿਸਾਨ ਗੁਰਚਰਨ ਸਿੰਘ ਦੀ ਪੌਲਟਰੀ ਫਾਰਮ ਡਿੱਗਣ ਕਾਰਨ ਹੋ ਗਈ ਸੀ ਮੌਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਸੰਗਰੂਰ, 31 ਮਈ, 2025: ਤੇਜ਼ ਹਨੇਰੀ ਕਾਰਨ ਹਲਕੇ ਦੇ ਪਿੰਡ ਮਾਝਾ ਵਿਖੇ ਕਿਸਾਨ ਗੁਰਚਰਨ ਸਿੰਘ ਦਾ ਪੌਲਟਰੀ ਫਾਰਮ ਡਿੱਗ ਗਿਆ ਸੀ ਅਤੇ ਉਸ ਦੇ ਨਿੱਚੇ ਆਉਣ ਕਾਰਨ ਗੁਰਚਰਨ ਸਿੰਘ ਦੀ ਮੌਤ ਹੋ ਗਈ ਸੀ। ਆਪਣਾ ਫਰਜ਼ ਨਿਭਾਉਂਦੇ ਹੋਏ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਪਰਿਵਾਰ ਨੂੰ ਚਾਰ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਹਲਕਾ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਭੇਟ ਕੀਤਾ ਗਿਆ।



ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਰਾਸ਼ੀ ਪੀੜਿਤ ਪਰਿਵਾਰ ਨੂੰ ਸੌਂਪੀ ਗਈ ਹੈ ਤਾਂ ਜੋ ਪਰਿਵਾਰ ਫਿਰ ਤੋਂ ਆਪਣਾ ਇਹ ਕਿੱਤਾ ਸ਼ੁਰੂ ਕਰ ਸਕੇ। ਉਹਨਾਂ ਦੀ ਹਰ ਦਿਨ ਕੋਸਿਸ਼ ਰਹਿੰਦੀ ਹੈ ਕਿ ਹਲਕੇ ਦੇ ਹਰ ਇੱਕ ਪਰਿਵਾਰ ਨਾਲ ਦੁੱਖ ਸੁੱਖ ਵਿੱਚ ਹਿੱਸਾ ਬਣਿਆ ਜਾਵੇ ਅਤੇ ਸਰਕਾਰ ਦੀ ਹਰ ਮਦਦ ਹਰ ਲੋੜਵੰਦ ਦੇ ਘਰ ਤੱਕ ਪੁੱਜਦੀ ਕੀਤੀ ਜਾਵੇ।

ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। ਪੰਜਾਬ ਸਰਕਾਰ ਵੱਲੋਂ ਆਪਣੇ ਬਣਦੇ ਫਰਜ਼ ਪੂਰੀ ਤਨਦੇਹੀ ਨਾਲ ਨਿਭਾਏ ਜਾ ਰਹੇ ਹਨ। ਜਦੋਂ ਵੀ ਕਿਤੇ ਕੋਈ ਵੀ ਅਣਸੁਖਾਵੀ ਘਟਨਾ ਵਾਪਰ ਜਾਂਦੀ ਹੈ ਤਾਂ ਪੰਜਾਬ ਸਰਕਾਰ ਵੱਲੋਂ ਤਰਜੀਹੀ ਤੌਰ ਉੱਤੇ ਉਸ ਘਟਨਾ ਦੇ ਪੀੜਤਾਂ ਦੀ ਮਦਦ ਲਈ ਕੰਮ ਕੀਤਾ ਜਾਂਦਾ ਹੈ। ਉਸੇ ਲੜੀ ਤਹਿਤ ਇਸ ਪੀੜਤ ਪਰਿਵਾਰ ਦੀ ਵੀ ਮਾਲੀ ਮਦਦ ਕੀਤੀ ਗਈ ਹੈ। ਅੱਗੇ ਵੀ ਜੋ ਵੀ ਸੰਭਵ ਸਹਾਇਤਾ ਹੋਵੇਗੀ ਉਹ ਹਰ ਹਾਲ ਇਸ ਪਰਿਵਾਰ ਤੱਕ ਪੁੱਜਦੀ ਕੀਤੀ ਜਾਵੇਗੀ।

ਸ੍ਰੀਮਤੀ ਭਰਾਜ ਨੇ ਕਿਹਾ ਕਿ ਹਲਕੇ ਦੇ ਸਾਰੇ ਲੋਕ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਨ। ਲੋਕਾਂ ਦੇ ਦੁੱਖ ਸੁੱਖ ਉਹਨਾਂ ਦੇ ਆਪਣੇ ਦੁੱਖ ਸੁੱਖ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਸਰਕਾਰ ਹੈ ਅਤੇ ਦਿਨ ਰਾਤ ਲੋਕਾਂ ਲਈ ਹੀ ਕੰਮ ਕਰ ਰਹੀ ਹੈ।

ਇਸ ਮੌਕੇ ਨਾਇਬ ਤਹਿਸੀਲਦਾਰ ਇਕਬਾਲ ਸਿੰਘ, ਐੱਸ ਡੀ ਐਮ ਦਫਤਰ ਤੋਂ ਲਵਦੀਪ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ।

# ਪਿੰਡ ਬਾਦਸ਼ਾਹਪੁਰ ਅਤੇ ਸਲੇਮਪੁਰ ਦੇ 375 ਏਕੜ ਰਕਬੇ ਨੂੰ ਮਿਲੇਗਾ ਨਹਿਰੀ ਪਾਣੀ

## - ਹੰਡਿਆਇਆ ਮਾਈਨਰ ਉੱਤੇ ਲਾਇਆ ਨਵਾਂ ਮੋਘਾ , - ਪੰਜਾਬ ਲਘੂ ਉਦਯੋਗ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਰਵਾਈ ਮੋਘਾ ਉਸਾਰਨ ਦੇ ਕੰਮ ਦੀ ਸ਼ੁਰੂਆਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਧੂਰੀ, 31 ਮਈ, 2025: ਪਿੰਡ ਬਾਦਸ਼ਾਹਪੁਰ ਦਾ ਤਕਰੀਬਨ 311 ਏਕੜ ਰਕਬਾ ਅਤੇ ਪਿੰਡ ਸਲੇਮਪੁਰ ਦਾ ਤਕਰੀਬਨ 64 ਏਕੜ ਰਕਬਾ ਜਿਸਨੂੰ ਨਹਿਰੀ ਪਾਣੀ ਨਹੀ ਲੱਗ ਰਿਹਾ ਸੀ। ਇਸ ਰਕਬੇ ਨੂੰ ਨਹਿਰੀ ਪਾਣੀ ਨਾਲ ਜੋੜਨ ਲਈ ਪੰਜਾਬ ਸਰਕਾਰ ਨੇ ਨਵਾਂ ਮੋਘਾ ਉਸਾਰਨ ਦਾ ਕੰਮ ਸ਼ੁਰੂ ਕੀਤਾ ਹੈ। ਇਸ ਮੋਘਾ ਉਸਾਰਨ ਦੇ ਕੰਮ ਦੀ ਸ਼ੁਰੂਆਤ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਸ੍ਰ ਦਲਵੀਰ ਸਿੰਘ ਢਿੱਲੋਂ ਨੇ ਕੀਤੀ।



ਇਸ ਬਾਰੇ ਜਾਣਕਾਰੀ ਦਿੰਦਿਆਂ ਸ੍ਰ ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਇਹ ਨਵਾਂ ਮੋਘਾ 2550/ ਐਲ ਸਬ ਮਾਈਨਰ ਆਨ ਹੰਡਿਆਇਆ ਮਾਈਨਰ ਉੱਤੇ ਲਾਇਆ ਗਿਆ ਹੈ। ਜਿਸ ਨਾਲ ਪਿੰਡ ਬਾਦਸ਼ਾਹਪੁਰ ਨੂੰ ਕਈ ਸਾਲਾਂ ਤੋਂ ਨਹਿਰੀ ਪਾਣੀ ਨਹੀਂ ਮਿਲਿਆ ਸੀ ਹੁਣ ਇਸ ਰਕਬੇ ਨੂੰ ਨਹਿਰੀ ਪਾਣੀ ਮਿਲਣ ਲੱਗੇਗਾ। ਇਹਨਾਂ ਖੇਤਰਾਂ ਨੂੰ ਨਹਿਰੀ ਪਾਣੀ ਲੱਗਣ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ ਅਤੇ ਨਹਿਰੀ ਪਾਣੀ ਲੱਗਣ ਨਾਲ ਫ਼ਸਲ ਵੀ ਵਧੀਆ ਹੋਵੇਗੀ।

ਉਹਨਾਂ ਕਿਹਾ ਕਿ ਇਹ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਦਾ ਟੀਚਾ ਹੈ। ਮੋਘਾ ਚਾਲੂ ਹੋਣ ਉਪਰੰਤ ਕਿਸਾਨਾਂ ਨੂੰ ਝੋਨੇ ਦੀ ਬਿਜਾਈ ਮੌਕੇ ਮਹਿੰਗੇ ਭਾਅ ਦਾ ਡੀਜ਼ਲ ਵਰਤਣ ਦੀ ਲੋੜ੍ਹ ਨਹੀਂ ਪਵੇਗੀ। ਇਸ ਬੱਚਤ ਨਾਲ ਜਿੱਥੇ ਕਿਸਾਨਾਂ ਨੂੰ ਆਰਥਿਕ ਲਾਭ ਹੋਵੇਗਾ ਉਥੇ ਹੀ ਨਹਿਰੀ ਪਾਣੀ ਮਿਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਹੋਵੇਗਾ। ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਧਰਤੀ ਹੇਠਲੇ ਪਾਣੀ ਦੇ ਮੁਕਾਬਲੇ ਨਹਿਰੀ ਪਾਣੀ ਵਿੱਚ ਜ਼ਮੀਨ ਲਈ ਲੋੜੀਂਦੇ ਖੁਰਾਕੀ ਤੱਤ ਜ਼ਿਆਦਾ ਹੁੰਦੇ ਹਨ।

ਉਹਨਾਂ ਕਿਹਾ ਕਿ ਪਹਿਲਾਂ ਇਸ ਰਕਬੇ ਨੂੰ ਟਿਊਬਵੈੱਲ ਨਾਲ ਪਾਣੀ ਮਿਲਦਾ ਸੀ ਪਰ ਪਾਣੀ ਡੂੰਘੇ ਹੋਣ ਕਾਰਨ ਹੁਣ ਇਹ ਟਿਊਬਵੈੱਲ ਲਗਭਗ ਨਕਾਰਾ ਹੋ ਚੁੱਕੇ ਸਨ। ਫ਼ਸਲ ਨੂੰ ਪਾਣੀ ਦੇਣ ਲਈ ਕਿਸਾਨਾਂ ਨੂੰ ਭਾਰੀ ਮੁਸ਼ੱਕਤ ਕਰਨੀ ਪੈਂਦੀ ਸੀ। ਉਹਨਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਯੋਜਨਾਬੱਧ ਤਰੀਕੇ ਨਾਲ ਵਿਕਾਸ ਕੀਤਾ ਜਾ ਰਿਹਾ ਹੈ। ਇਸ ਮੌਕੇ ਦੋਵੇਂ ਪਿੰਡਾਂ ਦੇ ਮੋਹਤਬਰ ਵਿਅਕਤੀ ਅਤੇ ਆਮ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਦਿੜ੍ਹਬਾ ਤੋਂ ਬਘਰੌਲ ਤਕ ਕਰੀਬ 07 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ ਕਾਇਆ ਕਲਪ ਕੀਤੀ ਸੜਕ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਲੋਕ ਅਰਪਿਤ

## ਹਲਕੇ ਦੇ ਵੱਡੀ ਗਿਣਤੀ ਪਿੰਡਾਂ ਨੂੰ ਮਿਲੇਗਾ ਲਾਭ, ਲੋਕਾਂ ਦੀ ਚਿਰਕੋਣੀ ਮੰਗ ਹੋਈ ਪੂਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਦਿੜ੍ਹਬਾ, 31 ਮਈ, 2025: ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਜਿਸ ਦੀ ਲੜੀ ਤਹਿਤ ਦਿੜ੍ਹਬਾ ਤੋਂ ਬਘਰੌਲ ਵਾਇਆ ਸਮੂਰਾਂ, ਸਫੀਪੁਰ ਖੁਰਦ ਤੇ ਸਫੀਪੁਰ ਕਲਾਂ, ਕਰੀਬ 15.6 ਕਿਲੋਮੀਟਰ ਲੰਬੀ ਤੇ 18 ਫੁੱਟ ਚੌੜੀ ਸੜਕ ਦੀ ਕਰੀਬ 07 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ ਕਾਇਆ ਕਲਪ ਕੀਤੀ ਗਈ ਹੈ। ਇਸ ਨਾਲ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਨੂੰ ਲਾਭ ਹੋਵੇਗਾ ਤੇ ਇਸ ਨਾਲ ਹਲਕੇ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋਈ ਹੈ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ ਉਪਰੋਕਤ ਸੜਕ ਨੂੰ ਲੋਕ ਅਰਪਿਤ ਕਰਨ ਮੌਕੇ ਕੀਤਾ। ਕੈਬਨਟ ਮੰਤਰੀ ਨੇ ਦੱਸਿਆ ਕਿ ਹਲਕੇ ਦੀਆਂ ਵੱਡੀ ਗਿਣਤੀ ਸੜਕਾਂ ਦੀ ਕਾਇਆ ਕਲਪ ਕੀਤੀ ਗਈ ਹੈ ਤੇ ਕਾਫੀ ਸੜਕਾਂ ਦੇ ਵਿਕਾਸ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ।



ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਪਿੰਡਾਂ ਵਿੱਚ ਜਿੱਥੇ ਚੰਗੀਆਂ ਸਿਹਤ ਸਹੂਲਤਾਂ ਦੇਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਉੱਥੇ ਵਧੀਆ ਖੇਡ ਮੈਦਾਨ ਵੀ ਬਣਾਏ ਜਾ ਰਹੇ ਹਾਂ। ਪਿੰਡਾਂ ਦੇ ਪਾਣੀ ਦੀ ਨਿਕਾਸੀ ਅਤੇ ਟੋਭਿਆਂ ਦੀ ਸਫਾਈ ਲਈ ਕੰਮ ਲਗਾਤਾਰ ਜਾਰੀ ਹਨ।

ਸ. ਚੀਮਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਰਮਾਣ ਕਾਰਜਾਂ ਦੀ ਖੁਦ ਨਿਗਰਾਨੀ ਕਰਨ ਅਤੇ ਜੇਕਰ ਕਿਤੇ ਕੋਈ ਤਰੁਟੀ ਲਗਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਉਹਨਾਂ ਨੇ ਭਰੋਸਾ ਦਿਵਾਇਆ ਕਿ ਨਿਰਮਾਣ ਅਧੀਨ ਪ੍ਰੋਜੈਕਟ ਤੈਅ ਸਮੇਂ ਵਿੱਚ ਪੂਰੇ ਕਰ ਕੇ ਲੋਕ ਅਰਪਣ ਕੀਤੇ ਜਾਣਗੇ। ਉਹਨਾਂ ਆਖਿਆ ਕਿ ਪੰਜਾਬ ਸਰਕਾਰ ਨੇ ਅਪਣੇ ਹੁਣ ਤਕ ਦੇ ਕਾਰਜ ਕਾਲ ਦੌਰਾਨ ਮਿਸਾਲੀ ਕੰਮ ਕੀਤਾ ਹੈ ਤੇ ਅੱਗੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾ ਰਹੀ ਹੈ। ਉਹਨਾਂ ਕਿਹਾ ਹਲਕਾ ਦਿੜ੍ਹਬਾ ਕਦੇ ਪਛੜਿਆ ਹੋਇਆ ਮੰਨਿਆ ਜਾਂਦਾ ਸੀ ਪਰ ਅੱਜ ਸੂਬੇ ਦੇ ਮੋਹਰੀ ਹਲਕਿਆਂ ਵਿੱਚ ਸ਼ਾਮਲ ਹੈ।

ਮੀਡੀਆ ਵੱਲੋਂ ਨਸ਼ਿਆਂ ਦੇ ਖਾਤਮੇ ਬਾਬਤ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਯੁੱਧ ਬੇਰੋਕ ਜਾਰੀ ਹੈ ਅਤੇ ਅੱਜ ਤੋਂ ਬਾਅਦ ਜੇਕਰ ਨਸ਼ਿਆਂ ਸਬੰਧੀ ਕੋਈ ਵੀ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਸਬੰਧਤ ਥਾਣੇ ਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਜਾਵੇਗੀ। ਪੰਜਾਬ ਵਿੱਚ ਨਸ਼ਿਆਂ ਲਈ ਕੋਈ ਥਾਂ ਨਹੀਂ ਹੈ ਤੇ ਇਹਨਾਂ ਦੇ ਖਾਤਮੇ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ।

ਇਸ ਮੌਕੇ ਚੇਅਰਮੈਨ, ਇੰਪਰੂਵਮੈਂਟ ਟਰਸਟ, ਸੰਗਰੂਰ ਸ. ਪ੍ਰੀਤਮ ਸਿੰਘ ਪੀਤੂ, ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਓ.ਐੱਸ. ਡੀ. ਤਪਿੰਦਰ ਸੋਹੀ ਅਤੇ ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਸ਼ੇਰਗਿੱਲ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਪਿੰਡਾਂ ਦੇ ਲੋਕ ਤੇ ਦਿੜ੍ਹਬਾ ਵਾਸੀ ਹਾਜ਼ਰ ਸਨ।

# ਆਰਐੱਮਪੀਆਈ ਵੱਲੋਂ ਸੂਬੇ ਅੰਦਰ ਵੱਧ ਰਹੇ ਵਹਿਸ਼ੀਆਣਾ ਪੁਲਸ ਜ਼ਬਰ ਦੀ ਸਖ਼ਤ ਨਿਖੇਧੀ

## ਗੋਨਿਆਣਾ ਮੰਡੀ ਦੇ ਨੌਜਵਾਨ ਨੂੰ ਥਾਣਾ ਸੀਆਈਏ 2 ਬਠਿੰਡਾ ਵਿਖੇ ਅਨਮਨੁੱਖੀ ਤਸੀਹੇ ਦੇ ਕੇ ਕਤਲ ਕਰਨ ਵਾਲੇ ਬੇਰਹਿਮ ਅਧਿਕਾਰੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੇ ਜਾਣ ਦੀ ਮੰਗ

## ਭਗਵੰਤ ਮਾਨ ਪੁਲਸ ਮੁਕਾਬਲਿਆਂ ਅਤੇ ਅਖੌਤੀ 'ਬੁਲਡੋਜ਼ਰ ਇਨਸਾਫ' ਦੇ ਮਾਮਲੇ 'ਚ ਮੋਦੀ-ਯੋਗੀ ਨਾਲ ਮੁਕਾਬਲੇਬਾਜ਼ੀ ਕਰ ਰਿਹਾ ਹੈ: ਆਰਐੱਮਪੀਆਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਜਲੰਧਰ/ਚੰਡੀਗੜ੍ਹ, 31 ਮਈ, 2025: ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਨੇ ਸੂਬੇ ਅੰਦਰ ਵੱਧ ਰਹੇ ਵਹਿਸ਼ੀਆਣਾ ਪੁਲਸ ਜ਼ਬਰ ਦੀ ਕਰੜੀ ਨਿਖੇਧੀ ਕਰਦਿਆਂ ਗੋਨਿਆਣਾ ਮੰਡੀ ਦੇ ਨੌਜਵਾਨ ਨੂੰ ਥਾਣਾ ਸੀਆਈਏ 2 ਬਠਿੰਡਾ ਵਿਖੇ ਅਣ ਮਨੁੱਖੀ ਤਸੀਹੇ ਦੇ ਕੇ ਕਤਲ ਕਰਨ ਵਾਲੇ ਬੇਰਹਿਮ ਅਧਿਕਾਰੀਆਂ ਤੇ ਕਮਰਚਾਰੀਆਂ ਨੂੰ ਸਖ਼ਤ ਸਜਾਵਾਂ ਦਿੱਤੇ ਜਾਣ ਦੀ ਮੰਗ ਕੀਤੀ ਹੈ।

ਪਾਰਟੀ ਨੇ ਕਿਹਾ ਹੈ ਕਿ ਫਰੀਦਕੋਟ ਜਿਲ੍ਹੇ ਦੇ ਪਿੰਡ ਜਿਉਣ ਵਾਲਾ ਦੇ ਇਕ ਦਲਿਤ ਨੌਜਵਾਨ ਦੀ ਜ਼ਮਾਨਤ 'ਤੇ ਆਉਣ ਪਿਛੋਂ ਹਸਪਤਾਲ 'ਚ ਹੋਈ ਮੌਤ ਦਾ ਅਸਲੀ ਕਾਰਨ ਵੀ ਉਕਤ ਨੌਜਵਾਨ ਦੀ ਹਵਾਲਾਤ 'ਚ ਜਾਨਵਰਾਂ ਵਾਂਗ ਕੀਤੀ ਗਈ ਪੁਲਸੀਆ ਕੁੱਟਮਾਰ ਹੀ ਹੈ।

ਅੱਜ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਹੈ ਕਿ ਸੂਬਾ ਸਰਕਾਰ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਖੁਲ੍ਹੀਆਂ ਛੋਟਾਂ ਦਿੱਤੇ ਜਾਣ ਸਦਕਾ ਸੂਬੇ ਦੀ ਪੁਲਸ ਅਸਲੋਂ ਹੀ ਬੇਲਗਾਮ ਹੋ ਗਈ ਹੈ।







ਆਗੂਆਂ ਨੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਹੈ ਕਿ ਸੂਬਾ ਸਰਕਾਰ ਦੀ ਉਕਤ ਮੁਹਿੰਮ, ਜਿਸ ਦੇ ਪ੍ਰਚਾਰ 'ਤੇ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ, ਤਹਿਤ ਹਾਲੇ ਤਾਈਂ ਨਸ਼ਾ ਤਸਕਰਾਂ ਅਤੇ ਇਨ੍ਹਾਂ ਦੀ ਪੁਸ਼ਤ ਪਨਾਹੀ ਕਰ ਰਹੇ ਭ੍ਰਿਸ਼ਟ ਸਿਆਸੀ ਆਗੂਆਂ ਤੇ ਪੁਲਸ-ਪ੍ਰਸ਼ਾਸਨਿਕ ਅਧਿਕਾਰੀਆਂ ਦੀ ਨਾਪਾਕ ਤਿੱਕੜੀ ਵੱਲ ਮੂੰਹ ਤੱਕ ਨਹੀਂ ਕੀਤਾ ਜਾ ਰਿਹਾ।

ਉਨ੍ਹਾਂ ਅੱਗੇ ਕਿਹਾ ਹੈ ਕਿ ''ਇਹ ਸਮਝ ਨਹੀਂ ਪੈ ਰਹੀ ਕਿ ਸੂਬਾ ਸਰਕਾਰ ਦੀ ਬੁਲਡੋਜ਼ਰ ਮੁਹਿੰਮ ਨਸ਼ਾ ਕਾਰੋਬਾਰੀਆਂ ਖਿਲਾਫ ਹੈ ਜਾਂ ਸਰਕਾਰੀ ਜਾਇਦਾਦਾਂ ਤੋਂ ਨਾਜਾਇਜ਼ ਕਬਜ਼ੇ (ਇਨਕਰੋਚਮੈਂਟ) ਹਟਾਉਣ ਲਈ ਹੈ।''

ਪਾਸਲਾ, ਰੰਧਾਵਾ ਤੇ ਜਾਮਾਰਾਏ ਨੇ ਦੋਸ਼ ਲਾਇਆ ਹੈ ਕਿ ਇੰਝ ਜਾਪਦਾ ਹੈ ਜਿਵੇਂ ਸੂਬੇ ਦਾ ਮੁੱਖ ਮੰਤਰੀ, ਪੁਲਸ ਮੁਕਾਬਲਿਆਂ ਅਤੇ ਅਖੌਤੀ 'ਬੁਲਡੋਜ਼ਰ ਇਨਸਾਫ' ਦੇ ਮਾਮਲੇ 'ਚ ਮੋਦੀ-ਯੋਗੀ ਨਾਲ ਮੁਕਾਬਲੇਬਾਜ਼ੀ ਕਰ ਰਿਹਾ ਹੈ।

ਉਨ੍ਹਾਂ ਸੂਬੇ ਦੇ ਸੰਘਰਸ਼ਸ਼ੀਲ ਲੋਕਾਂ 'ਤੇ ਢਾਹੇ ਜਾ ਰਹੇ ਸਰਕਾਰੀ ਜਬਰ ਅਤੇ ਮੁੱਖ ਮੰਤਰੀ ਸਮੇਤ ਸਮੁੱਚੇ ਸਰਕਾਰੀ ਨੁਮਾਇੰਦਿਆਂ ਵਲੋਂ ਜਨਤਕ ਜੱਥੇਬੰਦੀਆਂ ਖਿਲਾਫ਼ ਵਰਤੀ ਜਾ ਰਹੀ ਅਤਿ ਨਿਮਨ ਪੱਧਰ ਦੀ ਇਤਰਾਜ਼ਯੋਗ ਸ਼ਬਦਾਵਲੀ ਦੀ ਵੀ ਜ਼ੋਰਦਾਰ ਨਿੰਦਾ ਕੀਤੀ ਹੈ।

ਆਗੂਆਂ ਨੇ ਕਿਹਾ ਹੈ ਕਿ ਸੂਬਾ ਸਰਕਾਰ, ਖਾਸ ਕਰਕੇ ਮੁੱਖ ਮੰਤਰੀ ਨੂੰ ਵਿਰੋਧੀਆਂ ਦਾ ਕਾਮੇਡੀ ਨੁਮਾ ਨਿੰਦਾ ਪ੍ਰਚਾਰ ਅਤੇ ਧਮਕੀਆਂ ਦੇਣਾ ਬੰਦ ਕਰਕੇ ਆਪਣਾ ਸਾਰਾ ਧਿਆਨ ਸੂਬੇ ਅੰਦਰ ਦਿਨੋ-ਦਿਨ ਵਧਦੀਆਂ ਜਾ ਰਹੀਆਂ ਕਤਲਾਂ, ਲੁੱਟ-ਖੋਹਾਂ, ਅਪਹਰਣ ਤੇ ਫਿਰੌਤੀ ਵਸੂਲੀ, ਗੈਂਗਵਾਰ ਤੇ ਮਾਫੀਆ ਦੀ ਧੱਕੇਸ਼ਾਹੀ ਆਦਿ ਵਾਰਦਾਤਾਂ ਨੂੰ ਠੱਲ੍ਹ ਪਾਉਣ 'ਤੇ ਕੇਂਦ੍ਰਿਤ ਕਰਨਾ ਚਾਹੀਦਾ ਹੈ।

ਇਸਦੇ ਨਾਲ ਹੀ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਤੁਰੰਤ ਠੋਸ ਕਦਮ ਚੁੱਕਣੇ ਚਾਹੀਦੇ ਹਨਟ, ਜਿਨ੍ਹਾਂ ਬਾਰੇ ਅਜੇ ਤੱਕ ਕੁੱਝ ਨਹੀਂ ਕੀਤਾ ਗਿਆ।

# ਨਸ਼ੀਲੇ ਪਦਾਰਥ ਵੇਚਣ ਵਾਲਿਆਂ ਦੇ ਚਲਾਨ ਕੱਟ ਕੇ ਜੁਰਮਾਨਾ ਵਸੂਲ ਕੀਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਸ਼੍ਰੀ ਕੀਰਤਪੁਰ ਸਾਹਿਬ (31 ਮਈ, 2025): ਸਿਹਤ ਵਿਭਾਗ ਦੀ ਟੀਮ ਨੇ ਅੱਜ ਬੱਸ ਅੱਡੇ 'ਤੇ ਤੰਬਾਕੂਨੋਸ਼ੀ ਕਰਨ ਵਾਲਿਆਂ ਅਤੇ ਤੰਬਾਕੂ ਵਰਗੇ ਨਸ਼ੀਲੇ ਪਦਾਰਥ ਵੇਚਣ ਵਾਲਿਆਂ ਦੇ ਚਲਾਨ ਕੱਟ ਕੇ ਜੁਰਮਾਨਾ ਵਸੂਲ ਕੀਤਾ। ਇਸ ਤੋਂ ਇਲਾਵਾ ਸਿਹਤ ਕੇਂਦਰ 'ਤੇ ਆਏ ਮਰੀਜ਼ਾਂ ਅਤੇ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਤੰਬਾਕੂ ਦੀ ਵਰਤੋਂ ਕਾਰਨ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ ਵਿਸ਼ਵ ਤੰਬਾਕੂ ਰਹਿਤ ਦਿਵਸ ਮੌਕੇ ਪੰਜਾਬ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਕੀਤੀ ਗਈ ਇਸ ਕਾਰਵਾਈ ਦੌਰਾਨ 2 ਦਰਜਨ ਤੋਂ ਵੱਧ ਵਿਅਕਤੀਆਂ ਦੇ ਚਲਾਨ ਕੱਟੇ ਗਏ ਅਤੇ ਉਹਨਾਂ ਤੋਂ ਜੁਰਮਾਨਾ ਵੀ ਵਸੂਲ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਢੇਰ ਸਥਿਤ ਮਿੰਨੀ ਪੀ.ਐੱਚ ਸੀ ਅਤੇ ਦੜੋਲੀ, ਦਸਗਰਾਈਂ, ਗੰਗੂਵਾਲ, ਮਹਿਰੌਲੀ, ਕਥੇੜਾ ਅਤੇ ਨੰਗਲੀ ਸਥਿਤ ਆਯੁਸ਼ਮਾਨ ਅਰੋਗਿਆ ਕੇਂਦਰ ਦੀ ਟੀਮ ਵੱਲੋਂ ਸਰਕਾਰੀ ਸਕੂਲਾਂ ਵਿਚ ਜਾ ਕੇ ਵਿਦਿਆਰਥੀਆਂ ਨੂੰ ਤੰਬਾਕੂ ਦੀ ਵਰਤੋਂ ਨਾਲ ਫੇਫੜਿਆਂ ਨੂੰ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ ਗਿਆ ਕਿ ਇਸ ਨਾਲ ਸਰੀਰ ਦੀ ਰੋਗ ਪ੍ਰਤੀਰੋਧਕ ਸਮਰੱਥਾ ਵੀ ਘਟਦੀ ਹੈ ਅਤੇ ਵਿਅਕਤੀ ਦੀ ਮੌਤ ਵੀ ਹੋ ਸਕਦੀ ਹੈ ਇਸ ਕਰਕੇ ਤੰਬਾਕੂ ਦੇ ਸੇਵਨ ਤੋਂ ਬਚਣਾ ਚਾਹੀਦਾ ਹੈ।




ਬਲਾਕ ਐਕਸਟੈਨਸ਼ਨ ਅਜੂਕੇਟਰ ਰਤਿਕਾ ਉਬਰਾਏ ਨੇ ਦੱਸਿਆ ਕਿ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟਣ ਵਾਲੀ ਟੀਮ ਵਿਚ ਐੱਸ. ਐੱਮ.ਆਈ ਸਿਕੰਦਰ ਸਿੰਘ, ਐੱਚ.ਆਈ ਸੁਖਦੀਪ ਸਿੰਘ, ਮਲਟੀ ਪਰਪਜ਼ ਹੈਲਥ ਵਰਕਰ ਕੁਲਵਿੰਦਰ ਸਿੰਘ, ਵਰਿੰਦਰ ਸਿੰਘ, ਸੰਜੀਵ ਕੁਮਾਰ ਅਤੇ ਰਵਿੰਦਰ ਸਿੰਘ ਸ਼ਾਮਲ ਸਨ। ਸਕੂਲਾਂ ਅਤੇ ਆਯੁਸ਼ਮਾਨ ਅਰੋਗਿਆ ਕੇਂਦਰਾਂ 'ਤੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਵਿਚ ਐੱਸ.ਆਈ ਬਲਵੰਤ ਰਾਏ, ਸੀ.ਐੱਚ.ਓ ਅਨਜਨਾ, ਜਸਪ੍ਰੀਤ ਕੌਰ, ਗਗਨਦੀਪ ਕੌਰ,ਅਮਨਦੀਪ ਕੌਰ, ਰਵਨੀਤ ਕੌਰ, ਮਲਟੀਪਰਪਜ਼ ਹੈਲਥ ਵਰਕਰ ਅਜੈ, ਬਲਜੀਤ ਸਿੰਘ, ਰਜਨੀ ਅਤੇ ਜਸਵੀਰ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਸਿਲਾਈ ਦੀ ਮੁਫ਼ਤ ਸਿਖਲਾਈ ਲੈਣ ਵਾਲੀਆਂ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ

## ਮਾਰਕੀਟ ਕਮੇਟੀ, ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਅਤੇ ਸਮਾਜਿਕ ਤੇ ਆਰ.ਟੀ.ਆਈ. ਕਾਰਕੁੰਨ ਜਤਿੰਦਰ ਜੈਨ ਨੇ ਵੰਡੇ ਸਰਟੀਫਿਕੇਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੁਨਾਮ, 31 ਮਈ, 2025: 'ਆਪ' ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਵੱਲੋਂ ਚਲਾਈ ਜਾ ਰਹੀ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਤਹਿਤ ਲੜਕੀਆਂ ਅਤੇ ਔਰਤਾਂ ਨੂੰ ਸਿਲਾਈ ਦੀ ਮੁਫ਼ਤ ਸਿਖਲਾਈ ਦੇਣ ਲਈ ਸੁਨਾਮ ਹਲਕੇ ਦੇ ਪਿੰਡਾਂ ਵਿੱਚ ਲਾਏ ਜਾਂਦੇ ਮੁਫਤ ਸਿਲਾਈ ਕੈਂਪਾਂ ਤਹਿਤ ਚੱਠੇ ਸੇਖਵਾਂ ਵਿਖੇ ਕੋਰਸ ਪੂਰਾ ਕਰਨ ਵਾਲੀਆਂ 57, ਉਪਲੀ ਵਿਖੇ 72 ਅਤੇ ਲੌਂਗੋਵਾਲ (ਪਿੰਡੀ ਭਾਈ ਕੀ ਸਮਾਧ) ਵਿਖੇ 25 ਸਿਖਿਆਰਥਣਾਂ ਨੂੰ ਸਰਟੀਫਿਕੇਟਾਂ ਦੀ ਵੰਡ ਮਾਰਕੀਟ ਕਮੇਟੀ, ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਅਤੇ ਸਮਾਜਿਕ ਤੇ ਆਰ.ਟੀ.ਆਈ. ਕਾਰਕੁੰਨ ਜਤਿੰਦਰ ਜੈਨ ਵਲੋਂ ਕੀਤੀ ਗਈ।

ਇਸ ਮੌਕੇ ਸ੍ਰੀ ਜੁਨੇਜਾ ਤੇ ਸ੍ਰੀ ਜੈਨ ਨੇ ਕਿਹਾ ਕਿ ਕਿਸੇ ਨੂੰ ਰੋਜ਼ਗਾਰ ਦੇ ਕਾਬਲ ਬਣਾ ਕੇ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਬਹੁਤ ਵੱਡੀ ਸੇਵਾ ਹੈ। ਇਸ ਨਾਲ ਨਾ ਕੇਵਲ ਰੋਜ਼ਗਾਰ ਪ੍ਰਾਪਤ ਕਰਨ ਵਾਲੇ ਦੀ ਜ਼ਿੰਦਗੀ ਬਣਦੀ ਹੈ, ਸਗੋਂ ਉਸ ਦੇ ਪਰਿਵਾਰ ਦਾ ਜੀਵਨ ਪੱਧਰ ਵੀ ਉੱਚਾ ਹੋ ਜਾਂਦਾ ਹੈ।

ਸਮਾਜ ਸੇਵਾ ਦੇ ਖੇਤਰ ਵਿੱਚ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਦਾ ਯੋਗਦਾਨ ਬਹੁਤ ਅਹਿਮ ਹੈ। ਉਹਨਾਂ ਕਿਹਾ ਕਿ ਇਸ ਸੰਸਥਾ ਵੱਲੋਂ ਸਾਲ 2021 ਤੋਂ ਲੈ ਕੇ ਹੁਣ ਤਕ ਹਜ਼ਾਰਾਂ ਲੜਕੀਆਂ ਤੇ ਔਰਤਾਂ ਨੂੰ ਸਿਖਲਾਈ ਦੇ ਕੇ ਆਤਮ ਨਿਰਭਰ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਜਿੱਥੇ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਕਸਰ ਨਹੀਂ ਛੱਡੀ ਜਾ ਰਹੀ, ਉੱਥੇ ਉਹ ਇਸ ਸੰਸਥਾ ਜ਼ਰੀਏ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਚਨਬੱਧ ਹਨ। ਉਹਨਾਂ ਵੱਲੋਂ ਚਲਾਏ ਜਾ ਰਹੇ ਸੇਵਾ ਕੇਂਦਰ ਜ਼ਰੀਏ ਵੀ ਲੋਕਾਂ ਨੂੰ ਵੱਖੋ ਵੱਖ ਸੇਵਾਵਾਂ ਲੈਣ ਵਿੱਚ ਬਹੁਤ ਮਦਦ ਮਿਲ ਰਹੀ ਹੈ।

ਉਹਨਾਂ ਕਿਹਾ ਕਿ ਸਮਾਜ ਦੀ ਬਿਹਤਰੀ ਲਈ ਇਹ ਜ਼ਰੂਰੀ ਹੈ ਕਿ ਨੌਜਵਾਨ ਲੜਕੇ ਲੜਕੀਆਂ ਨੂੰ ਵੱਧ ਤੋਂ ਵੱਧ ਹੁਨਰਮੰਦ ਬਣਾਇਆ ਜਾਵੇ ਕਿਉਂਕਿ ਹੁਨਰਮੰਦ ਨੌਜਵਾਨਾਂ ਲਈ ਰੁਜ਼ਗਾਰ ਦੇ ਬਹੁਤ ਜ਼ਿਆਦਾ ਮੌਕੇ ਉਪਲੱਬਧ ਹੁੰਦੇ ਹਨ ਜਾਂ ਫਿਰ ਉਹ ਆਪਣਾ ਸਵੈ ਰੁਜ਼ਗਾਰ ਵੀ ਸ਼ੁਰੂ ਕਰ ਸਕਦੇ ਹੁੰਦੇ ਹਨ। ਜਿਸ ਨਾਲ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਇੱਕ ਚੰਗੀ ਜ਼ਿੰਦਗੀ ਬਸਰ ਕਰਨ ਦੇ ਯੋਗ ਬਣ ਜਾਂਦੇ ਹਨ।

ਪੰਜਾਬ ਸਰਕਾਰ ਵੱਲੋਂ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਜਿਸ ਦੇ ਸਾਰਥਕ ਸਿੱਟੇ ਨਿਕਲ ਰਹੇ ਹਨ ਤੇ ਲੋਕਾਂ ਵੱਲੋਂ ਸਰਕਾਰ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ। ਦੂਜੇ ਪਾਸੇ ਵੱਖੋ-ਵੱਖ ਸਮਾਜ ਸੇਵੀ ਸੰਸਥਾਵਾਂ ਵੀ ਇਸ ਵਿੱਚ ਭਰਵਾਂ ਯੋਗਦਾਨ ਪਾ ਰਹੀਆਂ ਹਨ।

ਉਹਨਾਂ ਨੇ ਔਰਤਾਂ ਤੇ ਲੜਕੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਸਲਾਈ ਸੈਂਟਰਾਂ ਵਿੱਚ ਦਿੱਤੀ ਜਾ ਰਹੀ ਮੁਫ਼ਤ ਸਿਖਲਾਈ ਦਾ ਵੱਧ ਤੋਂ ਵੱਧ ਲਾਭ ਲੈ ਕੇ ਆਪਣੇ ਪੈਰਾਂ 'ਤੇ ਖੜ੍ਹੀਆਂ ਹੋਣ।

ਇਸ ਮੌਕੇ ਪੀ.ਏ. ਸਰਜੀਵਨ ਕੁਮਾਰ ਲੱਕੀ, ਸੁਰਿੰਦਰ ਪਰੂਥੀ, ਸਰਪੰਚ ਚਰਨਜੀਤ ਕੌਰ, ਸਰਪੰਚ ਭੀਮ ਦਾਸ, ਸਰਪੰਚ ਬਲਵਿੰਦਰ, ਸੂਬੇਦਾਰ ਮੇਲਾ ਸਿੰਘ, ਰਾਜ ਸਿੰਘ ਰਾਜੂ, ਅੰਮ੍ਰਿਤ ਸਿੰਘ, ਅੰਮ੍ਰਿਤਪਾਲ ਸਿੰਘ ਸਿੱਧੂ, ਅਧਿਆਪਕ ਰਣਜੀਤ ਕੌਰ, ਕਰਮਜੀਤ ਕੌਰ, ਮਨਪ੍ਰੀਤ ਸਿੰਘ ਮਨੀ ਸਮੇਤ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਤੇ ਔਰਤਾਂ ਹਾਜ਼ਰ ਸਨ।

# ਨਸ਼ਾ ਮੁਕਤੀ ਯਾਤਰਾ-* ਪੰਜਾਬ ਵਿੱਚ ਨਸ਼ਿਆਂ ਦਾ ਖਾਤਮਾ ਤੈਅ: ਬਰਿੰਦਰ ਕੁਮਾਰ ਗੋਇਲ

## 12 ਹਜ਼ਾਰ ਤੋਂ ਵੱਧ ਨਸ਼ਾ ਤਸਕਰ ਜੇਲ੍ਹਾਂ ਵਿੱਚ ਡੱਕੇ; 8600 ਤੋਂ ਵੱਧ ਪਰਚੇ ਕੀਤੇ ਦਰਜ, ਕੈਬਨਿਟ ਮੰਤਰੀ ਵੱਲੋਂ ਪਿੰਡ ਰਾਏਧਰਾਣਾ, ਜਲੂਰ, ਭੁਟਾਲ ਕਲਾਂ ਅਤੇ ਭੁਟਾਲ ਖੁਰਦ ਵਿਖੇ, ਰੱਖਿਆ ਕਮੇਟੀਆਂ ਨਾਲ ਮੀਟਿੰਗਾਂ, ਕੈਬਨਿਟ ਮੰਤਰੀ ਵੱਲੋਂ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਸਬੰਧੀ ਕੋਈ ਵੀ ਦਿੱਕਤ ਨਾ ਆਉਣ ਦੇਣ ਦਾ ਵਾਅਦਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਲਹਿਰਾ, 31 ਮਈ, 2025: ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ "ਨਸ਼ਾ ਮੁਕਤੀ ਯਾਤਰਾ" ਤਹਿਤ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਲਹਿਰਾ ਦੇ ਪਿੰਡ ਰਾਏਧਰਾਣਾ, ਜਲੂਰ, ਭੁਟਾਲ ਕਲਾਂ ਅਤੇ ਭੁਟਾਲ ਖੁਰਦ ਵਿਖੇ ਨਸ਼ਿਆਂ ਦੇ ਖਾਤਮੇ ਹਿਤ ਬਣਾਈਆਂ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦਾ ਖਾਤਮਾ ਤੈਅ ਹੈ।

ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਹੁਣ ਤੱਕ 12 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਗਿਆ ਹੈ ਅਤੇ 8600 ਤੋਂ ਵੱਧ ਪਰਚੇ ਦਰਜ ਕੀਤੇ ਗਏ ਹਨ। ਨਸ਼ਿਆਂ ਵਿਰੁੱਧ ਯੁੱਧ ਲਗਾਤਾਰ ਜਾਰੀ ਰਹੇਗਾ ਅਤੇ ਨਸ਼ਿਆਂ ਦੇ ਖਾਤਮੇ ਹਿੱਤ ਨਸ਼ਾ ਤਸਕਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਹੁੰਦੀ ਰਹੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਬਣਨ 'ਤੇ ਪੰਜਾਬ ਰੰਗਲਾ ਪੰਜਾਬ ਬਣਨ ਦੇ ਰਾਹ ਪਿਆ ਹੈ ਅਤੇ ਪੰਜਾਬ ਵਿੱਚ ਨਸ਼ਾ ਕਿਸੇ ਵੀ ਕੀਮਤ ਉੱਤੇ ਵੀ ਰਹਿਣ ਨਹੀਂ ਦਿੱਤਾ ਜਾਵੇਗਾ। ਉਹਨਾਂ ਨੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਡੱਟ ਕੇ ਕੰਮ ਕਰਨ ਲਈ ਪ੍ਰੇਰਿਆ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਿਹੜੇ ਨਸ਼ਾ ਪੀੜਤ ਹਨ, ਉਹਨਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ ਤੇ ਜਿਹੜੇ ਨਸ਼ੇ ਵੇਚਦੇ ਹਨ, ਉਹ ਕਿਸੇ ਵੀ ਹਾਲ ਬਖ਼ਸ਼ੇ ਨਹੀਂ ਜਾ ਰਹੇ। ਨਸ਼ਾ ਤਸਕਰਾਂ ਖਿਲਾਫ਼ ਮਿਸਾਲੀ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਉਣਾ ਚਾਹੁੰਦੇ ਹਨ, ਉਹ ਅੱਗੇ ਆਉਣ ਪੰਜਾਬ ਸਰਕਾਰ ਉਹਨਾਂ ਦੀ ਹਰ ਹਾਲ ਮਦਦ ਕਰੇਗੀ। ਇਸ ਸਬੰਧੀ ਜ਼ਿਲ੍ਹੇ ਵਿੱਚ ਸਰਕਾਰੀ ਨਸ਼ਾ ਛੁਡਾਊ ਤੇ ਮੁੜਵਸੇਵਾ ਕੇਂਦਰ ਕਾਰਜਸ਼ੀਲ ਹਨ। ਜਿਹੜੇ ਨੌਜਵਾਨ ਨਸ਼ੇ ਛੱਡਣ ਲਈ ਅੱਗੇ ਆਏ ਹਨ, ਉਹਨਾਂ ਦਾ ਸਰਕਾਰੀ ਨਸ਼ਾ ਛੁਡਾਊ ਕੇਂਦਰ ਅਤੇ ਓਟ ਕਲੀਨਿਕਾਂ ਰਾਹੀਂ ਇਲਾਜ ਕਰਵਾਇਆ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਕਈ ਵਾਰ ਨੌਜਵਾਨਾਂ ਨੂੰ ਵਰਗਲਾ ਕੇ ਨਸ਼ਿਆਂ ਵਿਚ ਪਾਇਆ ਜਾਂਦਾ ਹੈ ਪਰ ਕਈ ਵਾਰ ਪਰਿਵਾਰ ਵਾਲੇ ਇਹ ਗੱਲ ਕਿਸੇ ਨੂੰ ਦੱਸਦੇ ਨਹੀਂ, ਜਿਸ ਨਾਲ ਇਹ ਬਿਮਾਰੀ ਵਧਦੀ ਜਾਂਦੀ ਹੈ ਤੇ ਫੇਰ ਉਹਨਾਂ ਦਾ ਇਸ ਦਲਦਲ ਵਿਚੋਂ ਬਾਹਰ ਆਉਣਾ ਮੁਸ਼ਕਲ ਹੋ ਜਾਂਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਿਹੜੇ ਲੋਕਾਂ ਨੇ ਨਸ਼ੇ ਵੇਚ ਕੇ ਨਾਜਾਇਜ਼ ਉਸਾਰੀਆਂ ਕੀਤੀਆਂ ਹਨ, ਉਹਨਾਂ ਨੂੰ ਢਾਹਿਆ ਜਾ ਰਿਹਾ ਹੈ। ਹੇਠਲੇ ਪੱਧਰ ਤਕ ਸਾਰੇ ਲੋਕਾਂ ਨੂੰ ਜਾਗਰੂਕ ਕਰ ਕੇ ਇਸ ਬਿਮਾਰੀ ਨੂੰ ਖਤਮ ਕਰਨ ਦੀ ਲੋੜ ਹੈ। ਅੱਜ ਲੋਕਾਂ ਵੱਲੋਂ ਇਸ ਗੱਲ ਲਈ ਸਰਕਾਰ ਦੀ ਸ਼ਲਾਘਾ ਕੀਤੀ ਜਾ ਰਹੀ ਹੈ, ਕਿ ਵੱਡੇ ਤੋਂ ਵੱਡੇ ਨਸ਼ਾ ਤਸਕਰਾਂ ਖਿਲਾਫ਼ ਕਾਰਵਾਈ ਕੀਤੀ ਜਾ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਅਤੇ ਪੰਜਾਬ ਸਰਕਾਰ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਹੈ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।

ਮੀਡੀਆ ਵੱਲੋਂ ਬਰਸਾਤਾਂ ਦੇ ਮੱਦੇਨਜ਼ਰ ਡਰੇਨਾਂ ਅਤੇ ਹੋਰ ਨਿਕਾਸੀ ਸਰੋਤਾਂ ਦੀ ਸਫਾਈ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਡਰੇਨਾਂ, ਚੋਆਂ, ਨਾਲਿਆਂ ਆਦਿ ਨਿਕਾਸੀ ਸਰੋਤਾਂ ਦੀ ਸਫਾਈ ਕਾਫੀ ਹੱਦ ਤੱਕ ਮੁਕੰਮਲ ਕਰ ਲਈ ਗਈ ਹੈ ਅਤੇ ਰਹਿੰਦੇ ਸਫਾਈ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ। ਉਹਨਾਂ ਦੱਸਿਆ ਕਿ ਲੋਕਾਂ ਦੀ ਮੰਗ ਅਨੁਸਾਰ ਲਹਿਰਾ ਹਲਕੇ ਦੇ ਵਿੱਚ ਘੱਗਰ ਦੀ ਚੈਨਲਾਈਜੇਸ਼ਨ ਕਰਨ ਦੇ ਨਾਲ ਨਾਲ ਇਸ ਦੇ ਬੰਨ੍ਹਾਂ ਨੂੰ 15-15 ਫੁੱਟ ਚੌੜਾ ਵੀ ਕੀਤਾ ਗਿਆ ਹੈ।

ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ ਡੀ.ਐਸ.ਪੀ. ਦੀਪਇੰਦਰ ਸਿੰਘ ਲਹਿਰਾ, ਤਹਿਸੀਲਦਾਰ ਪਰਵੀਨ ਲਹਿਰਾ, ਐਸ.ਐਚ.ਓ. ਰਣਵੀਰ ਸਿੰਘ, ਐਸ.ਐਚ.ਓ. ਜਗਤਾਰ ਸਿੰਘ ਮੂਨਕ, ਨੈਬ ਸਿੰਘ, ਮੱਖਣ ਸਿੰਘ, ਹਰਦੀਪ ਸਿੰਘ, ਅਜੈਬ ਸਿੰਘ, ਪਰਮਜੀਤ ਸਿੰਘ ਗੁਰਸੰਤ ਸਿੰਘ, ਅਵਤਾਰ ਸਿੰਘ, ਡਾ. ਬੱਗਾ, ਦੀਪਾ ਸਿੰਘ ਸਮੂਹ ਸਮੇਤ ਪਿੰਡਾਂ ਦੀਆਂ ਪੰਚਾਇਤਾਂ ਤੇ ਹੋਰ ਆਗੂ ਸਾਹਿਬਾਨ ਹਾਜ਼ਰ ਸਨ।

# ਵਿਸ਼ਵ ਤੰਬਾਕੂ ਰਹਿਤ ਦਿਵਸ ਮੌਕੇ ਤੰਬਾਕੂ ਦੀ ਵਰਤੋਂ ਨਾ ਕਰਨ ਦਾ ਲਿਆ ਪ੍ਰਣ

## ਜਨਤਕ ਥਾਵਾਂ 'ਤੇ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ ਕਰਨਾ ਕਾਨੂੰਨੀ ਅਪਰਾਧ: ਡਾ.ਸੰਜੇ ਕਾਮਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੰਗਰੂਰ, 31 ਮਈ, 2025: ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਕਲੇਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੀ ਅਗਵਾਈ ਹੇਠ ਸਿਵਲ ਸਰਜਨ ਡਾ. ਸੰਜੇ ਕਾਮਰਾ ਵੱਲੋਂ ਵਿਸ਼ਵ ਤੰਬਾਕੂ ਰਹਿਤ ਦਿਵਸ ਮੌਕੇ ਤੰਬਾਕੂ ਦੀ ਵਰਤੋਂ ਨਾ ਕਰਨ ਸਬੰਧੀ ਪ੍ਰਣ ਕਰਵਾਇਆ ਗਿਆ।

ਇਸ ਮੌਕੇ ਸਿਵਲ ਸਰਜਨ ਡਾ. ਸੰਜੇ ਕਾਮਰਾ ਨੇ ਕਿਹਾ ਕਿ ਕੋਟਪਾ (ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ) ਐਕਟ 2003 ਦੀ ਉਲੰਘਣਾ ਕਰਨਾ ਸਜ਼ਾਯੋਗ ਅਪਰਾਧ ਹੈ। ਕੋਟਪਾ ਐਕਟ ਦੀ ਧਾਰਾ 4 ਤਹਿਤ ਜਨਤਕ ਥਾਵਾਂ 'ਤੇ ਸਿਗਰਟ ਪੀਣ ਜਾਂ ਤੰਬਾਕੂਨੋਸ਼ੀ ਕਰਨ 'ਤੇ 200 ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਐਕਟ ਦੀ ਧਾਰਾ 6(ਏ) ਤਹਿਤ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਸਿਗਰਟ ਜਾਂ ਕਿਸੇ ਤੰਬਾਕੂ ਉਤਪਾਦ ਦੀ ਵਿਕਰੀ ਕਰਨ ਦੀ ਪਾਬੰਦੀ ਹੈ ਜਦਕਿ ਧਾਰਾ 6 (ਬੀ) ਤਹਿਤ ਵਿੱਦਿਅਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ ਕਰਨਾ ਵੀ ਕਾਨੂੰਨੀ ਅਪਰਾਧ ਹੈ। ਇਸ ਤੋਂ ਇਲਾਵਾ ਧਾਰਾ 5 ਤਹਿਤ ਕਿਸੇ ਵੀ ਤੰਬਾਕੂ ਪਦਾਰਥ ਦੀ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਇਸ਼ਤਿਹਾਰਬਾਜ਼ੀ ਨਹੀਂ ਕੀਤੀ ਜਾ ਸਕਦੀ ਹੈ।

ਇਸ ਮੌਕੇ ਸਹਾਇਕ ਸਿਵਲ ਸਰਜਨ ਕਮ ਜ਼ਿਲ੍ਹਾ ਤੰਬਾਕੂ ਕੰਟਰੋਲ ਅਫਸਰ ਡਾ. ਸੰਜੇ ਮਾਥੁਰ ਨੇ ਕਿਹਾ ਕਿ ਤੰਬਾਕੂ ਦਾ ਕਿਸੇ ਵੀ ਰੂਪ ਨਾਲ ਸੇਵਨ ਵਿਅਕਤੀ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਕਮਜ਼ੋਰ ਕਰ ਦਿੰਦਾ ਹੈ ਤੇ ਉਸ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਘੱਟ ਜਾਂਦੀ ਹੈ, ਜਿਸ ਕਾਰਨ ਉਸ ਨੂੰ ਬਹੁਤ ਸਾਰੀਆਂ ਬੀਮਾਰੀਆਂ ਘੇਰ ਲੈਂਦੀਆਂ ਹਨ ਤੇ ਮਨੁੱਖ ਦੀ ਔਸਤਨ ਉਮਰ ਘਟ ਜਾਂਦੀ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਨਾਲ ਮੂੰਹ, ਗਲਾ ਤੇ ਫ਼ੇਫੜਿਆਂ ਦਾ ਕੈਂਸਰ ਤੇ ਦੰਦਾਂ ਆਦਿ ਦੀਆਂ ਬੀਮਾਰੀਆਂ ਹੋਣ ਦਾ ਖ਼ਤਰਾ ਵਧੇਰੇ ਹੁੰਦਾ ਹੈ।ਇਸ ਮੌਕੇ ਸਿਵਲ ਸਰਜਨ ਦਫਤਰ ਦਾ ਸਮੂਹ ਸਟਾਫ ਹਾਜ਼ਰ ਸੀ।

# ਐਗਰੀਕਲਚਰ ਮਸ਼ੀਨਰੀ ਇੰਡੀਆ ਵਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ

## ਛਾਂ ਦਾਰ ਪੌਂਦੇ ਲਾਉਣ ਲਈ ਕੀਤਾ ਪ੍ਰੇਰਿਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਮੋਰਿੰਡਾ 27 ਮਈ (ਪਤਰ ਪ੍ਰੇਰਕ) ਕੜਕਦੀ ਧੁੱਪ ਤੋਂ ਆਮ ਲੋਕਾਂ ਨੂੰ ਰਾਹਤ ਦਿਵਾਉਣ ਦੇ ਮੰਤਵ ਨਾਲ ਯਨਮਾਰ ਐਗਰੀਕਲਚਰ ਮਸ਼ੀਨਰੀ ਇੰਡੀਆ ਪ੍ਰਾਈਵੇਟ ਲਿਮਿਟਡ ਮੋਰਿੰਡਾ ਦੇ ਸਮੂਹ ਵਰਕਰਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਠੰਢੇ ਮਿੱਠੇ ਜਲ੍ਹ ਦੀ ਛਬੀਲ ਲਗਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਰਿੰਦਰ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਉਹਨਾਂ ਆਖਿਆ ਕਿ ਗਰਮੀ ਤੋਂ ਬਚਣ ਲਈ ਛਬੀਲ ਤਾਂ ਆਰਜ਼ੀ ਰਾਹਤ ਹੈ ਪ੍ਰੰਤੂ ਸਾਨੂੰ ਗਰਮੀ ਦੇ ਪੱਕੇ ਹਲ ਲਈ ਹਰ ਮਨੁੱਖ ਨੂੰ ਰੁੱਖ ਜਰੂਰ ਲਗਾਉਣੇ ਚਾਹੀਦੇ ਹਨ । ਹਰ ਇੱਕ ਬੰਦੇ ਨੂੰ ਇੱਕ ਰੁੱਖ ਲਗਾਉਣਾ ਅਤੇ ਜ਼ਰੂਰੀ ਹੈ। ਅਤੇ ਦਰਖਤਾਂ ਦੀ ਸੰਭਾਲ ਲਈ ਵੀ ਢੁਕਵੇਂ ਪ੍ਰਬੰਧ ਕਰਨੇ ਚਾਹੀਦੇ ਹਨ। ਇਸ ਮੌਕੇ ਰੋਹਤਾਸ, ਭਾਗ ਸਿੰਘ, ਵਰਿੰਦਰ, ਸੂਰਜ, ਰਾਮਧਨ ਗੁਰਮੀਤ ਸਿੰਘ ਬੜਾ, ਐਡਵੋਕੇਟ ਪਰਮਿੰਦਰ ਸਿੰਘ ਤੂਰ ਆਦਿ ਨੇ ਛਬੀਲ 'ਤੇ ਸੇਵਾ ਨਿਭਾ ਕੇ ਲੋਕ ਸੇਵਾ ਕੀਤੀ।

# ਚੀਨ ਦੀ ਵਿਸ਼ਵਵਿਆਪੀ ਸੰਸਾਰ ਦਾ ਨੇਤਾ ਬਣਨ ਦੀ ਇੱਛਾ - ਅੰਤਰਰਾਸ਼ਟਰੀ ਆਰਬਿਟਰੇਸ਼ਨ ਸੰਗਠਨ ਦੀ ਸਥਾਪਨਾ - 50 ਦੇਸ਼ਾਂ ਅਤੇ 20 ਅੰਤਰਰਾਸ਼ਟਰੀ ਸੰਗਠਨਾਂ ਦੇ 400 ਪ੍ਰਤੀਨਿਧੀ ਸ਼ਾਮਲ

## ਚੀਨ ਗਲੋਬਲ ਦੱਖਣ ਦਾ ਨੇਤਾ ਬਣਨ ਦੀ ਕੋਸ਼ਿਸ਼ ਵਿੱਚ - ਚੀਨ ਸੰਯੁਕਤ ਰਾਸ਼ਟਰ ਅਤੇ ਅਮਰੀਕਾ ਨੂੰ ਚੁਣੌਤੀ ਦੇਣ ਦੇ ਮੂਡ ਵਿੱਚ, ਅੰਤਰਰਾਸ਼ਟਰੀ ਵਿਵਾਦਾਂ ਨੂੰ ਹੱਲ ਕਰਨ ਦੀ ਬਜਾਏ, ਇਹ ਬਿਹਤਰ ਹੋਵੇਗਾ ਕਿ ਚੀਨ ਪਹਿਲਾਂ ਭਾਰਤ, ਫਿਲੀਪੀਨਜ਼, ਵੀਅਤਨਾਮ ਅਤੇ ਹੋਰ ਬਹੁਤ ਸਾਰੇ ਗੁਆਂਢੀਆਂ ਨਾਲ ਸਰਹੱਦੀ ਵਿਵਾਦਾਂ ਨੂੰ ਹੱਲ ਕਰੇ - ਐਡਵੋਕੇਟ ਕਿਸ਼ਨ ਸੰਮੁਖਦਾਸ ਭਵਾਨੀ ਗੋਂਡੀਆ ਮਹਾਰਾਸ਼ਟਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ INTERNATIONAL PAPER, 94636 01616 hardipchumber57@gmail.com

ਗੋਂਡੀਆ - ਵਿਸ਼ਵਵਿਆਪੀ ਪੱਧਰ 'ਤੇ, ਦੁਨੀਆ ਦਾ ਹਰ ਦੇਸ਼, ਹਰ ਵੱਡਾ ਅਤੇ ਛੋਟਾ ਸੰਗਠਨ, ਪਾਰਟੀ, ਫੇਰਮ, ਕਮੇਟੀ, ਬੋਰਡ, ਫਾਊਂਡੇਸ਼ਨ ਜਿਸ ਵਿੱਚ ਸੰਸਦ ਤੋਂ ਲੈ ਕੇ ਪੰਚਾਇਤ ਕਮੇਟੀ ਅਤੇ ਛੋਟੀ ਅਤੇ ਵੱਡੀ ਸਮਾਜਿਕ, ਰਾਜਨੀਤਿਕ ਅਤੇ ਧਾਰਮਿਕ ਕਮੇਟੀ ਅਤੇ ਇੱਕ ਵਿਅਕਤੀ ਤੋਂ ਲੈ ਕੇ ਇੱਕ ਸਮੂਹ ਤੱਕ ਹਰ ਵਿਅਕਤੀ, ਆਪਣੇ ਸਮੂਹ ਦਾ ਨੇਤਾ ਜਾਂ ਮੁਖੀ ਬਣਨਾ ਚਾਹੁੰਦਾ ਹੈ, ਉਸਦੀ ਇੱਛਾ ਹੈ ਕਿ ਮੈਂ ਆਪਣੇ ਸਮੂਹ ਦੀ ਅਗਵਾਈ ਕਰਾਂ! ਮੈਂ ਦੀ ਇਹ ਭਾਵਨਾ ਬਹੁਤ ਵਿਘਨਕਾਰੀ ਹੈ, ਜੇ ਅਸਲ ਵਿੱਚ ਮਜਬੂਰ ਹੋ ਜਾਂਦਾ ਹੈ, ਉਹ ਕਿਸੇ ਨਾ ਕਿਸੇ ਤਰੀਕੇ ਨਾਲ ਹੇਰਾਫੇਰੀ ਕਰਕੇ ਆਪਣੇ ਆਪ ਨੂੰ ਮੁਖੀ ਬਣਾਉਣ ਦੀ ਕੋਸ਼ਿਸ਼ ਕਰਦਾ ਰਹਿੰਦਾ ਹੈ। ਬਜ਼ੁਰਗ ਇਹ ਕਹਿਣ ਵਿੱਚ ਬਿਲਕੁਲ ਸਹੀ ਹਨ ਕਿ ਗੁਲਾਬ ਦੀ ਖੁਸ਼ਬੂ ਛੁਪੀ ਨਹੀਂ ਜਾ ਸਕਦੀ, ਯਾਨੀ ਜਿਸ ਕੋਲ ਗਿਆਨ, ਯੋਗਤਾ ਅਤੇ ਸਮਰੱਥਾ ਹੁੰਦੀ ਹੈ, ਇਹ ਆਪਣੇ ਆਪ ਚਮਕਦੀ ਹੈ ਅਤੇ ਉਸ ਵਿਅਕਤੀ ਨੂੰ ਖੰਭਾਂ ਨਾਲ ਅੱਗੇ ਲਿਆਉਂਦੀ ਹੈ, ਜਿਵੇਂ ਕਿ ਅਸੀਂ ਦੇਖਿਆ ਹੈ ਕਿ ਕਈ ਰਾਜਾਂ ਵਿੱਚ ਅਜਿਹੇ ਲੋਕਾਂ ਨੂੰ ਮੁੱਖ ਮੰਤਰੀ ਬਣਾਇਆ ਗਿਆ ਹੈ ਜਿਨ੍ਹਾਂ ਨੂੰ ਕਿਤੇ ਜਾਣਿਆ ਨਹੀਂ ਜਾਂਦਾ ਸੀ। ਅੱਜ ਅਸੀਂ ਲੀਡਰਸ਼ਿਪ ਦੇ ਇਸ ਵਿਸ਼ੇ 'ਤੇ ਚਰਚਾ ਕਰ ਰਹੇ ਹਾਂ ਕਿਉਂਕਿ 30 ਮਈ 2025 ਨੂੰ ਦੇਰ ਸ਼ਾਮ ਤੱਕ ਮੀਡੀਆ ਜਗਤ ਵਿੱਚ ਚਰਚਾ ਸੀ ਕਿ ਚੀਨ ਨੇ ਇੱਕ ਅੰਤਰਰਾਸ਼ਟਰੀ ਸਾਲਸੀ ਸੰਗਠਨ ਬਣਾਇਆ ਹੈ ਜਿਸ ਵਿੱਚ ਲਗਭਗ 85 ਦੇਸ਼ਾਂ ਅਤੇ 20 ਅੰਤਰਰਾਸ਼ਟਰੀ ਸੰਗਠਨਾਂ ਸਮੇਤ 400 ਪ੍ਰਤੀਨਿਧੀਆਂ ਨੇ ਹਿੱਸਾ ਲਿਆ ਸੀ, ਜਿਸ ਦੇ ਚਾਰਟਰ 'ਤੇ ਉਸ ਸਮੇਂ 33 ਦੇਸ਼ਾਂ ਨੇ ਵੀ ਦਸਤਖਤ ਕੀਤੇ ਸਨ, ਜਿਸ ਵਿੱਚ ਬੇਲਾਰੂਸ, ਪਾਕਿਸਤਾਨ ਅਤੇ ਇੰਡੋਨੇਸ਼ੀਆ ਸਮੇਤ ਕਈ ਦੇਸ਼ ਸ਼ਾਮਲ ਹਨ। ਕਿਉਂਕਿ ਚੀਨ ਲੰਬੇ ਸਮੇਂ ਤੋਂ ਗਲੋਬਲ ਸਾਊਥ ਦਾ ਨੇਤਾ ਬਣ ਕੇ ਸੰਯੁਕਤ ਰਾਸ਼ਟਰ ਅਤੇ ਅਮਰੀਕਾ ਨੂੰ ਚੁਣੌਤੀ ਦੇਣ ਦੇ ਮੂਡ ਵਿੱਚ ਹੈ, ਅਤੇ ਅੰਤਰਰਾਸ਼ਟਰੀ ਵਿਵਾਦਾਂ ਨੂੰ ਹੱਲ ਕਰਨ ਲਈ ਸੰਯੁਕਤ ਰਾਸ਼ਟਰ, ਅਮਰੀਕਾ ਅਤੇ ਅੰਤਰਰਾਸ਼ਟਰੀ ਅਦਾਲਤ ਦੇ ਬਰਾਬਰ ਬਣਨਾ ਚਾਹੁੰਦਾ ਹੈ, ਹਾਲਾਂਕਿ ਇਹ ਖੁਦ ਭਾਰਤ, ਫਿਲੀਪੀਨਜ਼, ਵੀਅਤਨਾਮ ਸਮੇਤ ਕਈ ਦੇਸ਼ਾਂ ਨਾਲ ਸਰਹੱਦੀ ਵਿਵਾਦਾਂ ਵਿੱਚ ਉਲਝਿਆ ਹੋਇਆ ਹੈ, ਅਤੇ ਇਸਨੂੰ ਹੱਲ ਕਰਨ ਵਿੱਚ ਅਸਮਰੱਥ ਹੈ ਅਤੇ ਇੱਥੇ ਮੁਰਗੀ ਇੱਕ ਹੀਰੇ ਬਣਨ ਜਾ ਰਿਹਾ ਹੈ! ਇਸ ਲਈ, ਅੱਜ, ਮੀਡੀਆ ਵਿੱਚ ਉਪਲਬਧ ਜਾਣਕਾਰੀ ਦੀ ਮਦਦ ਨਾਲ, ਅਸੀਂ ਇਸ ਲੇਖ ਰਾਹੀਂ ਚਰਚਾ ਕਰਾਂਗੇ, ਚੀਨ ਦੀ ਵਿਸ਼ਵਵਿਆਪੀ ਦੁਨੀਆ ਦਾ ਨੇਤਾ ਬਣਨ ਦੀ ਇੱਛਾ, ਅੰਤਰਰਾਸ਼ਟਰੀ ਆਰਬਿਟਰੇਸ਼ਨ ਸੰਗਠਨ ਦੀ ਸਥਾਪਨਾ, 85 ਦੇਸ਼ਾਂ ਅਤੇ 20 ਅੰਤਰਰਾਸ਼ਟਰੀ ਸੰਗਠਨਾਂ ਸਮੇਤ 400 ਪ੍ਰਤੀਨਿਧੀਆਂ ਬਾਰੇ।

ਦੋਸਤੋ, ਜੇਕਰ ਅਸੀਂ ਚੀਨ ਦੁਆਰਾ ਅੰਤਰਰਾਸ਼ਟਰੀ ਆਰਬਿਟਰੇਸ਼ਨ ਸੰਗਠਨ ਦੀ ਸਥਾਪਨਾ ਨੂੰ ਸਮਝਣ ਦੀ ਗੱਲ ਕਰੀਏ, ਤਾਂ ਚੀਨ ਗਲੋਬਲ ਸਾਊਥ ਦਾ ਨੇਤਾ ਬਣਨਾ ਚਾਹੁੰਦਾ ਹੈ। ਇਸ ਲਈ, ਇਸਨੇ ਖੁਦ ਇਹ ਨਵਾਂ ਸੰਗਠਨ ਬਣਾਇਆ ਹੈ। ਗਲੋਬਲ ਸਾਊਥ ਸ਼ਬਦ ਆਮ ਤੌਰ 'ਤੇ ਆਰਥਿਕ ਤੌਰ 'ਤੇ ਘੱਟ ਵਿਕਸਤ ਦੇਸ਼ਾਂ ਨੂੰ ਦਰਸਾਉਣ ਲਈ ਵਰਤਿਆ ਜਾਂਦਾ ਹੈ। ਚੀਨੀ ਵਿਦੇਸ਼ ਮੰਤਰੀ ਨੇ ਇੱਕ ਸਮਾਰੋਹ ਵਿੱਚ ਕਿਹਾ ਕਿ ਚੀਨ ਲੰਬੇ ਸਮੇਂ ਤੋਂ ਆਪਸੀ ਸਮਝ ਦੀ ਭਾਵਨਾ ਨਾਲ ਮਤਭੇਦਾਂ ਨੂੰ ਹੱਲ ਕਰਨ ਅਤੇ ਗੱਲਬਾਤ ਰਾਹੀਂ ਸਹਿਮਤੀ ਬਣਾਉਣ ਦੀ ਵਕਾਲਤ ਕਰਦਾ ਆ ਰਿਹਾ ਹੈ, ਅਤੇ ਇਸਦਾ ਟੀਚਾ ਰਾਸ਼ਟਰਾਂ ਵਿਚਕਾਰ ਟਕਰਾਅ ਨੂੰ ਹੱਲ ਕਰਨ ਲਈ ਚੀਨੀ ਬੁੱਧੀ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਹਾਂਗਕਾਂਗ ਵਿੱਚ ਸਥਿਤ ਇਸ ਸੰਸਥਾ ਦਾ ਮੁੱਖ ਦਫ਼ਤਰ ਦਾ ਉਦੇਸ਼ ਅੰਤਰਰਾਸ਼ਟਰੀ ਵਿਵਾਦਾਂ ਦੇ ਸੁਹਿਰਦ ਹੱਲ ਨੂੰ ਉਤਸ਼ਾਹਿਤ ਕਰਨਾ ਅਤੇ ਵਧੇਰੇ ਸਦਭਾਵਨਾਪੂਰਨ ਵਿਸ਼ਵਵਿਆਪੀ ਸਬੰਧ ਬਣਾਉਣਾ ਹੈ। ਚੀਨ ਨੇ 30 ਤੋਂ ਵੱਧ ਦੇਸ਼ਾਂ ਨਾਲ ਇੱਕ ਨਵਾਂ ਗਲੋਬਲ ਆਰਬਿਟਰੇਸ਼ਨ ਸਮੂਹ ਬਣਾਇਆ ਹੈ। ਪਾਕਿਸਤਾਨ, ਇੰਡੋਨੇਸ਼ੀਆ, ਬੇਲਾਰੂਸ ਅਤੇ ਕਿਊਬਾ ਸਮੇਤ ਕਈ ਦੇਸ਼ ਇਸ ਸਮੂਹ ਵਿੱਚ ਸ਼ਾਮਲ ਹੋਏ ਹਨ। ਇਹ ਮੰਨਿਆ ਜਾਂਦਾ ਹੈ ਕਿ ਚੀਨ ਨੇ ਸੰਯੁਕਤ ਰਾਸ਼ਟਰ ਨਾਲ ਸਿੱਧੇ ਤੌਰ 'ਤੇ ਮੁਕਾਬਲਾ ਕਰਨ ਲਈ ਇਹ ਗਲੋਬਲ ਪਲੇਟਫਾਰਮ ਬਣਾਇਆ ਹੈ। ਚੀਨੀ ਵਿਦੇਸ਼ ਮੰਤਰਾਲੇ ਦੇ ਅਨੁਸਾਰ, ਸ਼ੁੱਕਰਵਾਰ ਨੂੰ ਹਾਂਗਕਾਂਗ ਵਿੱਚ ਅੰਤਰਰਾਸ਼ਟਰੀ ਵਿਚੋਲਗੀ ਸੰਗਠਨ (IOMED) ਦੀ ਸਥਾਪਨਾ 'ਤੇ ਇੱਕ ਸੰਮੇਲਨ ਹੋਇਆ। ਇਸ ਵਿੱਚ ਏਸ਼ੀਆ, ਅਫਰੀਕਾ, ਲਾਤੀਨੀ ਅਮਰੀਕਾ ਅਤੇ ਯੂਰਪ ਦੇ 85 ਦੇਸ਼ਾਂ ਦੇ ਲਗਭਗ 400 ਉੱਚ-ਪੱਧਰੀ ਪ੍ਰਤੀਨਿਧੀਆਂ ਦੇ ਨਾਲ-ਨਾਲ ਲਗਭਗ 20 ਅੰਤਰਰਾਸ਼ਟਰੀ ਸੰਗਠਨਾਂ ਨੇ ਹਿੱਸਾ ਲਿਆ।




ਦੋਸਤੋ, ਜੇਕਰ ਅਸੀਂ ਚੀਨ ਦੀ ਅਮਰੀਕਾ ਨੂੰ ਚੁਣੌਤੀ ਦੇ ਕੇ ਨੇਤਾ ਬਣਨ ਦੀ ਇੱਛਾ ਬਾਰੇ ਗੱਲ ਕਰੀਏ, ਤਾਂ ਦੁਨੀਆ ਦੀਆਂ ਵੱਖ-ਵੱਖ ਵਿਚਾਰਧਾਰਾਵਾਂ ਵਿਚਕਾਰ ਚੱਲ ਰਹੀ ਜੰਗ ਦੇ ਵਿਚਕਾਰ, ਸੰਯੁਕਤ ਰਾਸ਼ਟਰ ਦੀ ਭੂਮਿਕਾ ਬਾਰੇ ਕੁਝ ਡੂੰਘੇ ਸਵਾਲ ਖੜ੍ਹੇ ਹੋ ਰਹੇ ਹਨ। ਸੰਯੁਕਤ ਰਾਸ਼ਟਰ ਦੇ ਕਈ ਮੋਰਚੇ ਅਸਫਲ ਰਹੇ ਹਨ ਅਤੇ ਮਾਹਰ ਲੰਬੇ ਸਮੇਂ ਤੋਂ ਇਸਦੇ ਗ੍ਰੈਜੂਏਸ਼ਨ ਅਤੇ ਕਾਰਜ ਸ਼ੈਲੀ ਵਿੱਚ ਬਦਲਾਅ ਦੀ ਮੰਗ ਕਰ ਰਹੇ ਹਨ। ਇਸ ਦੌਰਾਨ, ਚੀਨ ਨੇ ਸੰਯੁਕਤ ਰਾਸ਼ਟਰ ਨੂੰ ਅਸਿੱਧੇ ਤੌਰ 'ਤੇ ਚੁਣੌਤੀ ਦੇ ਕੇ ਇੱਕ ਨਵਾਂ ਪਲੇਟਫਾਰਮ ਤਿਆਰ ਕੀਤਾ ਹੈ। ਹਾਲ ਹੀ ਵਿੱਚ, ਚੀਨ ਨੇ ਦੁਨੀਆ ਦੇ ਕਈ ਵੱਡੇ ਦੇਸ਼ਾਂ ਦੇ ਨਾਲ ਇੱਕ ਨਵਾਂ ਗਲੋਬਲ ਵਾਲ ਗਰੁੱਪ ਬਣਾਇਆ ਹੈ। ਬੀਜਿੰਗ ਨੇ ਇਸ ਸੰਗਠਨ ਨੂੰ ਵਿਚੋਲਗੀ ਰਾਹੀਂ ਵਿਵਾਦਾਂ ਨੂੰ ਹੱਲ ਕਰਨ ਲਈ ਦੁਨੀਆ ਦਾ ਪਹਿਲਾ ਅੰਤਰ-ਸਰਕਾਰੀ ਕਾਨੂੰਨੀ ਸੰਗਠਨ ਦੱਸਿਆ ਹੈ, ਅਤੇ ਕਿਹਾ ਹੈ ਕਿ ਇਹ ਸੰਯੁਕਤ ਰਾਸ਼ਟਰ ਚਾਰਟਰ ਦੇ ਸਿਧਾਂਤਾਂ ਦੀ ਰੱਖਿਆ ਵਿੱਚ ਇੱਕ ਮਹੱਤਵਪੂਰਨ ਵਿਧੀ ਹੋਵੇਗੀ। ਇਸਨੇ ਏਸ਼ੀਆ ਵਿੱਚ ਹਾਂਗਕਾਂਗ ਨੂੰ ਇੱਕ ਅੰਤਰਰਾਸ਼ਟਰੀ ਕਾਨੂੰਨੀ ਅਤੇ ਵਿਵਾਦ ਹੱਲ ਸੇਵਾ ਕੇਂਦਰ ਵਜੋਂ ਵੀ ਸਥਾਪਿਤ ਕੀਤਾ। ਹਾਂਗਕਾਂਗ ਦੇ ਨੇਤਾ ਨੇ ਕਿਹਾ ਕਿ ਸੰਗਠਨ ਇਸ ਸਾਲ ਦੇ ਅੰਤ ਤੱਕ ਆਪਣਾ ਕੰਮ ਸ਼ੁਰੂ ਕਰ ਸਕਦਾ ਹੈ। ਸੰਯੁਕਤ ਰਾਸ਼ਟਰ ਸਮੇਤ ਲਗਭਗ 85 ਹੋਰ ਦੇਸ਼ਾਂ ਅਤੇ ਲਗਭਗ 20 ਸੰਗਠਨਾਂ ਦੇ ਪ੍ਰਤੀਨਿਧੀਆਂ ਨੇ ਸਮਾਰੋਹ ਵਿੱਚ ਹਿੱਸਾ ਲਿਆ। ਚੀਨ ਨੇ ਅਮਰੀਕਾ ਨਾਲ ਮੁਕਾਬਲਾ ਕਰਨ ਦੇ ਇਰਾਦੇ ਨਾਲ ਇੱਕ ਨਵਾਂ ਸੰਗਠਨ ਬਣਾਇਆ ਹੈ। ਸ਼ੁੱਕਰਵਾਰ ਨੂੰ ਮੌਕੇ 'ਤੇ ਚੀਨ ਦੇ ਅਭਿਆਸ ਵਿੱਚ 30 ਤੋਂ ਵੱਧ ਦੇਸ਼ ਸ਼ਾਮਲ ਹੋਏ। ਚੀਨ ਦੇ ਵਿਦੇਸ਼ ਮੰਤਰੀ ਤੋਂ ਬਾਅਦ, ਪਾਕਿਸਤਾਨ ਅਤੇ ਇੰਡੋਨੇਸ਼ੀਆ ਤੋਂ ਲੈ ਕੇ ਬੇਲਾਰੂਸ ਅਤੇ ਕਿਊਬਾ ਤੱਕ 30 ਤੋਂ ਵੱਧ ਦੇਸ਼ਾਂ ਦੇ ਪ੍ਰਤੀਨਿਧੀਆਂ ਨੇ ਹਾਂਗਕਾਂਗ ਵਿੱਚ ਅੰਤਰਰਾਸ਼ਟਰੀ ਆਰਬਿਟਰੇਸ਼ਨ ਆਰਗੇਨਾਈਜ਼ੇਸ਼ਨ ਸਥਾਪਤ ਕਰਨ ਵਾਲੇ ਸੰਧੀ 'ਤੇ ਦਸਤਖਤ ਕੀਤੇ, ਜਿਸ ਨਾਲ ਉਹ ਇਸ ਗਲੋਬਲ ਸੰਗਠਨ ਦੇ ਸੰਸਥਾਪਕ ਮੈਂਬਰ ਬਣ ਗਏ। ਵਿਕਾਸਸ਼ੀਲ ਦੇਸ਼ਾਂ ਦਾ ਇਹ ਸਮਰਥਨ 'ਗਲੋਬਲ ਸਾਊਥ' ਵਿੱਚ ਚੀਨ ਦੇ ਵਧਦੇ ਪ੍ਰਭਾਵ ਨੂੰ ਦਰਸਾਉਂਦਾ ਹੈ ਜਦੋਂ ਭੂ-ਰਾਜਨੀਤਿਕ ਤਣਾਅ ਆਪਣੇ ਸਿਖਰ 'ਤੇ ਹਨ ਅਤੇ ਅੰਸ਼ਕ ਤੌਰ 'ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਲਗਾਏ ਗਏ ਵਪਾਰਕ ਟੈਰਿਫਾਂ ਨੇ ਵੀ ਇਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਚੀਨ ਨੇ ਅਮਰੀਕਾ ਨਾਲ ਮੁਕਾਬਲਾ ਕਰਨ ਦੇ ਇਰਾਦੇ ਨਾਲ ਇੱਕ ਨਵਾਂ ਸੰਗਠਨ ਬਣਾਇਆ ਹੈ। ਵਿਕਾਸਸ਼ੀਲ ਦੇਸ਼ਾਂ ਦਾ ਇਹ ਸਮਰਥਨ 'ਗਲੋਬਲ ਸਾਊਥ' ਵਿੱਚ ਚੀਨ ਦੇ ਵਧਦੇ ਪ੍ਰਭਾਵ ਨੂੰ ਦਰਸਾਉਂਦਾ ਹੈ ਜਦੋਂ ਭੂ-ਰਾਜਨੀਤਿਕ ਤਣਾਅ ਆਪਣੇ ਸਿਖਰ 'ਤੇ ਹਨ - ਅਤੇ ਅੰਸ਼ਕ ਤੌਰ 'ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਲਗਾਏ ਗਏ ਵਪਾਰਕ ਟੈਰਿਫਾਂ ਨੇ ਵੀ ਇਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਦੋਸਤੋ, ਜੇਕਰ ਅਸੀਂ ਚੀਨ ਦੇ ਦਾਅ ਅਤੇ ਇਸਦਾ ਮੁਕਾਬਲਾ ਕਰਨ ਦੀ ਗੱਲ ਕਰੀਏ, ਤਾਂ ਬੀਜਿੰਗ ਨੇ ਇਸ ਸੰਗਠਨ ਨੂੰ ਸਾਲਸੀ ਰਾਹੀਂ ਵਿਵਾਦਾਂ ਨੂੰ ਹੱਲ ਕਰਨ ਵਾਲੀ ਦੁਨੀਆ ਦੀ ਪਹਿਲੀ ਅੰਤਰ-ਸਰਕਾਰੀ ਕਾਨੂੰਨੀ ਸੰਸਥਾ ਦੱਸਿਆ ਹੈ ਅਤੇ ਕਿਹਾ ਹੈ ਕਿ ਇਹ ਸੰਯੁਕਤ ਰਾਸ਼ਟਰ ਚਾਰਟਰ ਦੇ ਸਿਧਾਂਤਾਂ ਦੀ ਰੱਖਿਆ ਕਰਨ ਵਿੱਚ ਇੱਕ ਮਹੱਤਵਪੂਰਨ ਵਿਧੀ ਹੋਵੇਗੀ। ਇਸਨੇ ਏਸ਼ੀਆ ਵਿੱਚ ਹਾਂਗ ਕਾਂਗ ਨੂੰ ਇੱਕ ਅੰਤਰਰਾਸ਼ਟਰੀ ਕਾਨੂੰਨੀ ਅਤੇ ਵਿਵਾਦ ਨਿਪਟਾਰਾ ਸੇਵਾ ਕੇਂਦਰ ਵਜੋਂ ਵੀ ਸਥਾਪਿਤ ਕੀਤਾ। ਹਾਂਗ ਕਾਂਗ ਦੇ ਨੇਤਾ ਨੇ ਕਿਹਾ ਕਿ ਇਹ ਸੰਗਠਨ ਇਸ ਸਾਲ ਦੇ ਅੰਤ ਤੱਕ ਆਪਣਾ ਕੰਮ ਸ਼ੁਰੂ ਕਰ ਸਕਦਾ ਹੈ। ਸਮਾਰੋਹ ਵਿੱਚ ਸੰਯੁਕਤ ਰਾਸ਼ਟਰ ਸਮੇਤ ਲਗਭਗ 50 ਹੋਰ ਦੇਸ਼ਾਂ ਅਤੇ ਲਗਭਗ 20 ਸੰਗਠਨਾਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਇਸ ਦੌਰਾਨ, ਚੀਨੀ ਵਿਦੇਸ਼ ਮੰਤਰੀ ਨੇ ਕਿਹਾ ਕਿ ਚੀਨ ਲੰਬੇ ਸਮੇਂ ਤੋਂ ਵਿਸ਼ਵਾਸਾਂ ਨੂੰ ਸਿਧਾਂਤਕ ਸਮਝ ਦੀ ਭਾਵਨਾ ਨਾਲ ਜੋੜਨ ਅਤੇ ਗੱਲਬਾਤ ਰਾਹੀਂ ਸਹਿਮਤੀ ਬਣਾਉਣ ਦਾ ਇਰਾਦਾ ਰੱਖਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਚੀਨ ਦਾ ਟੀਚਾ ਰਾਸ਼ਟਰਾਂ ਵਿਚਕਾਰ ਟਕਰਾਅ ਨੂੰ ਰੋਕਣ ਲਈ ਚੀਨੀ ਨਾਗਰਿਕਤਾ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਹੈ ਕਿ ਇਸ ਸੰਸਥਾ ਦਾ ਉਦੇਸ਼ ਅੰਤਰਰਾਸ਼ਟਰੀ ਵਿਦਿਆਰਥੀ ਪ੍ਰੀਸ਼ਦ ਦੇ ਮੈਂਬਰਾਂ ਨਾਲ ਸੰਪੂਰਨ ਹੱਲਾਂ ਨੂੰ ਉਤਸ਼ਾਹਿਤ ਕਰਨਾ ਅਤੇ ਹੋਰ ਵਿਸ਼ਵਵਿਆਪੀ ਸਬੰਧ ਬਣਾਉਣਾ ਹੈ। ਬੀਜਿੰਗ ਨੇ ਇਸ ਸੰਗਠਨ ਨੂੰ ਨਾਮਜ਼ਦਗੀਆਂ ਰਾਹੀਂ ਸੰਗੀਤ ਦੇ ਨਾਲ ਦੁਨੀਆ ਦਾ ਪਹਿਲਾ ਅੰਤਰ-ਸਰਕਾਰੀ ਕਾਨੂੰਨੀ ਸੰਗਠਨ ਦੱਸਿਆ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਇਹ ਸੰਯੁਕਤ ਰਾਸ਼ਟਰ ਚਾਰਟਰ ਦੇ ਸਿਧਾਂਤਾਂ ਦੀ ਰੱਖਿਆ ਵਿੱਚ ਇੱਕ ਮਹੱਤਵਪੂਰਨ ਵਿਧੀ ਹੋਵੇਗੀ। ਇਸ ਦੇ ਨਾਲ ਹੀ, ਹਾਂਗ ਕਾਂਗ ਦੇ ਨੇਤਾ ਨੇ ਕਿਹਾ ਹੈ ਕਿ ਇਹ ਸੰਗਠਨ ਇਸ ਸਾਲ ਦੇ ਅੰਤ ਤੱਕ ਆਪਣਾ ਕੰਮ ਸ਼ੁਰੂ ਕਰ ਸਕਦਾ ਹੈ। ਚੀਨ ਦੇ ਇਸ ਨਵੇਂ ਸੰਗਠਨ ਵਿੱਚ ਸਭ ਤੋਂ ਵੱਡੀ ਰੁਕਾਵਟ ਅਤੇ ਦੁਨੀਆ ਦੇ ਵਿਵਾਦਾਂ ਵਿੱਚ ਵਿਚੋਲਗੀ ਕਰਨ ਦੀ ਉਸਦੀ ਇੱਛਾ ਉਸਦੀਆਂ ਆਪਣੀਆਂ ਮੁਸ਼ਕਲਾਂ ਹਨ। ਇਸਦੇ ਨਾ ਸਿਰਫ਼ ਭਾਰਤ ਨਾਲ, ਸਗੋਂ ਫਿਲੀਪੀਨਜ਼, ਵੀਅਤਨਾਮ ਸਮੇਤ ਕਈ ਗੁਆਂਢੀਆਂ ਨਾਲ ਵੀ ਸਰਹੱਦੀ ਵਿਵਾਦ ਹਨ, ਇੰਨਾ ਹੀ ਨਹੀਂ, ਰੂਸ ਅਤੇ ਯੂਕਰੇਨ ਵਿਚਕਾਰ ਜੰਗ ਵਿੱਚ ਵਿਚੋਲਗੀ ਦੇ ਚੀਨ ਦੇ ਪ੍ਰਸਤਾਵ 'ਤੇ ਕੋਈ ਧਿਆਨ ਨਹੀਂ ਦਿੱਤਾ ਗਿਆ। ਨਾਲ ਹੀ, ਵਿਵਾਦਾਂ ਨੂੰ ਹੱਲ ਕਰਨ ਦਾ ਇਤਿਹਾਸ ਦਰਸਾਉਂਦਾ ਹੈ ਕਿ ਜਦੋਂ ਮਾਮਲਾ ਚੀਨ ਦਾ ਹੁੰਦਾ ਹੈ, ਤਾਂ ਬੀਜਿੰਗ ਵਿੱਚ ਬੈਠੀ ਸ਼ਕਤੀ ਅਦਾਲਤ ਤੋਂ ਮੂੰਹ ਮੋੜ ਲੈਂਦੀ ਹੈ। ਫਿਲੀਪੀਨਜ਼ ਨਾਲ ਦੱਖਣੀ ਚੀਨ ਸਾਗਰ ਵਿੱਚ ਸੀਮਾਵਾਂ ਦੇ ਮੁੱਦੇ 'ਤੇ, ਚੀਨ ਨੇ ਅੰਤਰਰਾਸ਼ਟਰੀ ਅਦਾਲਤ ਦੇ ਫੈਸਲੇ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ, ਜੋ ਫਿਲੀਪੀਨਜ਼ ਦੇ ਹੱਕ ਵਿੱਚ ਆਇਆ। ਇਸ ਲਈ, ਜੇਕਰ ਅਸੀਂ ਉਪਰੋਕਤ ਵੇਰਵਿਆਂ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਸਾਨੂੰ ਪਤਾ ਲੱਗੇਗਾ ਕਿ... ਚੀਨ ਗਲੋਬਲ ਦੁਨੀਆ ਦਾ ਨੇਤਾ ਬਣਨਾ ਚਾਹੁੰਦਾ ਹੈ - ਅੰਤਰਰਾਸ਼ਟਰੀ ਸਾਲਸੀ ਸੰਗਠਨ ਦੀ ਸਥਾਪਨਾ - 50 ਦੇਸ਼ਾਂ ਸਮੇਤ 20 ਅੰਤਰਰਾਸ਼ਟਰੀ ਸੰਗਠਨਾਂ ਦੇ 400 ਪ੍ਰਤੀਨਿਧੀ; ਚੀਨ ਗਲੋਬਲ ਸਾਊਥ ਦਾ ਨੇਤਾ ਬਣਨਾ ਚਾਹੁੰਦਾ ਹੈ - ਚੀਨ ਸੰਯੁਕਤ ਰਾਸ਼ਟਰ ਅਤੇ ਅਮਰੀਕਾ ਨੂੰ ਚੁਣੌਤੀ ਦੇਣ ਦੇ ਮੂਡ ਵਿੱਚ ਹੈ; ਅੰਤਰਰਾਸ਼ਟਰੀ ਵਿਵਾਦਾਂ ਨੂੰ ਹੱਲ ਕਰਨ ਦੀ ਬਜਾਏ, ਇਹ ਬਿਹਤਰ ਹੋਵੇਗਾ ਕਿ ਚੀਨ ਪਹਿਲਾਂ ਭਾਰਤ, ਫਿਲੀਪੀਨਜ਼, ਵੀਅਤਨਾਮ ਸਮੇਤ ਕਈ ਗੁਆਂਢੀਆਂ ਨਾਲ ਸਰਹੱਦੀ ਵਿਵਾਦਾਂ ਨੂੰ ਹੱਲ ਕਰੇ।



-ਕੰਪਾਈਲਰ ਲੇਖਕ-ਟੈਕਸ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮੀਡੀਆ ਸੀਏ(ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ 9359653465

# ਸਾਨੂੰ ਤੰਬਾਕੂ ਨੂੰ ਨਾ ਚੁਣ ਕੇ ਸਗੋਂ ਸਿਹਤਮੰਦ ਜ਼ਿੰਦਗੀ ਨੂੰ ਚੁਣਨਾ ਚਾਹੀਦਾ:- ਡਾ ਬੱਧਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ INTERNATIONAL PAPER, 94636 01616 hardipchumber57@gmail.com



ਫਗਵਾੜਾ (ਸ਼ਿਵ ਕੌੜਾ) ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ ਬਲਵੀਰ ਸਿੰਘ ਦੇ ਹੁਕਮਾਂ ਤੇ ਸਿਵਲ ਸਰਜਨ ਕਪੂਰਥਲਾ ਡਾ ਰਾਜੀਵ ਪ੍ਰਾਸ਼ਰ ਦੇ ਦਿਸ਼ਾ-ਨਿਰਦੇਸ਼ਾਂ ਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ ਰਾਜੇਸ਼ ਚੰਦਰ ਦੀ ਯੋਗ ਅਗਵਾਈ ਅਤੇ ਡਾ ਦਰਸ਼ਨ ਬੱਧਨ ਮੈਡੀਕਲ ਸਪੈਸ਼ਲਿਸਟ ਸਿਵਲ ਹਸਪਤਾਲ ਫਗਵਾੜਾ ਦੀ ਸੁਚੱਜੀ ਦੇਖਰੇਖ ਹੇਠ ਸਿਵਲ ਹਸਪਤਾਲ ਫਗਵਾੜਾ ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ ਇਸ ਮੌਕੇ ਬੋਲਦਿਆਂ ਡਾ ਦਰਸ਼ਨ ਬੱਧਨ ਨੇ ਦੱਸਿਆ ਕਿ ਵਿਸ਼ਵ ਤੰਬਾਕੂ ਰਹਿਤ ਦਿਵਸ ਹਰ ਸਾਲ 31 ਮਈ ਨੂੰ ਮਨਾਇਆ ਜਾਂਦਾ ਹੈ ਇਸ ਦਿਵਸ ਦੀ ਸ਼ੁਰੂਆਤ 1987 ਵਿੱਚ ਵਿਸ਼ਵ ਸਿਹਤ ਸੰਸਥਾ ਵੱਲੋਂ ਕੀਤੀ ਗਈ ਸੀ, ਜਿਸ ਦਾ ਮਕਸਦ ਲੋਕਾਂ ਨੂੰ ਤੰਬਾਕੂ ਦੇ ਸਿਹਤ 'ਤੇ ਪੈਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕਰਨਾ ਅਤੇ ਤੰਬਾਕੂ ਦੀ ਵਰਤੋਂ ਨੂੰ ਘਟਾਉਣਾ ਹੈ, ਲੋਕਾਂ ਨੂੰ ਤੰਬਾਕੂ ਦੀ ਵਰਤੋਂ ਨਾਲ ਜੁੜੀਆਂ ਬਿਮਾਰੀਆਂ ਜਿਵੇਂ ਕੈਂਸਰ, ਦਿਮਾਗੀ ਰੋਗ ਆਦਿ ਬਾਰੇ ਜਾਣਕਾਰੀ ਦੇਣਾ ਇਸ ਦੇ ਨਾਲ ਹੀ ਨੌਜਵਾਨਾਂ ਨੂੰ ਤੰਬਾਕੂ ਦੀ ਆਦਤ ਤੋਂ ਬਚਾਉਣਾ ਤੇ ਸਰਕਾਰਾਂ ਨੂੰ ਨੀਤੀਆਂ ਬਣਾਉਣ ਲਈ ਉਤਸ਼ਾਹਤ ਕਰਨਾ ਜੋ ਤੰਬਾਕੂ ਦੀ ਵਿਕਰੀ ਤੇ ਪ੍ਰਚਾਰ 'ਤੇ ਰੋਕ ਲਾਉਣ, ਕਿਉਂਕਿ ਪੂਰੇ ਵਿਸ਼ਵ ਵਿੱਚ ਹਰ ਸਾਲ ਲਗਭਗ 80 ਲੱਖ ਲੋਕ ਤੰਬਾਕੂ ਕਾਰਨ ਮਾਰੇ ਜਾਂਦੇ ਹਨ ਇਸ ਵਿੱਚੋਂ ਲਗਭਗ 12 ਲੱਖ ਲੋਕ ਉਹ ਹਨ, ਜੋ ਦੂਜੇ ਦੀ ਤੰਬਾਕੂ ਦੇ ਧੂੰਏ ਨਾਲ ਪ੍ਰਭਾਵਤ ਹੁੰਦੇ ਹਨ, ਉਨ੍ਹਾਂ ਕਿਹਾ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਹਰ ਸਾਲ ਤੰਬਾਕੂ ਦੀ ਵਰਤੋਂ ਕਾਰਨ ਹੋਣ ਵਾਲੇ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ ਵਿੱਚ ਭਾਰੀ ਵਾਧਾ ਹੋ ਰਿਹਾ ਹੈ ਇਸ ਲਈ ਸਾਨੂੰ ਤੰਬਾਕੂ ਨੂੰ ਨਾ ਚੁਣ ਕੇ ਸਗੋਂ ਸਿਹਤਮੰਦ ਜ਼ਿੰਦਗੀ ਨੂੰ ਚੁਣਨਾ ਚਾਹੀਦਾ, ਕਿਉਂਕਿ ਤੰਦਰੁਸਤੀ ਤੋਂ ਵੱਡਾ ਕੋਈ ਵਰਦਾਨ ਨਹੀਂ ਹੁੰਦਾ ਇਸ ਮੌਕੇ ਸੀਨੀਅਰ ਹੈਲਥ ਇੰਸਪੈਕਟਰ ਕੰਵਲਜੀਤ ਸਿੰਘ ਸੰਧੂ , ਡਾ ਰੋਹਣ , ਹੈਲਥ ਇੰਸਪੈਕਟਰ ਬਲਿਹਾਰ ਚੰਦ ,ਆਤਮਾ ਰਾਮ ,ਰਾਜੇਸ਼ ਸ਼ਰਮਾ, ਰਮਨ, ਸਿਧਾਂਤ ਸਭਰਵਾਲ, ਸੀਤਾ, ਲਵਪ੍ਰੀਤ ਆਦਿ ਮੌਜੂਦ ਸਨ

# ਹੇਮਕੁੰਟ ਸਕੂਲ 'ਚ ਵਿਸ਼ਵ "ਤੰਬਾਕੂ ਵਿਰੋਧੀ ਦਿਵਸ" ਮਨਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਜ਼ੀਰਾ 31 ਮਈ ( ਅੰਗਰੇਜ਼ ਬਰਾੜ ) - ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਮੋਗਾ ਸਰਦਾਰ ਦਵਿੰਦਰ ਸਿੰਘ ਲੋਟੇ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਲਾਕੇ ਦੀ ਉੱਘੀ ਤੇ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀ.

ਸੈਕੰ. ਸਕੂਲ ਕੋਟ-ਈਸੇ-ਖਾਂ ਵਿਖੇ ਨਸ਼ਿਆਂ ਦੇ ਨੁਕਸਾਨਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ "ਤੰਬਾਕੂ ਵਿਰੋਧੀ ਦਿਵਸ" ਮਨਾਇਆ ਗਿਆ। ਜਿਸ ਵਿੱਚ ਐੱਨ ਐੱਸ ਐੱਸ ਵਲੰਟੀਅਰਜ਼ ਨੇ ਵੱਧ- ਚੜ੍ਹ ਕੇ ਭਾਗ ਲਿਆ। ਵਲੰਟੀਅਰਜ਼ ਵੱਲੋਂ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਨਾਲ ਸਬੰਧਿਤ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਦੇ ਮੁਕਾਬਲੇ ਕਰਵਾਏ ਗਏ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਨੇ ਦੱਸਿਆ ਕਿ ਨਸ਼ਾ ਅਜਿਹੀ ਭੈੜੀ ਲਾਹਨਤ ਹੈ ਜਿਸ ਨੇ ਬਹੁਤ ਸਾਰੇ ਘਰਾਂ ਨੂੰ ਬਰਬਾਦ ਕਰ ਕੇ ਰੱਖ ਦਿੱਤਾ ਅਤੇ ਪੰਜਾਬ ਦੀ ਜਵਾਨੀ ਵੀ ਖਤਰੇ ਵਿੱਚ ਪਾ ਦਿੱਤੀ, ਨਸ਼ੇ ਨੂੰ ਠੱਲ ਪਾਉਣੀ ਚਾਹੀਦੀ ਹੈ,ਨਸ਼ਾ ਪੰਜਾਬ ਦੀ ਜਵਾਨੀ ਨੂੰ ਘੁਣ ਵਾਂਗ ਖਾ ਰਿਹਾ ਹੈ । ਇਸ ਸਮੇਂ ਐੱਮ ਡੀ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਸ ਦੀ ਵਰਤੋਂ ਕਰਨ ਨਾਲ ਕੈਂਸਰ, ਦਿਲ ਬਲੱਡ ਪ੍ਰੈਸ਼ਰ, ਫੇਫੜਿਆਂ, ਚਮੜੀ, ਅੱਖਾਂ ਅਦਿ ਦੀਆਂ ਜਾਨਲੇਵਾਂ ਬਿਮਾਰੀਆਂ ਹੁੰਦੀਆਂ ਹਨ ,ਇਸ ਲਈ ਹਰ ਇਨਸਾਨ ਨੂੰ ਇਸ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ । ਉਹਨਾਂ ਦੇ ਵਿਚਾਰ ਅਨੁਸਾਰ ਯੋਗ ਅਜਿਹਾ ਸਾਧਨ ਹੈ ਜੋ ਮਨੁੱਖ ਨੂੰ ਸਰੀਰਿਕ ਅਤੇ ਮਾਨਸਿਕ ਤੰਦਰੁਸਤੀ ਪ੍ਰਦਾਨ ਕਰਦਾ ਹੈ ਅਤੇ ਨਸ਼ੇ ਨੂੰ ਰੋਕਣ ਲਈ ਸਰਕਾਰ ਨੂੰ ਯੋਗ ਆਸਣਾਂ ਦੇ ਪ੍ਰਚਾਰ ਲਈ ਵਿਸ਼ੇਸ਼ ਕਦਮ ਚੁੱਕਣੇ ਚਾਹੀਦੇ ਹਨ। ਇਸ ਮੌਕੇ ਵਲੰਟੀਅਰਜ਼ ਨੂੰ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਦਿਆਂ ਇਸ ਦੀ ਵਰਤੋਂ ਕਿਸੇ ਵੀ ਹਾਲਤ ਵਿੱਚ ਨਾ ਕਰਨ ਦੀ ਹਦਾਇਤ ਕੀਤੀ ।ਇਸ ਮੌਕੇ ਪ੍ਰੋਗਰਾਮ ਅਫ਼ਸਰ ਅਮੀਰ ਸਿੰਘ, ਮੈਡਮ ਸੁਰਿੰਦਰ ਕੌਰ ਆਦਿ ਹਾਜ਼ਰ ਸਨ ।

# ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਨੇ ਖ਼ੂਨ ਦਾਨ ਕੈਂਪ ਲਗਾਇਆ

## ਤਹਿਸੀਲਦਾਰ ਹਰਿੰਦਰਜੀਤ ਸਿੰਘ ਦਾ ਵਿਸ਼ੇਸ਼ ਤੌਰ ਤੇ ਕੀਤਾ ਸਨਮਾਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com




ਮੋਰਿੰਡਾ 31 ਮਈ ( ਪਤਰ ਪ੍ਰੇਰਕ) ਸਥਾਨਕ ਭਾਰਤ ਵਿਕਾਸ ਪ੍ਰੀਸ਼ਦ ਵਲੋਂ ਅੱਜ ਖਾਲਸਾ ਗਰਲਜ ਕਾਲਜ ਮੋਰਿੰਡਾ ਵਿਖੇ 99 ਵਾਂ ਖੂਨ ਦਾਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੀਸ਼ਦ ਦੇ ਪ੍ਰਧਾਨ ਜਗਦੀਸ਼ ਵਰਮਾ ਨੇ ਦੱਸਿਆ ਕਿ ਇਸ ਕੈਂਪ ਦੇ ਮੁੱਖ ਮਹਿਮਾਨ ਵਜੋਂ ਤਹਿਸੀਲਦਾਰ ਹਰਿੰਦਰ ਸਿੰਘ ਜੀ ਪਹੁੰਚੇ। ਇਸ ਮੌਕੇ ਉਹਨਾਂ ਭਾਰਤ ਵਿਕਾਸ ਪ੍ਰੀਸ਼ਦ ਦੇ ਇਸ ਉਦਮ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਆਖਿਆ ਕਿ ਖੂਨ ਦਾਨ ਸਭ ਤੋਂ ਵੱਡਾ ਦਾਨ ਹੈ । ਦਾਨੀ ਸੱਜਣਾਂ ਵਲੋਂ ਕੀਤੇ ਇਸ ਖੂਨ ਨਾਲ ਬਹੁਤ ਸਾਰੇ ਵਿਅਕਤੀਆਂ ਨੂੰ ਨਵਾਂ ਜੀਵਨ ਮਿਲਦਾ ਹੈ। ਉਹਨਾਂ ਇਸ ਸਮੇਂ ਨੋਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਸੇਵਾ ਵਿੱਚ ਬਣਦਾ ਹਿੱਸਾ ਪਾ ਕੇ ਦੇਸ ਦੇ ਭਵਿੱਖ ਨੂੰ ਮਜ਼ਬੂਤ ਕਰਨ। ਇਸ ਸਮੇਂ ਪੀ ਜੀ ਆਈ ਚੰਡੀਗੜ੍ਹ ਦੇ ਬਲੱਡ ਬੈਂਕ ਦੀ ਟੀਮ ਵੱਲੋਂ ਡਾ ਏਕਤਾ ਦੀ ਅਗਵਾਈ ਵਿੱਚ 35 ਯੂਨਿਟ ਖੂਨ ਇਕੱਤਰ ਕੀਤਾ ਗਿਆ । ਪ੍ਰੀਸ਼ਦ ਵਾਲੋਂ ਕਾਲਜ ਦੇ ਪ੍ਰਬੰਧਕ ਹਰਬੰਸ ਸਿੰਘ ਕੰਧੋਲਾ ਸਾਬਕਾ ਮੈਂਬਰ ਐਸ ਜੀ ਪੀ ਸੀ ਤੇ ਖਾਲਸਾ ਗਰਲਜ ਕਾਲਜ ਦੇ ਪ੍ਰਿੰਸੀਪਲ ਨੂੰ ਸਨਮਾਨਿਤ ਕੀਤਾ ਗਿਆ । ਇਸ ਸਮੇਂ ਮੁੱਖ ਮਹਿਮਾਨ ਵਜੋਂ ਪੁੱਜੇ ਤਹਿਸੀਲਦਾਰ ਹਰਿੰਦਰ ਸਿੰਘ ਨੂੰ ਸਮਾਜ ਸੇਵਾ ਵਿਚ ਪਾਏ ਜਾ ਰਹੇ ਨਿਗਰ ਯੋਗਦਾਨ ਬਦਲੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰੀਸ਼ਦ ਦੇ ਪ੍ਰਧਾਨ ਜਗਦੀਸ਼ ਵਰਮਾ ਸਮੇਤ ਅਹੁਦੇਦਾਰਾਂ ਵਲੋਂ ਖ਼ੂਨ ਦਾਨੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਲੱਬ ਦੇ ਆਗੂ ਜਤਿੰਦਰ ਗੁੰਬਰ, ਹਰਵਿੰਦਰ ਸੂਦ ਜੌਲੀ,ਮੁਨੀਸ਼ ਵਸ਼ੀਸਟ ,ਵਿਜੇ ਅਗਨੀਹੋਤਰੀ , ਸੁਰੇਸ਼ ਡੇਰਾ ,ਮਾਂ ਹਾਕਮ ਸਿੰਘ ,ਟੇਕ ਚੰਦ, ਰਵਿੰਦਰ ਸਿੰਘ ਰਵੀ, ਮਨਜੀਤ ਭਾਟੀਆ, ਕਸ਼ਮੀਰਾ ਸਿੰਘ ,ਰਾਕੇਸ਼ ਪੁਰੀ ਪ੍ਰਧਾਨ ਵਾਕੀ ਟਾਕੀ ਕਲੱਬ, ਡਾ: ਸ਼ਾਮ ਲਾਲ, ਸਨਮਿੰਦਰ ਸਿੰਘ ਬੱਤਰਾ ,ਡਾ ਸ਼ਿਵ ਕੌੜਾ, ਜੌਲੀ ਸੂਦ, ਆਦਿ ਪ੍ਰੀਸ਼ਦ ਦੇ ਅਹੁਦੇਦਾਰ ਅਤੇ ਪਤਵੰਤੇ ਹਾਜਰ ਸਨ ।

# ਆਦਰਸ਼ ਸਕੂਲ ਯੂਨੀਅਨ ਆਪਣੀਆਂ ਮੰਗਾਂ ਨੂੰ ਲੈ ਕੇ 2 ਜੂਨ ਨੂੰ ਸਿੱਖਿਆ ਮੰਤਰੀ ਨਾਲ ਮੀਟਿੰਗ ਕਰੇਗੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਜ਼ੀਰਾ 31 ਮਈ ( ਅੰਗਰੇਜ਼ ਬਰਾੜ ) - ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ ,ਸੂਬਾ ਸਕੱਤਰ ਸੁਖਦੀਪ ਕੌਰ ਸਰਾਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਰੋਸ ਰੈਲੀ ਕਰਨ ਅਤੇ ਪੰਜਾਬ ਸਰਕਾਰ ਦੇ ਮੰਤਰੀਆਂ ਦੇ ਪੁਤਲੇ ਫੂਕਣ ਤੋਂ ਬਾਅਦ ਆਦਰਸ਼ ਸਕੂਲਾਂ ਦੇ ਅਧਿਆਪਕਾਂ ਨੂੰ ਸੰਗਰੂਰ ਪ੍ਰਸ਼ਾਸਨ ਵੱਲੋਂ 2 ਜੂਨ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਮੀਟਿੰਗ ਕਰਵਾਉਣ ਦਾ ਲਿਖਤੀ ਲੈਟਰ ਮਾਨਯੋਗ ਡੀ ਸੀ ਸੰਗਰੂਰ ਵੱਲੋਂ ਦਿੱਤਾ ਗਿਆ l ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ, ਜਨਰਲ ਸਕੱਤਰ ਮੈਡਮ ਸੁਖਦੀਪ ਕੌਰ ਸਰਾਂ ਅਤੇ ਮੈਡਮ ਮੀਨੂ ਬਾਲਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਪਿਛਲੇ ਕਈ ਸਾਲਾਂ ਤੋਂ ਸੰਘਰਸ਼ ਕਰ ਰਹੇ ਹਨ। ਮੈਡਮ ਸਰਾਂ ਨੇ ਕਿਹਾ ਕਿ ਪਿਛਲੇ 13 ਸਾਲਾਂ ਤੋਂ ਉਹ ਆਦਰਸ਼ ਸਕੂਲਾਂ ਵਿੱਚ ਪੜ੍ਹਾ ਰਹੇ ਹਨ, ਪਰ ਅਫਸੋਸ ਕੇ ਉਹਨਾਂ ਦੀ ਤਨਖਾਹ ਵਿੱਚ ਵਾਧਾ ਜਾਂ ਕੋਈ ਇੰਕਰੀਮੈਂਟ ਨਹੀਂ ਲੱਗਾ! ਉਹ 13 ਸਾਲਾਂ ਤੋਂ ਸਿਰਫ 10 ਹਜ਼ਾਰ ਮਾਸਕ ਤਨਖਾਹਾਂ ਤੇ ਗੁਜ਼ਾਰਾ ਕਰ ਰਹੇ ਹਨ। ਜੋ ਕਿ ਅੱਜ ਦੇ ਸਮੇਂ ਵਿੱਚ ਮੁਸ਼ਕਿਲ ਹੈ! ਉਹ ਆਪਣੀਆਂ ਤਨਖਾਹਾਂ ਗ੍ਰੇਡ ਪੇ ਅਨੁਸਾਰ ਕਰਨ ਦੀ ਮੰਗ ਕਰ ਰਹੇ ਹਨ, ਪਰ ਸਰਕਾਰ ਦੇ ਕੰਨਾਂ ਤੇ ਜੂੰ ਨਹੀਂ ਸਰਕ ਰਹੀ! ਉਹਨਾਂ ਕਿਹਾ ਕਿ ਉਹ ਅਨੇਕਾਂ ਵਾਰ ਸਰਕਾਰ ਦੀ ਸਬ ਕਮੇਟੀ ਨਾਲ ਮੀਟਿੰਗਾਂ ਕਰ ਚੁੱਕੇ ਹਨ। ਉਹਨਾਂ ਨੂੰ ਹਰ ਵਾਰ ਭਰੋਸਾ ਦਿੱਤਾ ਜਾਂਦਾ ਹੈ ਕਿ ਉਹਨਾਂ ਦੀਆਂ ਮੰਗਾਂ ਦਾ ਹੱਲ ਕੀਤਾ ਜਾਵੇਗਾ। ਉਹਨਾ ਕਿਹਾ ਕਿ ਜੇਕਰ 2 ਜੂਨ ਦੀ ਸਿੱਖਿਆ ਮੰਤਰੀ ਨਾਲ ਮੀਟਿੰਗ ਅਸਫਲ ਹੁੰਦੀ ਹੈ ਤਾਂ ਉਹ ਆਪਣੀ ਯੂਨੀਅਨ ਅਤੇ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬ ਭਰ ਵਿੱਚ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਨਗੇ। ਉਹਨਾਂ ਕਿਹਾ ਕਿ ਉਹਨਾਂ ਦੇ ਆਦਰਸ਼ ਸਕੂਲਾਂ ਦੇ ਚੇਅਰਮੈਨ ਖੁਦ ਸੀ ਐਮ ਸਰਦਾਰ ਭਗਵੰਤ ਸਿੰਘ ਮਾਨ ਹਨ, ਪਰ ਉਹ ਵੀ ਉਹਨਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਵੱਲ ਧਿਆਨ ਨਹੀਂ ਦੇ ਰਹੇ, ਜੇਕਰ ਉਹਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਗਈਆਂ ਤਾਂ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਖਮਿਆਜਾ ਭੁਗਤਨਾ ਪਵੇਗਾ। ਇਸ ਮੌਕੇ ਸੂਬਾ ਪ੍ਰਧਾਨ ਜਸਵੀਰ ਗਲੋਟੀ, ਸੁਖਦੀਪ ਕੌਰ ਸਰਾਂ, ਸਹਾਇਕ ਸਕੱਤਰ ਸਲੀਮ ਮੁਹੰਮਦ, ਮੈਡਮ ਮੀਨੂ ਬਾਲਾ ਸੀਨੀਅਰ ਮੀਤ ਪ੍ਰਧਾਨ, ਅਮਰਜੋਤ ਜੋਸ਼ੀ, ਅਮਨ ਸ਼ਾਸਤਰੀ, ਭੁਪਿੰਦਰ ਕੌਰ, ਮੈਡਮ ਓਮਾ ਮਾਧਵੀ, ਗਗਨ ਮਹਾਜਨ, ਮਨਪ੍ਰੀਤ ਕੌਰ ਹਰਦਾਸਾ,ਕਰਮਜੀਤ ਕੌਰ ਬਰਾੜ, ਰਜਵੰਤ ਕੌਰ ਸੇਖਵਾ, ਰਾਜਵੰਤ ਕੌਰ ਧੰਨਾ ਸ਼ਹੀਦ, ਜਸਵਿੰਦਰ ਕੌਰ, ਸੁਖਬੀਰ ਕੌਰ, ਕੁਲਵਿੰਦਰ ਕੌਰ ਫਿਰੋਜ਼ਪੁਰ, ਸਰਬਜੀਤ ਕੌਰ, ਪਵਨ ਕੁਮਾਰ,ਮਨਪ੍ਰੀਤ ਕੌਰ ਬਾਠ, ਮੈਡਮ ਦੀਪਿਕਾ, ਨਵਰੀਤ ਕੌਰ, ਹਰਪ੍ਰੀਤ ਕੌਰ ਵਾੜਾ ਭਾਈਕਾ, ਮਨਪ੍ਰੀਤ ਕੌਰ, ਕੁਲਵਿੰਦਰ ਕੌਰ, ਗੁਰਚਰਨ ਸਿੰਘ, ਸੁਖਚੈਨ ਸਿੰਘ, ਸਵਰਨਜੀਤ ਕੌਰ ਆਦਿ ਹਾਜ਼ਰ ਸਨ

# ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੀ ਰਣਨੀਤੀ ਦੇ ਤਹਿਤ ਆਸ਼ੂ ਵੱਡੀ ਜਿੱਤ ਦਰਜ ਕਰਨਗੇ : ਸੁਰਿੰਦਰ ਸਿੰਘ ਜੌੜਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਜ਼ੀਰਾ 31 ਮਈ ( ਅੰਗਰੇਜ਼ ਬਰਾੜ )– ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਨੇ ਲੁਧਿਆਣਾ ਜਿਮਨੀ ਚੋਣ ਦੇ ਪ੍ਰਚਾਰ ਮੁਹਿੰਮ ਦੇ ਬਾਅਦ ਆਪਣੇ ਨਿਵਾਸ ਸਥਾਨ 'ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਦੀ ਚੋਣ ਮੁਹਿੰਮ ਸਿਖਰ 'ਤੇ ਪਹੁੰਚ ਚੁੱਕੀ ਹੈ ਅਤੇ ਉਮੀਦਵਾਰ ਭਾਰਤ ਭੂਸ਼ਨ ਆਸ਼ੂ ਦੀ ਜਿੱਤ ਯਕੀਨੀ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੀ ਆਮਦ ਨੇ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਭਰਿਆ ਹੈ ਅਤੇ ਚੋਣ ਮੁਹਿੰਮ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਹੈ। ਸੁਰਿੰਦਰ ਸਿੰਘ ਜੌੜਾ ਨੇ ਕਿਹਾ ਕਿ ਭੁਪੇਸ਼ ਬਘੇਲ ਨੇ ਪਾਰਟੀ ਨੂੰ ਇਕਜੁਟ ਕਰਕੇ ਜਿਹੜੀ ਰਣਨੀਤੀ ਅਤੇ ਵਿਉਂਤਬੰਦੀ ਕੀਤੀ ਹੈ, ਉਸ ਨਾਲ ਲੁਧਿਆਣਾ ਦੀ ਜਨਤਾ ਵਿੱਚ ਕਾਂਗਰਸ ਦਾ ਸਮਰਥਨ ਵਧਿਆ ਹੈ। ਉਨ੍ਹਾਂ ਨੇ ਜ਼ੋਰ ਦੇਕੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ, ਸਾਬਕਾ ਮੰਤਰੀ ਪਰਗਟ ਸਿੰਘ, ਸ਼ਾਮ ਸੁੰਦਰ ਅਰੋੜਾ ਸਾਬਕਾ ਮੰਤਰੀ ਪੰਜਾਬ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵਿਧਾਇਕ ਸ਼ਾਹਕੋਟ ਵਰਗੇ ਸੀਨੀਅਰ ਨੇਤਾਵਾਂ ਨੇ ਇਸ ਮੁਹਿੰਮ ਵਿੱਚ ਪੂਰੀ ਤਾਕਤ ਝੋਂਕ ਦਿੱਤੀ ਹੈ। ਇਸ ਸਮੂਹਿਕ ਯਤਨ ਨੇ ਕਾਂਗਰਸ ਦੀ ਸਥਿਤੀ ਨੂੰ ਮਜ਼ਬੂਤ ਕੀਤਾ ਹੈ ਅਤੇ ਵੋਟਰਾਂ ਵਿੱਚ ਪਾਰਟੀ ਦੇ ਪ੍ਰਤੀ ਭਰੋਸਾ ਪੈਦਾ ਕੀਤਾ ਹੈ। ਜੌੜਾ ਨੇ ਅੱਗੇ ਕਿਹਾ ਕਿ ਭਾਰਤ ਭੂਸ਼ਨ ਆਸ਼ੂ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਲੁਧਿਆਣਾ ਦੇ ਵਿਕਾਸ ਲਈ ਮਹੱਤਵਪੂਰਨ ਯੋਗਦਾਨ ਦਿੱਤਾ ਹੈ, ਜਿਸ ਕਾਰਨ ਉਨ੍ਹਾਂ ਦੀ ਲੋਕਪ੍ਰਿਯਤਾ ਅਤੇ ਸਵੀਕਾਰਤਾ ਵੋਟਰਾਂ ਵਿੱਚ ਬਹੁਤ ਜ਼ਿਆਦਾ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਕਾਂਗਰਸ ਦੀ ਮੁਹਿੰਮ ਨੇ ਨਾ ਸਿਰਫ਼ ਸ਼ਹਿਰੀ ਖੇਤਰਾਂ ਵਿੱਚ, ਸਗੋਂ ਪੇਂਡੂ ਇਲਾਕਿਆਂ ਵਿੱਚ ਵੀ ਜ਼ਬਰਦਸਤ ਸਮਰਥਨ ਹਾਸਲ ਕੀਤਾ ਹੈ। ਪਾਰਟੀ ਦੇ ਵਰਕਰ ਘਰ-ਘਰ ਜਾ ਕੇ ਵੋਟਰਾਂ ਨੂੰ ਕਾਂਗਰਸ ਦੇ ਵਿਜ਼ਨ ਅਤੇ ਭਾਰਤ ਭੂਸ਼ਨ ਆਸ਼ੂ ਦੀਆਂ ਪ੍ਰਾਪਤੀਆਂ ਬਾਰੇ ਜਾਗਰੂਕ ਕਰ ਰਹੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਭੁਪੇਸ਼ ਬਘੇਲ ਦੀ ਅਗਵਾਈ ਵਿੱਚ ਪਾਰਟੀ ਨੇ ਸੋਸ਼ਲ ਮੀਡੀਆ ਅਤੇ ਜਨ ਸਭਾਵਾਂ ਰਾਹੀਂ ਵੀ ਆਪਣੀ ਪਕੜ ਮਜ਼ਬੂਤ ਕੀਤੀ ਹੈ। ਇਸ ਦੇ ਨਾਲ ਹੀ, ਕਾਂਗਰਸ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਵਿਸ਼ੇਸ਼ ਰਣਨੀਤੀ ਅਪਣਾਈ ਗਈ ਹੈ। ਜੌੜਾ ਨੇ ਭਰੋਸਾ ਜਤਾਇਆ ਕਿ ਲੁਧਿਆਣਾ ਦੇ ਵੋਟਰ ਵਿਕਾਸ ਅਤੇ ਸਮਾਜਿਕ ਨਿਆਂ ਦੇ ਪੱਖ ਵਿੱਚ ਕਾਂਗਰਸ ਨੂੰ ਵੋਟ ਦੇਣਗੇ। ਸੁਰਿੰਦਰ ਸਿੰਘ ਜੌੜਾ ਨੇ ਕਿਹਾ ਕਿ ਲੁਧਿਆਣਾ ਜਿਮਨੀ ਚੋਣ ਵਿੱਚ ਕਾਂਗਰਸ ਦੀ ਜਿੱਤ ਨਾ ਸਿਰਫ਼ ਪਾਰਟੀ ਦੀ ਮਜ਼ਬੂਤੀ ਨੂੰ ਦਰਸਾਏਗੀ, ਸਗੋਂ ਪੰਜਾਬ ਦੀ ਸਿਆਸਤ ਵਿੱਚ ਵੀ ਇੱਕ ਨਵਾਂ ਅਧਿਆਏ ਸ਼ੁਰੂ ਕਰੇਗੀ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਖਰੀ ਪਲ ਤੱਕ ਪੂਰੀ ਮਿਹਨਤ ਨਾਲ ਮੁਹਿੰਮ ਨੂੰ ਸਫਲ ਬਣਾਉਣ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਮੁੱਖ ਮੰਤਰੀ ਦੇ ਕਿਸਾਨ ਵਿਰੋਧੀ ਬਿਆਨ ਦੀ ਨਿਖੇਧੀ, ਆਗੂਆਂ ਦੇ ਕਾਰੋਬਾਰਾਂ ਦੀ ਜਾਂਚ ਕਰਵਾਉਣ ਦੀ ਕੀਤੀ ਮੰਗ,,,

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ 30ਮਈ ( ਆਤਮਾ ਸਿੰਘ ਪਮਾਰ) ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕਿਸਾਨ ਜਥੇਬੰਦੀਆਂ ਨੂੰ ਕਿਸਾਨਾਂ ਦੇ ਨਾਮ ਤੇ ਕਾਰੋਬਾਰ ਚਲਾਉਣ ਵਾਲੇ ਕਹੇ ਹੋਏ ਸ਼ਬਦਾਂ ਦੀ ਭਾਰਤੀ ਕਿਸਾਨ ਯੂਨੀਅਨ ਏਕੱਤਾ ਉਗਰਾਹਾਂ ਜਿਲ੍ਹਾ ਕਮੇਟੀ ਮਾਨਸਾ ਜਿੱਥੇ ਨਿਖੇਧੀ ਕੀਤੀ ਹੈ ਉੱਥੇ ਪੰਜਾਬ ਸਰਕਾਰ ਨੂੰ ਜੋਰਦਾਰ ਚੈਲੰਜ ਅਤੇ ਅਪੀਲ ਕਰਦੀ ਹੈ ਕਿ ਘੱਟੋ ਘੱਟ ਜਿਹੜੇ ਸ਼ਬਦਾਂ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੇ ਹਸਪਤਾਲਾਂ, ਮੈਰਿਜ ਪੈਲੇਸਾ ਅਤੇ ਹੋਰ ਵੱਡੇ ਕਾਰੋਬਾਰਾਂ ਵਿੱਚ ਹਿੱਸਾ ਹੈ ਉਸ ਦੀ ਪੜਤਾਲ ਸਰਕਾਰ ਫੌਰੀ ਕਰਵਾਵੇ ਘੱਟੋ ਘੱਟ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪੜਤਾਲ ਜਰੂਰ ਕਰਵਾਵੇ ਜਥੇਬੰਦੀ ਪੜਤਾਲ ਵਿੱਚ ਪੂਰਾ ਸਹਿਯੋਗ ਕਰੇਗੀ ਅਤੇ ਸਵਾਗਤ ਕਰੂਗੀ। ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ ਜਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਝੱਬਰ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਾਡੀ ਸੂਬਾ ਲੀਡਰਸਿਪ ਪੂਰੀ ਇਮਾਨਦਾਰੀ ਨਾਲ ਜਥੇਬੰਦੀ ਨੂੰ ਚਲਾ ਰਹੀ ਹੈ ਕਿਸੇ ਵੀ ਆਗੂ ਦਾ ਖੇਤੀ ਤੋਂ ਬਿਨਾਂ ਹੋਰ ਕੋਈ ਕਾਰੋਬਾਰ ਨਹੀ ਹੈ ਪਰ ਜੇ ਸਰਕਾਰ ਕੋਲੋ ਕੋਈ ਠੋਸ ਸਬੂਤ ਹੈ ਤਾਂ ਉਹ ਜਨਤਕ ਕਰੇ। ਕਿਸਾਨ ਆਗੂਆਂ ਨੇ ਦੱਸਿਆ ਕਿ ਜਥੇਬੰਦੀਆਂ ਨੂੰ ਚਲਾਉਣ ਲਈ ਸਿਰਫ ਕਿਸਾਨਾਂ, ਮਜਦੂਰਾਂ ਤੋਂ ਹੀ ਫੰਡ ਲੈਂਦੀ ਹੈ ਜਿਸ ਦੇ ਰੱਖ ਰਖਾਉ ਲਈ ਪਿੰਡ ਕਮੇਟੀਆਂ ਤੋਂ ਲੈਕੇ ਸੂਬਾ ਕਮੇਟੀ ਤੱਕ ਬੈਂਕ ਖਾਤੇ ਖੁੱਲ੍ਹੇ ਹੋਏ ਹਨ ਜਿਸ ਦਾ ਬਕਾਇਦਾ 6 ਮਹੀਨਿਆਂ ਬਾਅਦ ਹਿਸਾਬ ਜਨਤਕ ਕੀਤਾ ਜਾਂਦਾ ਹੈ। ਫੰਡਾਂ ਦੇ ਨਾਲ ਕਿਸੇ ਵੀ ਆਗੂ ਦਾ ਕੋਈ ਕਾਰੋਬਾਰ ਨਹੀਂ ਚੱਲਦਾ ਜਿਥੋਂ ਤੱਕ ਮੁੱਖ ਮੰਤਰੀ ਨੇ ਕੱਲ ਬਠਿੰਡਾ ਵਿੱਚ ਇਹ ਕਿਹਾ ਕਿ ਕਿਸਾਨ ਜਥੇਬੰਦੀਆ ਨਾਲ ਕਿਸਾਨਾਂ ਦੇ ਮਸਲਿਆਂ ਦਾ ਕੋਈ ਸਰੋਕਾਰ ਨਹੀਂ ਹੈ ਜੋ ਸਿਰੇ ਦਾ ਝੂਠ ਹੈ। ਕਿਉਂਕਿ ਕਿਸਾਨ ਜਥੇਬੰਦੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਸਾਨਾਂ, ਮਜਦੂਰਾਂ ਸਿਰ ਚੜ੍ਹੇ ਕਰਜੇ ਖਤਮ ਕਰਨ, ਫਸਲਾਂ ਦੇ ਰੇਟ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾ ਮੁਤਾਬਿਕ 50% ਮੁਨਾਫੇ ਵਾਲੇ ਤਹਿ ਕੀਤੇ ਜਾਣ ਐਮ.ਐਸ.ਪੀ. ਗਾਰੰਟੀ ਕਾਨੂੰਨ ਬਣੇ ਹਰ ਖੇਤ ਨੂੰ ਨਹਿਰੀ ਪਾਣੀ ਦਿੱਤਾ ਜਾਵੇ ਕਿਸਾਨਾਂ ਦੀਆਂ ਜਬਰੀ ਜਮੀਨਾਂ ਨਾ ਰੋਕੀਆ ਜਾਣ, ਅਵਾਰਾਂ ਪਸ਼ੂਆ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ ਅੱਗਾਂ ਲੱਗਣ ਅਤੇ ਕੁਦਰਤੀ ਆਫਤਾਂ ਨਾਲ ਫਸਲਾ ਦੇ ਹੋਏ ਨੁਕਸਾਨ ਦਾ ਮੁਆਵਜਾ ਦਿੱਤਾ ਜਾਵੇ 60 ਸਾਲ ਦੀ ਉਮਰ ਤੋਂ ਕਿਸਾਨਾਂ, ਮਜਦੂਰਾਂ ਨੂੰ ਘੱਟੋ ਘੱਟ 10,000 ਰੁਪੈ ਪ੍ਰਤੀ ਮਹੀਨਾਂ ਪੈਨਸ਼ਨ ਦਿੱਤੀ ਜਾਵੇ ਕਾਰਪੋਰੇਟ ਘਰਾਣਿਆਂ ਨੂੰ ਬਿਜਲੀ ਜਮੀਨਾਂ ਅਤੇ ਦਰਿਆਈ ਪਾਣੀਆਂ ਤੇ ਕਬਜੇ ਕਰਨ ਤੋਂ ਰੋਕਿਆ ਜਾਵੇ ਪ੍ਰਚੂਨ ਖੇਤਰ ਵਿੱਚ ਵੱਡੀਆਂ ਕੰਪਨੀਆਂ ਦੇ ਵੱਡੇ ਮੌਲ ਖੋਲ ਕੇ ਪ੍ਰਚੂਨ ਖੇਤਰ ਵਿੱਚ ਕਾਰੋਬਾਰ ਕਰਕੇ ਆਪਣਾ ਗੁਜਾਰਾ ਕਰਨ ਵਾਲੇ ਛੋਟੇ ਦੁਕਾਨਦਾਰਾਂ ਨੂੰ ਉਜਾੜਨ ਵਾਲੇ ਫੈਸਲੇ ਰੋਕੇ ਜਾਣ। ਤਾਂ ਮੁੱਖ ਮੰਤਰੀ ਸਾਹਿਬ ਤੁਸੀ ਦੱਸੋ ਇਹ ਮਸਲਿਆਂ ਨੂੰ ਤੁਸੀਂ ਕਿਸ ਨਿਗ੍ਹਾਹ ਨਾਲ ਦੇਖਦੇ ਹੋ ਜੇਕਰ ਇਹ ਮਸਲੇ ਹੱਲ ਨਹੀਂ ਹੋਣਗੇ ਤਾਂ ਕਿਸੇ ਨਾ ਕਿਸੇ ਰੂਪ ਵਿੱਚ ਅੰਦੋਲਨ ਤਾਂ ਹੋਣਗੇ।

# ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਰਾਜਪੁਰਾ ਦੀ ਸਮੀਖਿਆ ਮੀਟਿੰਗ ਵਿੱਚ ਬਸਪਾ ਪੰਜਾਬ ਦੇ ਇੰਚਾਰਜ ਅਜੀਤ ਸਿੰਘ ਭੈਣੀ ਜੀ ਸਾਮਲ ਹੋਏ, ਰਾਜਿੰਦਰ ਸਿੰਘ ਚੱਪੜ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਪਟਿਆਲਾ (ਜਗਤਾਰ ਸਿੰਘ ਰੋੜੇਵਾਲ)

ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਰਾਜਪੁਰਾ ਦੀ ਸਮੀਖਿਆ ਮੀਟਿੰਗ ਹੋਈ। ਬਸਪਾ ਪੰਜਾਬ ਦੇ ਇੰਚਾਰਜ ਮਾਨਯੋਗ ਅਜੀਤ ਸਿੰਘ ਭੈਣੀ ਦੀ ਅਗਵਾਈ ਵਿੱਚ ਵਿਧਾਨ ਸਭਾ ਨੂੰ ਮਜ਼ਬੂਤ ਕਰਨ ਲਈ ਬਸਪਾ ਆਗੂ ਕੁਲਦੀਪ ਸਿੰਘ ਸੂਰੋਂ ਨੂੰ ਜਿਲੇ ਦਾ ਪ੍ਰਭਾਰੀ ਨਿਯੁਕਤ ਕੀਤਾ ਗਿਆ। ਕੁਲਦੀਪ ਸਿੰਘ ਸੂਰੋ ਨੂੰ ਜਿਲਾ ਪ੍ਰਭਾਰੀ ਨਿਯੁਕਤ ਕਰਦੇ ਹੋਏ ਵਿਧਾਨ ਸਭਾ ਰਾਜਪੁਰਾ ਦਾ ਇੰਚਾਰਜ ਵੀ ਨਿਯੁਕਤ ਕੀਤਾ ਗਿਆ। ਜੋਗਿੰਦਰ



ਸਿੰਘ ਮੰਡੋਲੀ ਨੂੰ ਵਿਧਾਨ ਸਭਾ ਦਾ ਜਨਰਲ ਸਕੱਤਰ ਅਤੇ ਸਰਦੂਲ ਸਿੰਘ ਦੁੱਲਾ ਨੂੰ ਸਕੱਤਰ ਨਿਯੁਕਤ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਾਜਿੰਦਰ ਸਿੰਘ ਚੱਪੜ ਪ੍ਰਧਾਨ ਰਾਜਪੁਰਾ ਨੇ ਦੱਸਿਆ ਕਿ ਵਿਧਾਨ ਸਭਾ ਰਾਜਪੁਰਾ ਨੂੰ ਚਾਰ ਜੋਨਾ ਵਿੱਚ ਵੰਡ ਕੇ ਜੋਨ ਇੰਚਾਰਜ ਨਿਯੁਕਤ ਕੀਤੇ ਗਏ। ਜਿਨਾ ਅਨੁਸਾਰ ਸੁਖਵੰਤ ਸਿੰਘ ਸਕੱਤਰ ਜਿਲਾ ਪਟਿਆਲਾ,ਰਾਜਿੰਦਰ ਸਿੰਘ ਚੱਪੜ ਪ੍ਰਧਾਨ ਵਿਧਾਨ ਸਭਾ ਰਾਜਪੁਰਾ, ਕੁਲਦੀਪ ਸਿੰਘ ਸੂਰੋ ਅਤੇ ਜੋਗਿੰਦਰ ਸਿੰਘ ਮੰਡੋਲੀ ਨੂੰ ਨਿਯੁਕਤ ਕੀਤਾ ਗਿਆ।

ਅੱਜ ਦੀ ਸਮੀਖਿਆ ਮੀਟਿੰਗ ਵਿੱਚ ਬਲਦੇਵ ਸਿੰਘ ਮਹਿਰਾ ਮੀਤ ਪ੍ਰਧਾਨ ਪੰਜਾਬ, ਜੋਗਾ ਸਿੰਘ ਪਨੌਦੀਆ ਜਨਰਲ ਸਕੱਤਰ ਪੰਜਾਬ ਮੇਜਰ ਸਿੰਘ ਟਿੱਬੀ,ਪ੍ਰੇਮ ਸਿੰਘ ਭਟੇੜੀ ਸਾਬਕਾ ਪ੍ਰਧਾਨ ਰਾਜਪੁਰਾ,ਹਰਬੰਸ ਸਿੰਘ ਉਗਾਣੀ,ਜੰਗ ਸਿੰਘ ਬਖਸ਼ੀਵਾਲ ਮਨਪ੍ਰੀਤ ਸਿੰਘ ਉਕਸੀ, ਭਾਗ ਸਿੰਘ ਪਿਲਖਣੀ ਸਤਨਾਮ ਸਿੰਘ ਉ ਪ ਲ ਹੇ ੜੀ , ਸੱ ਤ ਪਾ ਲ ਸਿੰਘ ਸੈਣੀ,ਸਰਦੂਲ ਸਿੰਘ ਦੁੱਲਾ,ਐਡਵੋਕੇਟ ਜਸਪਾਲ ਸਿੰਘ, ਗੁਰਦਾਸ ਸਿੰਘ ਘੜਾਮਾ,ਸੁਖਵਿੰਦਰ ਸਿੰਘ ਤੇਪਲਾ,ਛੋਟਾ ਸਿੰਘ ਉਗਾਣੀ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਸਾਮਲ ਹੋਏ।

# ਓਬੀਸੀ ਰਿਜ਼ਰਵੇਸ਼ਨ ਇੰਪਲੀਮੈਂਟੇਸ਼ਨ ਫੋਰਮ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਕੀਤੀ ਸਮੀਖਿਆ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

Review meeting was organised by OBC reservation Implementation Forum Panjab University Chandigarh at Gurjjar Bhawan Sector 28 D Chandigarh. Progress and future strategy for agitation at Panjab University was discussed in detail and it was also



decided to adopt a more aggressive approach to achieve 27% reservation in employment and admission in Panjab University Chandigarh .

Balwinder Singh Multani

OBC Federation

9463743086

ਓਬੀਸੀ ਰਿਜ਼ਰਵੇਸ਼ਨ ਇੰਪਲੀਮੈਂਟੇਸ਼ਨ ਫੋਰਮ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਗੁੱਜਰ ਭਵਨ ਸੈਕਟਰ 28 ਡੀ ਚੰਡੀਗੜ੍ਹ ਵਿਖੇ ਸਮੀਖਿਆ ਮੀਟਿੰਗ ਦਾ ਆਯੋਜਨ ਕੀਤਾ ਗਿਆ। ਪੰਜਾਬ ਯੂਨੀਵਰਸਿਟੀ ਵਿੱਚ ਅੰਦੋਲਨ ਦੀ ਪ੍ਰਗਤੀ ਅਤੇ ਭਵਿੱਖ ਦੀ ਰਣਨੀਤੀ ‘ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਰੁਜ਼ਗਾਰ ਅਤੇ ਦਾਖਲੇ ਵਿੱਚ 27% ਰਾਖਵਾਂਕਰਨ ਪ੍ਰਾਪਤ ਕਰਨ ਲਈ ਵਧੇਰੇ ਹਮਲਾਵਰ ਪਹੁੰਚ ਅਪਣਾਉਣ ਦਾ ਵੀ ਫੈਸਲਾ ਕੀਤਾ ਗਿਆ।

ਬਲਵਿੰਦਰ ਸਿੰਘ ਮੁਲਤਾਨੀ

ਓਬੀਸੀ ਫੈਡਰੇਸ਼ਨ

9463743086

# ਪੰਜਾਬੀ ਵਿਸ਼ੇ ਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ 31ਮਈ ( ਆਤਮਾ ਸਿੰਘ ਪਮਾਰ) ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਾਨਸਾ ਵਿਖੇ ਪ੍ਰਿੰਸੀਪਲ ਗੁਰਸਿਮਰ ਕੌਰ ਦੀ ਪ੍ਰਧਾਨਗੀ ਹੇਠ ਪੰਜਾਬੀ ਬੋਲੀ ਨੂੰ ਸਮਰਪਿਤ ਇਕ ਸੰਖੇਪ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਸੁਮਨਦੀਪ ਕੌਰ ,ਲੈਕਚਰਾਰ ਪੰਜਾਬੀ ਵੱਲੋਂ ਆਪਣੇ ਪਿਤਾ ਉੱਘੇ ਪੱਤਰਕਾਰ ਅਤੇ ਲੇਖਕ ਗੁਰਮੀਤ ਸਿੰਘ ਕੋਟਕਪੂਰਾ ਦੀ ਯਾਦ ਵਿੱਚ ਦਸਵੀਂ ਤੇ ਬਾਰਵੀਂ ਜਮਾਤ ਦੀ ਪ੍ਰੀਖਿਆ ਵਿੱਚ ਪੰਜਾਬੀ ਵਿਸ਼ੇ ਵਿੱਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੇ ਦੋ ਵਿਦਿਆਰਥੀਆਂ ਦਾ ਸਨਮਾਨ ਕੀਤਾ। ਇਹ




ਸਨਮਾਨ ਬਾਰਵੀਂ ਸ਼੍ਰੇਣੀ ਦੀ ਬੋਰਡ ਦੀ ਪ੍ਰੀਖਿਆ ਵਿਚੋਂ ਪੰਜਾਬੀ ਵਿਸ਼ੇ ਵਿਚੋਂ 100 ਫੀਸਦੀ ਅੰਕ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਹਰਮਨਦੀਪ ਕੌਰ ਅਤੇ ਮੈਟ੍ਰਿਕ ਪ੍ਰੀਖਿਆ ਵਿੱਚ ਪੰਜਾਬੀ ਵਿੱਚੋਂ 94 ਫੀਸਦੀ ਅੰਕ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਦੀਪਿਕਾ ਨੂੰ ਗੁਰਮੀਤ ਸਿੰਘ ਕੋਟਕਪੂਰਾ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਗਿਆ।

ਸੁਮਨਦੀਪ ਕੌਰ ਨੇ ਆਪਣੇ ਪਿਤਾ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਿਤਾ ਜੀ ਨੇ ਜਿੱਥੇ ਕਿੱਤੇ ਵਜੋਂ ਕਾਲਜ ਲਾਇਬਰੇਰੀਅਨ ਦੇ ਤੌਰ ‘ਤੇ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਿਆ, ਉਥੇ ਉਨ੍ਹਾਂ ਨੇ ਪੰਜਾਬੀ ਦੇ ਵਿਕਾਸ ਵਿੱਚ ਆਪਣੀਆਂ ਵੱਡਮੁੱਲੀਆਂ ਲਿਖਤਾਂ ਨਾਲ ਯੋਗਦਾਨ ਪਾਇਆ। ਉਹਨਾਂ ਕਿਹਾ ਕਿ ਇਹ ਸਨਮਾਨ ਹਰ ਸਾਲ ਦਸਵੀਂ ਤੇ ਬਾਰਵੀਂ ਪ੍ਰੀਖਿਆ ਵਿੱਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਦਿੱਤਾ ਜਾਇਆ ਕਰੇਗਾ।

ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਡਾ. ਸੁਸੀਲ ਕੁਮਾਰ ਵੱਲੋਂ ਕੀਤਾ ਗਿਆ ।ਸਕੂਲ ਪ੍ਰਿੰਸੀਪਲ ਗੁਰਸਿਮਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਤ-ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਇਹ ਇੱਕ ਸ਼ਾਲਾਘਾਯੋਗ ਕਦਮ ਹੈ। ਇਸ ਮੌਕੇ ਲੈਕਚਰਾਰ ਪਰਮਜੀਤ ਕੌਰ, ਰੇਖਾ ਰਾਣੀ, ਸੁਨੀਤਾ ਰਾਣੀ, ਅਨੁਪਮ, ਪੰਜਾਬੀ ਅਧਿਆਪਕ ਸੁਖਵੀਰ ਕੌਰ, ਅੰਜਨਾ ਅਤੇ ਡਾ. ਵਿਨੋਦ ਮਿੱਤਲ ਹਾਜ਼ਰ ਸਨ। ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਅਤੇ ਖੋਜ ਅਫ਼ਸਰ ਕਵੀ ਗੁਰਪ੍ਰੀਤ ਨੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਕਰਨਾ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਪ੍ਰਤੀ ਪ੍ਰੇਰਿਤ ਕਰਨ ਲਈ ਅਹਿਮ ਕਦਮ ਹੈ

# ਕੇਂਦਰੀ ਵਿਦਿਆਲਿਆ ਸਲਾਇਟ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ ਦਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ, 31 ਮਈ (ਜਗਸੀਰ ਸਿੰਘ) - 30 ਮਈ ਤੋਂ 6 ਜੂਨ ਤੱਕ ਹਫ਼ਤਾ ਚੱਲਣ ਵਾਲਾ ਭਾਰਤੀ ਭਾਸ਼ਾ ਸਮਰ ਕੈਂਪ ਕੇਂਦਰੀ ਵਿਦਿਆਲਿਆ ਸਲਾਇਟ ਵਿਖੇ ਸ਼ੁਰੂ ਹੋ ਗਿਆ ਹੈ। ਇਹ ਕੈਂਪ ਇਹ ਸੰਦੇਸ਼ ਦੇਵੇਗਾ ਕਿ ਭਾਸ਼ਾ ਨਾ ਸਿਰਫ਼ ਸੰਚਾਰ ਦਾ ਸਾਧਨ ਹੈ, ਸਗੋਂ ਸੱਭਿਆਚਾਰ, ਪਛਾਣ ਅਤੇ ਰਾਸ਼ਟਰੀ ਏਕਤਾ ਲਈ ਸਹਾਈ ਹੋਵੇਗਾ। ਇਹ ਕੈਂਪ ਕੇਂਦਰੀ ਸਿੱਖਿਆ ਮੰਤਰਾਲੇ ਦੀ ਪਹਿਲਕਦਮੀ ‘ਤੇ ਆਯੋਜਿਤ ਕੀਤਾ ਜਾ ਰਿਹਾ ਹੈ।

ਪ੍ਰਿੰਸੀਪਲ ਸ਼੍ਰੀ ਹਰੀਹਰ ਯਾਦਵ ਨੇ ਕਿਹਾ, “ਇਸ ਨਵੀਨਤਾਕਾਰੀ ਕੈਂਪ ਦਾ ਉਦੇਸ਼ ਵਿਦਿਆਰਥੀਆਂ ਨੂੰ ਭਾਰਤ ਦੀ ਅਮੀਰ ਭਾਸ਼ਾਈ ਵਿਭਿੰਨਤਾ ਤੋਂ ਜਾਣੂ ਕਰਵਾਉਣਾ, ਵੱਖ-ਵੱਖ ਭਾਸ਼ਾਵਾਂ ਲਈ



ਪਿਆਰ ਪੈਦਾ ਕਰਨਾ ਅਤੇ ਸੱਭਿਆਚਾਰਕ ਸਮਾਵੇਸ਼ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਅੱਗੇ ਕਿਹਾ, “ਭਾਰਤ ਦੀ ਏਕਤਾ ਇਸਦੀ ਭਾਸ਼ਾਈ ਵਿਭਿੰਨਤਾ ਵਿੱਚ ਹੈ। ਜਦੋਂ ਬੱਚੇ ਨਵੀਆਂ ਭਾਸ਼ਾਵਾਂ ਸਿੱਖਦੇ ਹਨ, ਤਾਂ ਉਹ ਸਿਰਫ਼ ਸ਼ਬਦ ਹੀ ਨਹੀਂ ਸਿੱਖਦੇ, ਉਹ ਵਿਚਾਰ, ਭਾਵਨਾਵਾਂ ਅਤੇ ਸੱਭਿਆਚਾਰ ਵੀ ਸਿੱਖਦੇ ਹਨ।” ਇਹ ਕੈਂਪ ਏਕਤਾ ਅਤੇ ਵਿਭਿੰਨਤਾ ਦਾ ਇੱਕ ਸੁੰਦਰ ਸੁਮੇਲ ਹੈ।”

ਹਰ ਰੋਜ਼, ਡੈਲੀਗੇਟ ਦੋ ਭਾਰਤੀ ਭਾਸ਼ਾਵਾਂ ‘ਤੇ ਧਿਆਨ ਕੇਂਦਰਿਤ ਕਰਨਗੇ, ਜਿਸ ਵਿੱਚ ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਸ਼ਾਮਲ ਹੋਣਗੀਆਂ। ਇਨ੍ਹਾਂ ਵਿੱਚ ਨਾ ਸਿਰਫ਼ ਭਾਸ਼ਾ ਸਿੱਖਣੀ ਸ਼ਾਮਲ ਹੋਵੇਗੀ, ਸਗੋਂ ਸਬੰਧਤ ਰਾਜਾਂ ਦੇ ਰਵਾਇਤੀ ਸੰਗੀਤ, ਲੋਕ ਕਲਾ, ਪੇਂਟਿੰਗ, ਭੋਜਨ, ਇਤਿਹਾਸ ਅਤੇ ਭੂਗੋਲ ‘ਤੇ ਪੇਸ਼ਕਾਰੀਆਂ ਰਾਹੀਂ ਅਨੁਭਵੀ ਸਿੱਖਿਆ ਵੀ ਸ਼ਾਮਲ ਹੋਵੇਗੀ। ਇਹ ਪਹੁੰਚ ਵਿਦਿਆਰਥੀਆਂ ਨੂੰ ਭਾਸ਼ਾਈ ਹੁਨਰ ਅਤੇ ਡੂੰਘੀ ਸੱਭਿਆਚਾਰਕ ਸਮਝ ਪ੍ਰਾਪਤ ਕਰਨ ਵਿੱਚ ਮਦਦ ਕਰੇਗੀ।

ਕੈਂਪ ਦੇ ਪਹਿਲੇ ਦਿਨ, ਵਿਦਿਆਰਥੀਆਂ ਨੇ ਮਰਾਠੀ ਅਤੇ ਕੰਨੜ ਵਿੱਚ ਆਮ ਸ਼ੁਭਕਾਮਨਾਵਾਂ ਸਿੱਖੀਆਂ। ਇਨ੍ਹਾਂ ਨੂੰ ਰੰਗੀਨ ਪੋਸਟਰਾਂ ਰਾਹੀਂ ਉਤਸ਼ਾਹ ਨਾਲ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਸਬੰਧਤ ਰਾਜਾਂ ਦੇ ਰਵਾਇਤੀ ਲੋਕ ਸੰਗੀਤ ਦੀਆਂ ਧੁਨਾਂ ‘ਤੇ ਵੀ ਪ੍ਰਦਰਸ਼ਨ ਕੀਤਾ ਅਤੇ ਰਵਾਇਤੀ ਪਹਿਰਾਵੇ ਪਹਿਨ ਕੇ ਪੇਂਟਿੰਗਾਂ ਰਾਹੀਂ ਸੱਭਿਆਚਾਰਕ ਤੱਤਾਂ ਦਾ ਪ੍ਰਦਰਸ਼ਨ ਕੀਤਾ। ਕੈਂਪ ਵਿੱਚ ਕਹਾਣੀ ਸੁਣਾਉਣ, ਸੰਵਾਦ ਪੇਸ਼ਕਾਰੀਆਂ, ਪੋਸਟਰ ਡਿਸਪਲੇਅ, ਡਾਂਸ ਅਤੇ ਸੰਗੀਤ ਪ੍ਰਦਰਸ਼ਨ ਅਤੇ ਭੋਜਨ ਪ੍ਰਦਰਸ਼ਨੀਆਂ ਸ਼ਾਮਲ ਹਨ - ਅਜਿਹੀਆਂ ਗਤੀਵਿਧੀਆਂ ਜੋ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਦੀਆਂ ਹਨ ਇਸ ਹਫ਼ਤੇ ਦੌਰਾਨ, ਵਿਦਿਆਰਥੀਆਂ ਨੂੰ ਅੰਗਰੇਜ਼ੀ, ਮਰਾਠੀ, ਕੰਨੜ ਅਤੇ ਹਿੰਦੀ ਵਰਗੀਆਂ ਭਾਸ਼ਾਵਾਂ ਨਾਲ ਜਾਣੂ ਕਰਵਾਇਆ ਜਾਵੇਗਾ। ਇਸ ਯਤਨ ਰਾਹੀਂ ਉਹ ਨਾ ਸਿਰਫ਼ ਭਾਸ਼ਾਈ ਵਿਭਿੰਨਤਾ ਦਾ ਸਤਿਕਾਰ ਕਰਨਾ ਸਿੱਖਣਗੇ ਬਲਕਿ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਵੀ ਗ੍ਰਹਿਣ ਕਰਨਗੇ, ਜੋ ਕਿ ਭਾਰਤ ਦਾ ਸਾਰ ਹੈ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ ‘ਤੇ ਪੂਰਨ ਪਾਬੰਦੀ ਦੇ ਹੁਕਮ ਕੀਤੇ ਜਾਰੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ, 31 ਮਈ : (ਆਤਮਾ ਸਿੰਘ ਪਮਾਰ)

ਪ੍ਰਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ (ਗ੍ਰਹਿ—2 ਸ਼ਾਖਾ) ਪੰਜਾਬ ਸਰਕਾਰ ਚੰਡੀਗੜ੍ਹ ਵੱਲੋਂ ਪ੍ਰਾਪਤ ਹਦਾਇਤਾਂ ਦੀ ਰੋਸ਼ਨੀ ਵਿੱਚ ਜ਼ਿਲ੍ਹੇ ਅੰਦਰ ਅਮਨ ਤੇ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਭਾਰਤੀ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਲੋਕ ਹਿੱਤ ਅਤੇ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ *ਤੇ ਪੂਰਨ ਪਾਬੰਦੀ ਲਗਾਈ ਹੈ। ਉਨ੍ਹਾਂ ਕਿਹਾ ਕਿ ਇਹ ਪਾਬੰਦੀ ਸ਼ੋਸ਼ਲ ਮੀਡੀਆ *ਤੇ ਹਥਿਆਰਾਂ ਦੇ ਪ੍ਰਦਰਸ਼ਨ *ਤੇ ਵੀ ਲਾਗੂ ਹੋਵੇਗੀ।

ਹੁਕਮ ਵਿੱਚ ਉਨ੍ਹਾਂ ਕਿਹਾ ਕਿ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ *ਤੇ ਵੀ ਪੂਰਨ ਪਾਬੰਦੀ ਹੋਵੇਗੀ। ਇਸ ਤੋਂ ਇਲਾਵਾ ਜਨਤਕ ਇੱਕਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ *ਤੇ ਵੀ ਪੂਰਨ ਰੂਪ ਵਿੱਚ ਮਨਾਹੀ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ *ਤੇ ਵੀ ਪੂਰਨ ਪਾਬੰਦੀ ਰਹੇਗੀ।

ਇਹ ਹੁਕਮ 31 ਜੁਲਾਈ 2025 ਤੱਕ ਲਾਗੂ ਰਹੇਗਾ।

# ਵਿਸ਼ਵ ਨੋ ਤੰਬਾਕੂ ਦਿਵਸ ਮੌਕੇ ਦਫਤਰ ਸਿਵਲ ਸਰਜਨ ਵਿਖੇ ਸੰਹੁ ਚੁੱਕ ਸਮਾਗਮ ਆਯੋਜਿਤ

## ਇੱਕ ਸਿਗਰਟ ਦੋ ਸਾਹ ਘੱਟ, ਇੱਕ ਬੀੜੀ ਤਿੰਨ ਸਾਹ ਘੱਟ : ਡਾ. ਪਵਨ ਕੁਮਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 31 ਮਈ (ਤਰਸੇਮ ਦੀਵਾਨਾ ) ਨੌਜਵਾਨਾਂ 'ਚ ਤੰਬਾਕੂਨੋਸ਼ੀ ਦੀ ਵੱਧ ਰਹੀ ਆਦਤ ਸਮਾਜ ਲਈ ਇੱਕ ਵੱਡਾ ਖਤਰਾ ਬਣ ਕੇ ਸਾਹਮਣੇ ਆ ਰਹੀ ਹੈ। ਯੁਵਾ ਅਵਸਥਾ ਜਿੰਦਗੀ ਦਾ ਉਹ ਪੜਾਅ ਹੈ ਜਿੱਥੇ ਵਿਅਕਤੀਗਤ ਰੂਪ ਵਿੱਚ ਵਿਅਕਤੀ ਦੇ ਵਿਕਾਸ ਦੀ ਨੀਂਹ ਰੱਖੀ ਜਾਂਦੀ ਹੈ ਤੇ ਇਸ ਪੜਾਅ ਤੇ ਸਿਗਰੇਟ ਸਮੇਤ ਕਿਸੇ ਵੀ ਹੋਰ ਤਰ੍ਹਾਂ ਦੇ ਨਸ਼ੇ ਦਾ ਕਿਸੇ ਵੀ ਰੂਪ ਵਿੱਚ ਇਸਤੇਮਾਲ ਕਰਨਾ ਬਹੁਤ ਹੀ ਨੁਕਸਾਨਦਾਇਕ ਹੋ ਸਕਦਾ ਹੈ। ਇਹ ਵਿਚਾਰ ਸਿਵਲ ਸਰਜਨ ਡਾ. ਪਵਨ ਕੁਮਾਰ ਸ਼ਗੋਤਰਾ ਨੇ ਦਫਤਰ ਸਿਵਲ ਸਰਜਨ ਵਿਖੇ ਵਿਸ਼ਵ ਨੋ ਤੰਬਾਕੂ ਦਿਵਸ ਮੌਕੇ ਆਯੋਜਿਤ ਸੁੰਹ ਚੁੱਕ ਸਮਾਗਮ ਦੌਰਾਨ ਕਹੇ। ਇਸ ਦੌਰਾਨ ਉਹਨਾਂ ਦੇ ਨਾਲ ਸਹਾਇਕ ਸਿਵਲ ਸਰਜਨ ਡਾ ਡੀਪੀ ਸਿੰਘ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਰਣਜੀਤ ਸਿੰਘ, ਜਿਲ੍ਹਾ ਡੈਂਟਲ ਸਿਹਤ ਅਫਸਰ ਡਾ ਮੋਨਿੰਦਰ ਕੌਰ, ਜਿਲ੍ਹਾ ਐਪੀਡਿਮੋਲੇਜਿਸਟ ਡਾ ਜਗਦੀਪ ਸਿੰਘ, ਡਾ ਸ਼ਾਲਿਨੀ, ਡਿਪਟੀ ਮਾਸ ਮੀਡੀਆ ਅਫਸਰ ਰਮਨਦੀਪ ਕੌਰ, ਡੀ.ਪੀ.ਐਮ ਮੁਹੰਮਦ ਆਸਿਫ, ਏਐਨਐਮ ਟ੍ਰੇਨਿੰਗ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਕੌਰ, ਸਟਾਫ ਮੈਂਬਰ ਤੇ ਵਿਦਿਆਰਥਣਾਂ ਅਤੇ ਦਫਤਰ ਸਿਵਲ ਸਰਜਨ ਦਾ ਹੋਰ ਸਟਾਫ ਸ਼ਾਮਲ ਹੋਇਆ। ਇਸ ਮੌਕੇ ਤੰਬਾਕੂ ਪਦਾਰਥਾਂ ਦਾ ਇਸਤੇਮਾਲ ਨਾ ਕਰਨ ਅਤੇ ਇਸਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਮਿੱਤਰਾਂ ਨੂੰ ਵੀ ਜਾਗਰੂਕ ਕਰਨ ਸਬੰਧੀ ਸੰਹੁ ਚੁੱਕੀ ਗਈ।

ਡਾ. ਪਵਨ ਕੁਮਾਰ ਨੇ ਕਿਹਾ ਕਿ ਸਿਗਰਟਨੋਸ਼ੀ ਜਾਂ ਕਿਸੇ ਵੀ ਤੰਬਾਕੂ ਪਦਾਰਥ ਦੀ ਲੱਤ ਤੋਂ ਛੁਟਕਾਰਾ ਮਜ਼ਬੂਤ ਇੱਛਾ ਸ਼ਕਤੀ ਅਤੇ ਸਵੈ ਵਚਨਬੱਧਤਾ ਨਾਲ ਹੀ ਪਾਇਆ ਜਾ ਸਕਦਾ ਹੈ। ਸਿਗਰੇਟਨੋਸ਼ੀ ਜਾਂ ਬੀੜੀ ਦਾ ਸੇਵਨ ਕਰਨ ਨਾਲ ਨਾ ਕੇਵਲ ਸਿਗਰੇਟ ਜਾਂ ਬੀੜੀ ਪੀਣ ਵਾਲਿਆਂ ਨੂੰ ਹੀ ਸਗੋਂ ਆਸ ਪਾਸ ਵਾਲਿਆਂ ਤੇ, ਜਿਹੜੇ ਸਿਗਰੇਟ ਜਾਂ ਬੀੜੀ ਨਹੀਂ ਵੀ ਪੀਂਦੇ ਉਹਨਾਂ ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਇਸ ਨਾਲ ਨਾ ਸਿਰਫ਼ ਕੈਂਸਰ ਵਰਗੀ ਭਿਆਨਕ ਬੀਮਾਰੀ ਬਲਕਿ ਕੈਂਸਰ ਤੋਂ ਇਲਾਵਾ ਫੇਫੜਿਆਂ ਅਤੇ ਦਿਲ ਦੀਆਂ ਕਈ ਖਤਰਨਾਕ ਬਿਮਾਰੀਆਂ ਹੋਣ ਦਾ ਖਤਰਾ ਬੁਹਤ ਵੱਧ ਜਾਂਦਾ ਹੈ। ਇਸ ਲਈ ਸਿਗਰਟਨੋਸ਼ੀ ਕਰਨ ਵਾਲਿਆ ਲਈ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ 'ਇੱਕ ਸਿਗਰਟ ਦੋ ਸਾਹ ਘੱਟ, ਇੱਕ ਬੀੜੀ ਤਿੰਨ ਸਾਹ ਘੱਟ'। ਤੁਸੀਂ ਸਿਗਰਟ ਨੂੰ ਨਹੀਂ, ਸਿਗਰਟ ਤੁਹਾਨੂੰ ਪੀਂਦੀ ਹੈ, ਇਸਦਾ ਨਤੀਜਾ ਸਿਰਫ ਮੌਤ ਹੈ।

ਡਾ. ਜਗਦੀਪ ਨੇ ਤੰਬਾਕੂ ਕੰਟਰੋਲ ਐਕਟ ਅਧੀਨ ਤੰਬਾਕੂ ਵਿਰੋਧੀ ਕਾਨੂੰਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਕਿ ਤਹਿਤ ਜਨਤਕ ਥਾਵਾਂ ਤੇ ਸਿਗਰਟਨੋਸ਼ੀ ਕਰਨਾ ਕਾਨੂੰਨੀ ਜੁਰਮ ਹੈ ਅਤੇ ਇਸਦੀ ਉਲੰਘਣਾ ਕਰਨ ਵਾਲੇ ਨੂੰ 200 ਰੁਪਏ ਤੱਕ ਦਾ ਜੁਰਮਾਨਾ ਵੀ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਕੋਟਪਾ ਐਕਟ ਅਧੀਨ ਕਿਸੇ ਵੀ ਸਿੱਖਿਅਕ ਅਦਾਰੇ ਦੇ 100 ਗਜ ਦੇ ਘੇਰੇ ਅੰਦਰ ਅਤੇ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀ ਨੂੰ ਸਿਗਰੇਟ ਜਾਂ ਹੋਰ ਤੰਬਾਕੂ ਉਤਪਾਦ ਵੇਚਣਾ, ਸਿਗਰੇਟ ਅਤੇ ਹੋਰ ਤੰਬਾਕੂ ਉਤਪਾਦ ਦੀ ਸਿੱਧੇ ਅਤੇ ਅਸਿੱਧੇ ਤੌਰ ਤੇ ਇਸ਼ਤਿਹਾਰਬਾਜੀ ਤੇ ਰੋਕ ਹੈ, ਇਸ ਦੀ ਉਲਘਣਾ ਕਰਨਾ ਕਾਨੂੰਨ ਜੁਰਮ ਹੈ, ਜਿਸਦੇ ਲਈ ਸਜ਼ਾ ਅਤੇ ਜੁਰਮਾਨੇ ਦਾ ਪ੍ਰਾਵਧਾਨ ਹੈ।

# ਜ਼ਿੰਦਗੀ ਦੀਆਂ ਮੁਸ਼ਕਲਾਂ ਦੇ ਬਾਵਜੂਦ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਸੰਘਰਸ਼ ਕਰੋ : ਡਾ.ਅਜੇ ਬੱਗਾ

## *ਪ੍ਰਿੰਸੀਪਲ ਬੱਗਾ ਵੀ ਸਵੇਰ ਵੇਲੇ ਲੋਕਾਂ ਦੇ ਘਰਾਂ ਵਿੱਚ ਅਖਬਾਰਾਂ ਵੰਡਦੇ ਸਨ*

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ 31 ਮਈ ( ਤਰਸੇਮ ਦੀਵਾਨਾ ) ਕੌਮੀ ਏਕਤਾ, ਧਰਮ ਨਿਰਪੱਖਤਾ ਅਤੇ ਆਪਸੀ ਭਾਈਚਾਰਕ ਸਾਂਝ ਲਈ ਜੀਵਨ ਭਰ ਕਾਰਜਰਤ ਪ੍ਰਿੰਸੀਪਲ ਓਮ ਪ੍ਰਕਾਸ਼ ਬੱਗਾ ਦੀ ਯਾਦ ਵਿੱਚ ਅੱਜ 11 ਉਹਨਾਂ ਵਿਦਿਆਰਥੀਆਂ ਨੂੰ ਹਰ ਮਹੀਨੇ 1000/- ਰੁ: ਇੱਕ ਸਾਲ ਵਾਸਤੇ ਵਜੀਫਾ ਦੇਣ ਦਾ ਫੈਸਲਾ ਕੀਤਾ ਗਿਆ, ਜਿਹੜੇ ਵਿਦਿਆਰਥੀ ਦਿਨ ਵੇਲੇ ਕਾਲਜ ਵਿੱਚ ਪੜਾਈ ਕਰਦੇ ਹਨ ਅਤੇ ਸਵੇਰੇ ਘਰਾਂ ਦੇ ਵਿੱਚ ਅਖਬਾਰਾਂ ਵੰਡਦੇ ਹਨ। "ਮਿਹਨਤ ਸੇ ਕਾਮਯਾਬੀ" ਦਾ ਸੰਦੇਸ਼ ਦੇਣ ਵਾਸਤੇ ਲੋੜਵੰਦਾਂ ਨੂੰ ਵਜੀਫੇ ਦੇਣ ਤੋਂ ਇਲਾਵਾ 6 ਨਵੇਂ ਸਾਈਕਲ ਵੀ ਦਿੱਤੇ ਗਏ। ਸਾਇਕਲ ਹਾਸਲ ਕਰਨ ਵਾਲਿਆਂ ਵਿੱਚ, ਸ਼ਮਸ਼ਾਨ ਘਾਟ ਵਿੱਚ ਮ੍ਰਿਤਕ ਦੇਹ ਨੂੰ ਅਗਨੀ ਭੇਂਟ ਕਰਨ ਵਾਲੇ ਕਰਮਚਾਰੀ ਵੀ ਸ਼ਾਮਿਲ ਹਨ ਜੋ ਕਿ ਸਾਈਕਲ ਨਾ ਹੋਣ ਸਦਕਾ ਆਪਣੇ ਘਰ ਤੋਂ ਪੈਦਲ ਹੀ ਸ਼ਮਸ਼ਾਨ ਘਾਟ ਆਉਂਦੇ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ.ਅਜੇ ਬੱਗਾ ਨੇ ਦੱਸਿਆ ਕਿ ਸਵ: ਪ੍ਰਿੰਸੀਪਲ ਬੱਗਾ ਦੀ ਯਾਦ ਵਿੱਚ ਅਖਬਾਰ ਵੰਡਣ ਵਾਲਿਆਂ ਨੂੰ ਵਜੀਫਾ ਅਤੇ ਸ਼ਮਸ਼ਾਨ ਘਾਟ ਵਿੱਚ ਕਾਰਜਰਤ ਕਾਮਿਆਂ ਨੂੰ ਸਾਇਕਲ ਦੇਣ ਦਾ ਫੈਸਲਾ ਸਮਾਜਵਾਦੀ ਆਗੂ ਪ੍ਰਿੰਸੀਪਲ ਬੱਗਾ ਦੇ ਸੰਘਰਸ਼ਾਂ ਨੂੰ ਜਿੱਥੇ ਜਿੰਦਾ ਰੱਖਣ ਵਿੱਚ ਸਹਾਇਕ ਸਾਬਿਤ ਹੋਵੇਗਾ ਉੱਥੇ ਉਹਨਾਂ ਸਾਰਿਆਂ ਲੋਕਾਂ ਵਾਸਤੇ ਪ੍ਰੇਰਣਾ ਦਾ ਸ੍ਰੋਤ ਹੋਵੇਗਾ ਜਿਹੜੇ ਕਿ ਕਠਿਨਾਈਆਂ ਦੇ ਬਾਵਜੂਦ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਵਾਸਤੇ ਸੰਘਰਸ਼ ਕਰ ਰਹੇ ਹਨ। ਇੱਥੇ ਇਹ ਵੀ ਜਿਕਰਯੋਗ ਹੈ ਕਿ ਭਾਰਤ ਪਾਕਿਸਤਾਨ ਵੰਡ ਵੇਲੇ ਓਮ ਪ੍ਰਕਾਸ਼ ਬੱਗਾ ਗੁੱਜਰਾਂਵਾਲਾ (ਪਾਕਿਸਤਾਨ) ਤੋਂ ਹੁਸ਼ਿਆਰਪੁਰ ਵਿੱਚ ਆ ਕੇ ਵਸ ਗਏ ਸਨ। ਪ੍ਰਿੰਸੀਪਲ ਬੱਗਾ ਸਵੇਰ ਵੇਲੇ ਅਖਬਾਰਾਂ ਵੰਡਦੇ ਸਨ ਅਤੇ ਦਿਨ ਵੇਲੇ ਡੀ.ਏ.ਵੀ. ਕਾਲਜ ਵਿੱਚ ਪੜਾਈ ਕਰਦੇ ਸਨ। ਉਹਨਾਂ ਦੱਸਿਆ ਕਿ ਪ੍ਰਿੰਸੀਪਲ ਬੱਗਾ ਨੇ ਐਮ.ਏ. ਰਾਜਨੀਤੀ ਸ਼ਾਸ਼ਤਰ, ਹਿੰਦੀ ਅਤੇ ਬੀ.ਐਡ. ਕਰਨ ਉਪਰੰਤ ਡੀ.ਏ.ਵੀ. ਸੰਸਥਾਵਾਂ ਵਿੱਚ ਪ੍ਰਿੰਸੀਪਲ ਵਜੋਂ ਸੇਵਾ ਨਿਭਾਈ। ਪੰਜਾਬ ਦੇ ਉਸ ਵੇਲੇ ਦੇ ਸਮਾਜਵਾਦੀ ਆਗੂ ਚੌਧਰੀ ਬਲਵੀਰ ਸਿੰਘ ਦੀ ਸਖਸ਼ੀਅਤ ਤੋਂ ਪ੍ਰਭਾਵਿਤ ਹੋ ਕੇ ਪ੍ਰਿੰਸੀਪਲ ਬੱਗਾ ਸਿਆਸਤ ਵਿੱਚ ਆਏ ਅਤੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਤੋਂ ਵਿਧਾਨਕਾਰ ਚੁਣੇ ਗਏ। ਪ੍ਰਿੰਸੀਪਲ ਬੱਗਾ ਦੀ ਕਹਾਣੀ ਸਖਤ ਮਿਹਨਤ ਅਤੇ ਦ੍ਰਿੜ ਇਰਾਦੇ ਦੀ ਸ਼ਕਤੀ ਦਾ ਪ੍ਰਮਾਣ ਹੈ।

# ਬੀਰ ਕਲਾਂ ਦੀ ਵਿਦਿਆਰਥਣ ਰਮਨਦੀਪ ਕੌਰ ਦਾ ਪਿੰਡ ਪੰਹੁਚਣ ਤੇ ਗ੍ਰਾਮ ਪੰਚਾਇਤ ਵੱਲੋਂ ਕੀਤਾ ਗਿਆ ਸਨਮਾਨ

## 12ਵੀਂ ਕਲਾਸ ਵਿਚੋਂ ਜ਼ਿਲ੍ਹਾ ਬਠਿੰਡਾ ਚੋ ਤੀਜਾ ਤੇ ਪੰਜਾਬ ਚੋ ਹਾਸਲ ਕੀਤਾ ਹੈ 11ਵਾਂ ਰੈਂਕ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com





ਚੀਮਾ ਮੰਡੀ, 31 ਮਈ (ਜਗਸੀਰ ਲੌਂਗੋਵਾਲ)- ਜ਼ਿਲ੍ਹਾ ਸੰਗਰੂਰ ਦੇ ਪਿੰਡ ਬੀਰ ਕਲਾਂ ਦੇ ਮਿੱਠੂ ਸਿੰਘ (ਰੋਹੀ) ਦੀ ਸਪੁੱਤਰੀ ਤੇ ਸਰਕਾਰੀ ਸੈਕੰਡਰੀ ਸਕੂਲ ਰੈਜ਼ੀਡੈਂਸ਼ਲ ਸਕੂਲ ਫਾਰ ਮੈਰੀਟੋਰੀਅਸ ਸਟੂਡੈਂਟਸ ਬਠਿੰਡਾ ਦੀ ਵਿਦਿਆਰਥਣ ਰਮਨਦੀਪ ਕੌਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਏ ਬਾਰਵੀਂ ਕਲਾਸ ਦੇ ਨਤੀਜੇ ਚੋ 500 ਚੋ 489 (97.80 ਫੀਸਦੀ, ਅੰਕ ਹਾਸਲ ਕਰਕੇ ਜ਼ਿਲ੍ਹਾ ਬਠਿੰਡਾ ਚੋ ਤੀਜੀ ਪੁਜੀਸ਼ਨ ਤੇ ਪੰਜਾਬ ਚੋ 11ਵਾਂ ਰੈਂਕ ਹਾਸਲ ਕਰਕੇ ਜ਼ਿਲ੍ਹਾ ਬਠਿੰਡਾ ਤੇ ਜ਼ਿਲ੍ਹਾ ਸੰਗਰੂਰ ਦਾ ਨਾਮ ਰੋਸ਼ਨ ਕਰਨ ਦੇ ਨਾਲ ਨਾਲ ਆਪਣੇ ਪਿੰਡ ਤੇ ਮਾਤਾ ਪਿਤਾ ਦਾ ਨਾਮ ਵੀ ਰੋਸ਼ਨ ਕੀਤਾ ਹੈ, ਰਮਨਦੀਪ ਕੌਰ ਦਾ ਅੱਜ ਆਪਣੇ ਜੱਦੀ ਪਿੰਡ ਪੰਹੁਚਣ ਤੇ ਪਿੰਡ ਦੀ ਗ੍ਰਾਮ ਪੰਚਾਇਤ ਵੱਲੋਂ ਮਿਲਕ ਪਲਾਂਟ ਸੰਗਰੂਰ ਦੇ ਸਾਬਕਾ ਚੇਅਰਮੈਨ ਤੇ ਸਾਬਕਾ ਸਰਪੰਚ ਖੁਸ਼ਪਾਲ ਸਿੰਘ ਬੀਰ ਕਲਾਂ ਦੇ ਗ੍ਰਹਿ ਵਿਖੇ ਮੌਜੂਦਾ ਸਰਪੰਚ ਜਸਵੰਤ ਸਿੰਘ ਦੀ ਅਗਵਾਈ ਵਿੱਚ ਸਮੂਹ ਗ੍ਰਾਮ ਪੰਚਾਇਤ ਵੱਲੋਂ 51 ਸੌ ਰੁਪਏ ਦੀ ਨਕਦ ਰਾਸ਼ੀ ਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ, ਰਮਨਦੀਪ ਕੌਰ ਦੀ ਇਸ ਪ੍ਰਾਪਤੀ ਤੇ ਮਾਣ ਮਹਿਸੂਸ ਕਰਦਿਆਂ ਖੁਸ਼ਪਾਲ ਸਿੰਘ ਬੀਰ ਕਲਾਂ ਨੇ ਦੱਸਿਆ ਕਿ ਰਮਨਦੀਪ ਕੌਰ ਦੀ ਇਸ ਪ੍ਰਾਪਤੀ ਤੇ ਜਿੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰਮਨਦੀਪ ਕੌਰ ਦਾ ਸਨਮਾਨ ਕੀਤਾ ਗਿਆ ਹੈ ਉੱਥੇ ਹੀ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਵੱਲੋਂ ਵੀ ਸਨਮਾਨ ਕਰਨ ਦੇ ਨਾਲ ਨਾਲ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸੰਧਵਾਂ ਵੱਲੋਂ ਵੀ ਪ੍ਰਸੰਸਾ ਪੱਤਰ ਦਿੱਤਾ ਗਿਆ ਹੈ, ਇੱਥੇ ਦੱਸਣਯੋਗ ਹੈ ਕਿ ਰਮਨਦੀਪ ਕੌਰ ਤਿੰਨ ਭੈਣਾਂ ਹਨ। ਇਸ ਮੌਕੇ ਰਮਨਦੀਪ ਕੌਰ ਦੇ ਪਿਤਾ ਮਿੱਠੂ ਸਿੰਘ ਰੋਹੀ, ਪੰਚ ਉਧਮ ਸਿੰਘ, ਕੁਲਦੀਪ ਸਿੰਘ,ਭਜਨ ਸਿੰਘ, ਭੋਲਾ ਸਿੰਘ ਕਲੱਬ ਪ੍ਰਧਾਨ, ਨੰਬਰਦਾਰ ਗੁਰਪਾਲ ਸਿੰਘ, ਹਰਮੇਲ ਸਿੰਘ ਸੁਸਾਇਟੀ ਮੈਂਬਰ, ਗੁਰਵਿੰਦਰ ਸਿੰਘ, ਅਵਤਾਰ ਸਿੰਘ, ਖੁਸ਼ਪਾਲ ਸਿੰਘ ਖੁਸ਼ੀ,ਨਿਰਭੈ ਸਿੰਘ, ਹੇਮਾ ਸਿੰਘ, ਨਾਮਦੇਵ ਸਿੰਘ,ਬੱਲਾ ਸਿੰਘ ਹਾਜ਼ਰ ਸਨ।

# ਆਮ ਆਦਮੀ ਕਲੀਨਿਕ ਪਿੰਡ ਉਭਾਵਾਲ, ਨਮੋਲ ਤੇ ਸ਼ੇਰੋਂ, ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com




ਲੌਂਗੋਵਾਲ,31 ਮਈ (ਜਗਸੀਰ ਸਿੰਘ)-

ਸਿਹਤ ਦੀ ਤੰਦਰੁਸਤੀ ਅਤੇ ਤੰਬਾਕੂ ਦੇ ਬੁਰੇ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਲਈ ਹਰ ਸਾਲ 31 ਮਈ ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਵਜੋਂ ਮਨਾਇਆ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ, ਤੰਬਾਕੂ ਹਰ ਸਾਲ ਦੁਨੀਆ ਭਰ ਵਿੱਚ 8 ਮਿਲੀਅਨ ਤੋਂ ਵੱਧ ਲੋਕਾਂ ਦੀ ਮੌਤ ਦਾ ਕਾਰਨ ਬਣਦਾ ਹੈ। ਤੰਬਾਕੂ ਨਾ ਸਿਰਫ਼ ਇਸ ਦਾ ਸੇਵਨ ਕਰਨ ਵਾਲੇ ਲੋਕਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਬਲਕਿ ਇਸ ਦੇ ਸੰਪਰਕ ਵਿੱਚ ਆਉਣ ਵਾਲੇ ਲੋਕਾਂ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ। ਦੁਨੀਆ ਵਿੱਚ, ਤੰਬਾਕੂ ਨਾਲ 7 ਮਿਲੀਅਨ ਤੋਂ ਵੱਧ ਮੌਤਾਂ ਸਿੱਧੇ ਤੰਬਾਕੂ ਦੀ ਵਰਤੋਂ ਕਾਰਨ ਹੁੰਦੀਆਂ ਹਨ, ਜਦੋਂ ਕਿ ਲਗਭਗ 1.2 ਮਿਲੀਅਨ ਮੌਤਾਂ ਇਸ ਦੇ ਧੂੰਏਂ ਦੇ ਸੰਪਰਕ ਦੇ ਨਤੀਜੇ ਵਜੋਂ ਹੁੰਦੀਆਂ ਹਨ।

ਸਿਵਲ ਸਰਜਨ ਸੰਗਰੂਰ ਡਾ. ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਕਾਰਜ਼ਕਾਰੀ ਸੀਨੀਅਰ ਮੈਡੀਕਲ ਅਫਸਰ ਡਾਕਟਰ ਮਨੀਤਾ ਬਾਂਸਲ ਬਲਾਕ ਲੌਂਗੋਵਾਲ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਪ੍ਰੀਕਸ਼ਤਪਾਲ ਸਿੰਘ ਮੈਡੀਕਲ ਅਫਸਰ ਆਮ ਆਦਮੀ ਕਲੀਨਿਕ ਉਭਾਵਾਲ ਅਤੇ ਐਸ ਆਈ.ਰਾਜਿੰਦਰ ਕੁਮਾਰ ਬਾਂਸਲ ਉਭਾਵਾਲ ਦੀ ਅਗਵਾਈ ਵਿੱਚ ਸੈਕਟਰ ਉਭਾਵਾਲ ਟੀਮ ਦੇ ਖੁਸ਼ਵੰਤ ਸਿੰਘ ਮਲਟੀਪਰਪਜ਼ ਹੈਲਥ ਵਰਕਰ (ਮੇਲ), ਬਾਲ ਕ੍ਰਿਸ਼ਨ ਮਲਟੀਪਰਪਜ਼ ਹੈਲਥ ਵਰਕਰ ( ਮੇਲ ), ਪ੍ਰਦੀਪ ਸਿੰਘ ਮਲਟੀਪਰਪਜ਼ ਹੈਲਥ ਵਰਕਰ ( ਮੇਲ ), ਦਿਲਪ੍ਰੀਤ ਸਿੰਘ ਫਾਰਮਾਸਿਸਟ ਨੇ ਆਮ ਆਦਮੀ ਕਲੀਨਿਕ ਉਭਾਵਾਲ ਅਤੇ ਨਮੋਲ ਸ਼ੇਰੋ ਦੇ ਦੁਕਾਨਦਾਰਾਂ ਅਤੇ ਪਿੰਡ ਵਾਸੀਆਂ ਨੂੰ ਤੰਬਾਕੂ ਦੇ ਮਾੜੇ ਨਤੀਜੇ ਤੋਂ ਜਾਣੂ ਕਰਵਾਉਂਦੇ ਹੋਏ ਅੱਜ 31 ਮਈ ਨੂੰ ਵਿਸ਼ਵ ਤੰਬਾਕੂ ਰਹਿਤ ਦਿਵਸ ਵਜੋਂ ਮਨਾਇਆ । ਇਸ ਦਿਵਸ ਮਨਾਉਣ ਦਾ ਮੰਤਵ ਸਿਹਤ ਵਿਭਾਗ ਤੰਬਾਕੂਨੋਸ਼ੀ ਖਤਮ ਕਰਨਾ ਹੈ I ਤੰਬਾਕੂਨੋਸ਼ਾਂ ਨੂੰ ਦਿਲ ਦਾ ਰੋਗ, ਸਟ੍ਰੋਕ, ਕੈਂਸਰ, ਫੇਫੜਿਆਂ ਦੀ ਪੁਰਾਣੀ ਬੀਮਾਰੀ ਤੇ ਸ਼ੂਗਰ ਰੋਗਾਂ ਤੋਂ ਪੀੜਤ ਹੋਣ ਦੀ ਜ਼ਿਆਦਾ ਸੰਭਾਵਨਾ ਬਣੀ ਰਹਿੰਦੀ ਹੈ। ਤੰਬਾਕੂਨੋਸੀ ਨਾਲ ਸਰੀਰ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ (ਇਮਿਊਨਿਟੀ) ਵੀ ਕਮਜ਼ੋਰ ਹੁੰਦੀ ਹੈ। ਸਿਹਤ ਵਿਭਾਗ ਨੇ ਇਸੇ ਉਦੇਸ਼ ਨਾਲ ਤੰਬਾਕੂ ਦੇ ਖ਼ਤਰਿਆਂ ਤੋਂ ਆਮ ਲੋਕਾਂ ਨੂੰ ਜਾਗਰੂਕ ਕੀਤਾ ਗਿਆ I

ਇਸ ਲਈ ਜੇਕਰ ਤੁਸੀਂ ਸੱਚਮੁੱਚ ਤੰਬਾਕੂ ਜਾਂ ਸਿਗਰਟ ਛੱਡਣਾ ਚਾਹੁੰਦੇ ਹੋ, ਤਾਂ ਇੱਕ ਤਾਰੀਖ ਨਿਸ਼ਚਿਤ ਕਰੋ ਅਤੇ ਉਸ ਤੋਂ ਬਾਅਦ ਛੱਡਣ ਦਾ ਅਭਿਆਸ ਸ਼ੁਰੂ ਕਰੋ। ਸਭ ਤੋਂ ਪਹਿਲਾਂ ਤਾਂ ਸਾਰਾ ਦਿਨ ਸਿਗਰਟ ਜਾਂ ਗੁਟਖਾ ਆਦਿ ਦਾ ਸੇਵਨ ਘੱਟ ਕਰੋ। ਜਿਵੇਂ ਕਿ ਸੈਰ ਦੌਰਾਨ, ਚਾਹ ਅਤੇ ਭੋਜਨ ਤੋਂ ਬਾਅਦ ਜਾਂ ਸਵੇਰੇ ਹੀ ਸਿਗਰਟ ਪੀਣਾ ਜਾਂ ਤੰਬਾਕੂ ਚਬਾਉਣਾ ,ਉਹਨਾਂ ਕੰਮਾਂ ਨੂੰ ਘਟਾਓ। ਇਸ ਤੋਂ ਛੁਟਕਾਰਾ ਪਾਉਣ ਲਈ ਕਸਰਤ ਕਾਰਗਰ ਹੈ।

ਇਸ ਪ੍ਰੋਗਰਾਮ ਨੂੰ ਸਫ਼ਲ ਬਨਾਉਣ ਵਿੱਚ ਪਿੰਡ ਨਮੋਲ ਦੇ ਸਰਪੰਚ ਸੁਖਵੀਰ ਸਿੰਘ ਸੁਖੀ, ਪੰਚ ਰਣਜੀਤ ਸਿੰਘ ਅਤੇ ਸਮੂਹ ਦੁਕਾਨਦਾਰਾਂ ਵੱਲੋ ਪੂਰਨ ਸਹਿਯੋਗ ਦਿੱਤਾ ਗਿਆ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ 14 ਜੂਨ ਨੂੰ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਰੋਸ ਮਾਰਚ

## *09 ਜੁਲਾਈ ਨੂੰ ਹੜਤਾਲ ਕਰਨ ਉਪਰੰਤ ਸਾਂਝੇ ਐਕਸ਼ਨਾਂ ਵਿੱਚ ਸ਼ਾਮਿਲ ਹੋਣ ਦਾ ਫੈਸਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਫਿਲੌਰ ਅੱਪਰਾ (ਦੀਪਾ)-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਸਾਥੀ ਗਗਨਦੀਪ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਵਿਖੇ ਹੋਈ। ਮੀਟਿੰਗ ਉਪਰੰਤ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਜਰਮਨਜੀਤ ਸਿੰਘ, ਸੁਖਿੰਦਰਪਾਲ ਸਿੰਘ ਮੋਲੇਵਾਲੀ, ਰਣਜੀਤ ਸਿੰਘ ਰਾਣਵਾਂ, ਕਰਮ ਸਿੰਘ ਧਨੋਆ,ਬਾਜ ਸਿੰਘ ਖਹਿਰਾ, ਸੁਰਿੰਦਰ ਰਾਮ ਕੁੱਸਾ,ਬੀ. ਐਸ.ਸੈਣੀ ਅਤੇ ਅਮਰੀਕ ਸਿੰਘ ਮਸੀਤਾ,

ਨੇ ਆਖਿਆ ਕਿ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਸਾਂਝਾ ਫਰੰਟ ਵੱਲੋਂ 24 ਤੇ 25 ਮਾਰਚ ਨੂੰ ਮੋਹਾਲੀ ਵਿਖੇ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਕੀਤੇ ਮਾਰਚ ਦੇ ਦਬਾ ਥਲੇ 25 ਅਪ੍ਰੈਲ ਨੂੰ ਸਰਦਾਰ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਦੀ ਹਾਜ਼ਰੀ ਵਿੱਚ ਕੈਬਨਟ ਸਬ ਕਮੇਟੀ ਨਾਲ ਸਾਂਝਾ ਫਰੰਟ ਦੀ ਹੋਈ ਮੀਟਿੰਗ ਵਿੱਚ ਜਿਨਾਂ ਮੁੱਦਿਆਂ ਤੇ ਸਹਿਮਤੀ ਬਣੀ ਸੀ ਉਨਾਂ ਨੂੰ ਵੀ ਅਮਲ ਵਿੱਚ ਨਹੀਂ ਲਿਆਂਦਾ ਗਿਆ ਅਤੇ ਵਿੱਤ ਨਾਲ ਸੰਬੰਧਿਤ ਵਿਸ਼ੇਸ਼ ਤੌਰ ਤੇ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਕ ਨਾਲ ਕਰਨ ਸਬੰਧੀ ਜੋ ਮੀਟਿੰਗ 30 ਅਪ੍ਰੈਲ ਦੀ ਰੱਖੀ ਗਈ ਸੀ ਉਹ ਵੀ ਸਾਂਝਾ ਫਰੰਟ ਨੂੰ ਸੂਚਿਤ ਕੀਤੇ ਬਿਨਾਂ ਹੀ ਰੱਦ ਕਰ ਦਿੱਤੀ ਗਈ ਅਤੇ ਇਸ ਉਪਰੰਤ ਕੋਈ ਵੀ ਸੱਦਾ ਪੱਤਰ ਸਾਂਝਾ ਫਰੰਟ ਨੂੰ ਮੀਟਿੰਗ ਦਾ ਨਹੀਂ ਦਿੱਤਾ ਗਿਆ। ਆਗੂਆਂ ਆਖਿਆ ਕਿ ਪੰਜਾਬ ਸਰਕਾਰ ਸਿਰਫ ਤੇ ਸਿਰਫ ਡੰਗ ਟਪਾਈ ਹੀ ਕਰ ਰਹੀ ਹੈ ਮੁਲਾਜ਼ਮਾ ਅਤੇ ਪੈਨਸ਼ਨਰਾਂ ਦੇ ਕਿਸੇ ਵੀ ਮੁੱਦੇ ਪ੍ਰਤੀ ਗੰਭੀਰ ਨਹੀਂ ਹੈ , ਇਸ ਕਰਕੇ ਸਾਂਝਾ ਫਰੰਟ ਨੇ ਫੈਸਲਾ ਕੀਤਾ ਹੈ ਕਿ 14 ਜੂਨ ਨੂੰ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਹੋ ਰਹੀ ਉਪ ਚੋਣ ਮੌਕੇ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ ਹੇਠ ਰੋਸ ਮਾਰਚ ਕਰਨਗੇ ਅਤੇ ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਲੋਕਾਂ ਵਿੱਚ ਜਾ ਕੇ ਹੈਂਡ ਬਿਲ ਵੰਡਣਗੇ ਜਿਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਤੋਂ ਇਲਾਵਾ ਪੰਜਾਬ ਦੇ ਆਮ ਲੋਕਾਂ ਨਾਲ ਕੀਤੇ ਵਾਅਦੇ ਵੀ ਉਜਾਗਰ ਕਰਕੇ ਸਰਕਾਰ ਨੂੰ ਯਾਦ ਕਰਾਏ ਜਾਣਗੇ। ਆਗੂਆਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਅਜੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਵੀ ਲਾਗੂ ਨਹੀਂ ਕੀਤਾ ਗਿਆ ਅਤੇ ਛੇਵੇਂ ਤਨਖਾਹ ਕਮਿਸ਼ਨ ਦਾ ਰਹਿੰਦਾ ਦੂਜਾ ਭਾਗ ਠੰਡੇ ਬਸਤੇ ਵਿੱਚ ਪਾਇਆ ਹੋਇਆ ਹੈ ਜਦਕਿ ਕੇਂਦਰ ਸਰਕਾਰ ਵੱਲੋਂ ਅੱਠਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕਰ ਦਿੱਤੀ ਗਈ ਹੈ। ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਤਨਖਾਹ ਕਮਿਸ਼ਨ ਦੀ ਸਿਫਾਰਸ਼ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਬਣਾਈ ਗਈ ਨੀਤੀ ਅੱਜ ਤੱਕ ਦੀਆਂ ਸਾਰੀਆਂ ਨੀਤੀਆਂ ਨਾਲੋਂ ਘਟੀਆ ਹੈ ਜਿਹੜੀ ਸਿਰਫ ਤੇ ਸਿਰਫ 58 ਸਾਲ ਤੱਕ ਸੇਵਾ ਕਰਨ ਦੀ ਹੀ ਗਰੰਟੀ ਦਿੰਦੀ ਹੈ ਅਤੇ ਹੋਰ ਕੋਈ ਵੀ ਪੱਕੇ ਮੁਲਾਜ਼ਮਾਂ ਵਾਲਾ ਲਾਭ ਨਹੀਂ ਦਿੰਦੀ, ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਆਪਣੇ ਵਾਅਦੇ ਤੋਂ ਭੱਜ ਕੇ ਹੁਣ ਇਸਨੂੰ ਕੇਂਦਰ ਸਰਕਾਰ ਨਾਲ ਨੂੜਿਆ ਜਾ ਰਿਹਾ ਹੈ, ਮਿਡ-ਡੇ-ਮੀਲ ਵਰਕਰਾਂ, ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਦੁਗਣੇ ਕਰਨ ਦੇ ਆਪਣੇ ਵਾਅਦੇ ਤੋਂ ਸਰਕਾਰ ਭੱਜ ਚੁੱਕੀ ਹੈ ਅਤੇ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਆਊਟਸੋਰਸ, ਇਨਲਿਸਟਮੈਂਟ ਅਤੇ ਕੇਂਦਰੀ ਸਕੀਮਾਂ ਤਹਿਤ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਤਨਖਾਹ ਕਮਿਸ਼ਨ ਦੇ 5 ਸਾਲ 6 ਮਹੀਨੇ ਦੇ ਬਕਾਏ ਯਕਮੁਸ਼ਤ ਅਦਾ ਕਰਨ ਦੀ ਬਜਾਏ 42 ਅਤੇ 36 ਮਹੀਨਿਆਂ ਵਿੱਚ ਦੇਣ ਦੀ ਖੋਖਲੀ ਨੀਤੀ ਅਪਣਾਈ ਜਾ ਰਹੀ ਹੈ ਅਤੇ ਇਹਨਾਂ ਕਿਸਤਾਂ ਰਾਹੀਂ ਦਿੱਤੇ ਜਾਣ ਵਾਲੇ ਬਕਾਇਆ ਵਿੱਚ ਕਮਾਈ ਛੁੱਟੀ ਦੇ ਬਕਾਏ ਸਬੰਧੀ ਅਜੇ ਤੱਕ ਸੋਫਟਵੇਅਰ ਅਪਡੇਟ ਕਰਨ ਦੀ ਕੋਈ ਵਿਵਸਥਾ ਹੀ ਨਹੀਂ ਕੀਤੀ ਗਈ ਹੈ। ਕੇਂਦਰ ਨਾਲੋਂ 13 ਪ੍ਰਤੀਸ਼ਤ ਮਹਿਗਾਈ ਭੱਤਾ ਘੱਟ ਦੇ ਕੇ ਇਸ ਨੂੰ ਡੀ-ਲਿੰਕ ਕੀਤਾ ਜਾ ਰਿਹਾ ਹੈ ਅਤੇ ਦੂਜੇ ਪਾਸੇ ਆਈ. ਏ. ਐਸ. ਅਫਸਰਾਂ ਨੂੰ ਸਭ ਕੁਝ ਦਿੱਤਾ ਜਾ ਰਿਹਾ ਹੈ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਦੱਬੇ ਹੋਏ ਹਨ, 01.01.2016 ਨੂੰ ਤਨਖਾਹ ਤੇ ਪੈਨਸ਼ਨ ਫ਼ਿਕਸ ਕਰਨ ਸਮੇਂ ਬਣਦੇ 125% ਮਹਿੰਗਾਈ ਭੱਤੇ ਨੂੰ ਆਧਾਰ ਨਹੀਂ ਮੰਨਿਆ ਜਾ ਰਿਹਾ, ਮੁਲਾਜ਼ਮਾਂ ਨੂੰ ਮਿਲ ਰਹੇ ਪੇਂਡੂ ਭੱਤੇ ਸਮੇਤ ਸਮੁੱਚੇ ਭੱਤੇ ਸੋਧਣ ਦੇ ਨਾਂ 'ਤੇ ਬੰਦ ਕਰਕੇ ਰੱਖੇ ਹੋਏ ਹਨ, ਪ੍ਰੋਬੇਸ਼ਨ ਪੀਰੀਅਡ ਦੇ ਨਾਂ 'ਤੇ ਮੁਢਲੀ ਤਨਖਾਹ ਦੇ ਕੇ ਤਿੰਨ ਸਾਲ ਤੱਕ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ, 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ 'ਤੇ ਜਬਰਦਸਤੀ ਕੇਂਦਰੀ ਤਨਖਾਹ ਸਕੇਲ ਥੋਪ ਦਿੱਤੇ ਗਏ ਹਨ। ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ , ਪ੍ਰੋਵੇਸ਼ਨਲ ਪੀਰੀਅਡ ਸਬੰਧੀ ਅਤੇ ਕੇਂਦਰੀ ਤਨਖਾਹ ਸਕੇਲਾਂ ਸਬੰਧੀ ਜੋ ਮਾਨਯੋਗ ਉੱਚ ਅਦਾਲਤ ਦੇ ਫੈਸਲੇ ਮੁਲਾਜ਼ਮਾਂ ਦੇ ਹੱਕ ਵਿੱਚ ਆ ਰਹੇ ਹਨ ਉਹਨਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਅਤੇ ਨਾ ਹੀ ਜਰਨਲਾਈਜ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਦੇ ਨਾਂ ਤੇ 200 ਰੁਪਏ ਜਜੀਆ ਪਹਿਲਾਂ ਮੁਲਾਜ਼ਮਾਂ ਅਤੇ ਹੁਣ ਪੈਨਸ਼ਨਰਾਂ ਤੋਂ ਵੀ ਵਸੂਲਿਆ ਜਾ ਰਿਹਾ ਹੈ।

ਸਾਂਝੇ ਫਰੰਟ ਵੱਲੋਂ ਪੰਜਾਬ ਦੇ ਸਭ ਵਰਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 14 ਜੂਨ ਨੂੰ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਕੀਤੇ ਜਾ ਰਹੇ ਰੋਸ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਵੀ ਕੀਤੀ ਗਈ। ਸਾਂਝਾ ਫਰੰਟ ਵੱਲੋਂ 12 ਜੂਨ ਨੂੰ ਐਨ.ਪੀ. ਐਸ. ਮੁਲਾਜ਼ਮਾਂ ਵੱਲੋਂ ਅਤੇ 15 ਜੂਨ ਨੂੰ ਬਿਜਲੀ ਮੁਲਾਜ਼ਮਾ ਅਤੇ ਪੈਨਸ਼ਨਰਾਂ ਵੱਲੋਂ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਕੀਤੇ ਜਾ ਰਹੇ ਰੋਸ ਮਾਰਚਾਂ ਦੀ ਵੀ ਹਮਾਇਤ ਕੀਤੀ। ਅੱਜ ਦੀ ਮੀਟਿੰਗ ਵਿੱਚ ਸਾਂਝਾ ਫਰੰਟ ਵੱਲੋਂ ਇਹ ਵੀ ਫੈਸਲਾ ਕੀਤਾ ਗਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦੇ ਖਿਲਾਫ ਜੋ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ ਉਸ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ ਅਤੇ ਉਸ ਦਿਨ ਹੋ ਰਹੇ ਸਾਂਝੇ ਐਕਸ਼ਨਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ। ਆਗੂਆਂ ਇਹ ਵੀ ਫੈਸਲਾ ਕੀਤਾ ਕਿ ਸਾਂਝਾ ਫਰੰਟ ਤੋਂ ਬਾਹਰ ਰਹਿ ਰਹੀਆਂ ਧਿਰਾਂ ਨਾਲ ਮੁੜ ਫਿਰ ਤਾਲਮੇਲ ਕੀਤਾ ਜਾਵੇਗਾ ਤਾਂ ਜੋ ਪੰਜਾਬ ਅੰਦਰ ਇਸ ਜਾਬਰ ਸਰਕਾਰ ਦੇ ਖਿਲਾਫ ਇੱਕ ਸ਼ਕਤੀਸ਼ਾਲੀ ਅੰਦੋਲਨ ਖੜ੍ਹਾ ਕੀਤਾ ਜਾ ਸਕੇ। ਸਾਂਝਾ ਫਰੰਟ ਵੱਲੋਂ ਅੱਜ ਦੀ ਮੀਟਿੰਗ ਦੌਰਾਨ ਉਲੀਕੇ ਐਕਸ਼ਨਾਂ ਦਾ ਰਿਵਿਊ ਕਰਨ ਅਤੇ ਅਗਲੇ ਐਕਸ਼ਨਾ ਦੀ ਵਿਉਂਤਬੰਦੀ ਕਰਨ ਲਈ ਮੁੜ 20 ਜੁਲਾਈ ਨੂੰ ਲੁਧਿਆਣਾ ਵਿਖੇ ਮੀਟਿੰਗ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਜਸਮੀਤ ਸਿੰਘ, ਦਿਵਾਕਰ ਪ੍ਰਸ਼ਾਦ, ਵੇਦ ਰਾਜ ,ਅਵਤਾਰ ਸਿੰਘ ਤਾਰੀ, ਤੀਰਥ ਸਿੰਘ ਬਾਸੀ ,ਕੁਲਵਰਨ ਸਿੰਘ, ਸ਼ਿਵ ਕੁਮਾਰ ਤਿਵਾੜੀ, ਪਿਆਰਾ ਸਿੰਘ, ਸੁਖਦੇਵ ਸਿੰਘ, ਉਮਾ ਕਾਂਤ, ਸੁਖਦੇਵ ਸਿੰਘ ਪੰਨੂ , ਜੇ.ਪੀ.ਸਿੰਘ, ਹਰਜੀਤ ਸਿੰਘ, ਅਮਨਦੀਪ ਸਿੰਘ ਬਾਗਪੁਰ ਆਦਿ ਆਗੂ ਹਾਜਰ ਸਨ।

# ਬੀ.ਐਸ.ਐਨ.ਐਲ.ਪੈਨਸ਼ਨਰਾਂ ਨੇ ਕੀਤੀ ਮਹੀਨੇਵਾਰ ਮੀਟਿੰਗ

## ਤਣਾਅ ਮੁਕਤ,ਚਿੰਤਾ ਮੁਕਤ ਜੀਵਨ ਸ਼ੈਲੀ ਅਪਣਾਓ -ਪੀ ਕੇ ਗਰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com





ਸੰਗਰੂਰ,31 ਮਈ (ਜਗਸੀਰ ਲੌਂਗੋਵਾਲ)- ਬੀ.ਐਸ.ਐਨ.ਐਲ. ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਮਾਤਾ ਨੈਣਾ ਦੇਵੀ ਮੰਦਰ ਦੇ ਹਾਲ ਵਿਖੇ ਹੋਈ। ਇਸ ਮੀਟਿੰਗ ਵਿੱਚ 61 ਮੈਂਬਰਾਂ ਨੇ ਸ਼ਿਰਕਤ ਕੀਤੀ।

ਮੀਟਿੰਗ ਦੀ ਸ਼ੁਰੂਆਤ ਵਿੱਚ ਹਾਲ ਹੀ ਵਿੱਚ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ ਤੇ ਪਹਿਲਗਾਮ ਵਿੱਚ ਮਾਰੇ ਗਏ 26 ਬੇਕਸੂਰ ਯਾਤਰੀਆਂ 'ਤੇ ਹੋਏ ਅੱਤਵਾਦੀ ਹਮਲੇ ਦੀ ਵੀ ਸਖ਼ਤ ਨਿੰਦਾ ਕੀਤੀ ਗਈ।

ਮੀਟਿੰਗ ਵਿੱਚ ਚੰਡੀਗੜ੍ਹ ਤੋਂ ਸਾਈਬਰ ਕ੍ਰਾਈਮ ਸੈੱਲ ਦੇ ਕੋਆਰਡੀਨੇਟਰ ਸ੍ਰੀ ਰਾਜੂ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ 'ਡਿਜੀਟਲ ਅਰੈਸਟ' ਅਤੇ 'ਏ.ਆਈ.' ਰਾਹੀਂ ਹੋਣ ਵਾਲੀਆਂ ਧੋਖਾਧੜੀਆਂ ਬਾਰੇ ਬੜੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਠੱਗਾਂ ਨੇ ਨਵੇਂ ਤਰੀਕੇ ਲੱਭ ਲਏ ਹਨ ਅਤੇ ਸਾਨੂੰ ਆਪਣੇ ਮੋਬਾਈਲ ਦੀ ਵਰਤੋਂ ਧਿਆਨ ਨਾਲ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਸਲਾਹ ਦਿੱਤੀ ਕਿ ਪਾਸਵਰਡ ਨਿੱਜੀ ਡਾਟੇ ਨਾਲ ਮੇਲ ਨਹੀਂ ਖਾਣੇ ਚਾਹੀਦੇ, ਕਿਸੇ ਵੀ ਅਣਜਾਣ ਮੈਸੇਜ ਦੀ ਜਾਂਚ-ਪੜਤਾਲ ਕਰਨੀ ਚਾਹੀਦੀ ਹੈ ਅਤੇ ਸ਼ੱਕ ਪੈਣ 'ਤੇ ਤੁਰੰਤ ਪੁਲਿਸ ਨੂੰ ਸੂਚਿਤ ਕਰਨਾ ਚਾਹੀਦਾ ਹੈ।

ਸਟੇਜ ਸਕੱਤਰ ਸ੍ਰੀ ਸ਼ਿਵ ਨਰਾਇਣ ਨੇ ਇਸ ਮਹੀਨੇ ਦੇ ਮਹੱਤਵਪੂਰਨ ਦਿਹਾੜਿਆਂ ਜਿਵੇਂ ਕਿ ਮਜ਼ਦੂਰ ਦਿਵਸ, ਵਿਸ਼ਵ ਰੈੱਡ ਕਰਾਸ ਦਿਵਸ, ਵਿਸ਼ਵ ਟੈਲੀਕਾਮ ਦਿਵਸ, ਬੁੱਧ ਪੂਰਨਿਮਾ, ਮਦਰਜ਼ ਡੇਅ ਅਤੇ ਕਰਤਾਰ ਸਿੰਘ ਸਰਾਭਾ ਦੇ ਇਤਿਹਾਸ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਇਸ ਗੱਲ 'ਤੇ ਚਿੰਤਾ ਜ਼ਾਹਰ ਕੀਤੀ ਕਿ ਮਦਰਜ਼ ਡੇਅ ਦੇ ਨਾਲ-ਨਾਲ ਬਿਰਧ ਆਸ਼ਰਮਾਂ ਦੀ ਗਿਣਤੀ ਵਿੱਚ ਵੀ ਵਾਧਾ ਹੋਇਆ ਹੈ। ਉਨ੍ਹਾਂ ਨੇ 800 ਦੇ ਕਰੀਬ ਬੀ.ਐਸ.ਐਨ.ਐਲ. ਅਧਿਕਾਰੀਆਂ ਦੀਆਂ ਗਲਤ ਬਦਲੀਆਂ ਅਤੇ ਕਰਮਚਾਰੀ-ਮਾਰੂ ਨੀਤੀਆਂ ਦੀ ਸਖ਼ਤ ਨਿੰਦਾ ਕੀਤੀ।

ਰਘਵੀਰ ਸਿੰਘ ਛਾਜਲੀ ਨੇ ਕਿਹਾ ਕਿ ਸਾਨੂੰ ਬਿਮਾਰ ਸਾਥੀਆਂ ਦੀ ਮਦਦ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦਾ ਯੋਗ ਹਸਪਤਾਲਾਂ ਤੋਂ ਇਲਾਜ ਕਰਵਾ ਕੇ ਬਿੱਲ ਸਮੇਂ ਸਿਰ ਵਿਭਾਗ ਨੂੰ ਭੇਜਣੇ ਚਾਹੀਦੇ ਹਨ। ਉਨ੍ਹਾਂ ਨੇ ਹਾਈ ਕਮਾਂਡ ਨੂੰ ਅਪੀਲ ਕੀਤੀ ਕਿ ਸੰਗਰੂਰ ਬ੍ਰਾਂਚ ਨੂੰ ਜ਼ਿਲ੍ਹੇ ਦੀ ਬ੍ਰਾਂਚ ਵਿੱਚ ਸਹੀ ਦਿਸ਼ਾ ਵਿੱਚ ਮਰਜ ਕੀਤਾ ਜਾਵੇ ਤਾਂ ਜੋ ਐਸੋਸੀਏਸ਼ਨ ਹੋਰ ਮਜ਼ਬੂਤ ਹੋ ਸਕੇ ਅਤੇ ਆਪਸੀ ਮਨਮੁਟਾਵ ਬੈਠ ਕੇ ਦੂਰ ਕੀਤੇ ਜਾ ਸਕਣ।

ਵੀ.ਕੇ. ਮਿੱਤਲ ਨੇ ਲਹਿਰਾਗਾਗਾ ਤੋਂ ਇੱਕ 10 ਮਹੀਨੇ ਦੇ ਬੱਚੇ ਦੀ ਮੌਤ ਤੋਂ ਬਾਅਦ ਉਸ ਦੇ ਪਰਿਵਾਰ ਵੱਲੋਂ ਉਸ ਦੀ ਦੇਹ ਨੂੰ ਪੀ.ਜੀ. ਆਈ. ਹਸਪਤਾਲ, ਚੰਡੀਗੜ੍ਹ ਨੂੰ ਮੈਡੀਕਲ ਖੋਜ ਕਾਰਜਾਂ ਲਈ ਦਿੱਤੇ ਜਾਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਸਾਨੂੰ ਮਰਨ ਉਪਰੰਤ ਸਰੀਰ ਦਾਨ ਕਰਨਾ ਚਾਹੀਦਾ ਹੈ ਤਾਂ ਕਿ ਇਸ ਨਾਲ ਹੋਰ ਲੋੜਵੰਦ ਬਿਮਾਰਾਂ ਦੀ ਜਾਨ ਬਚਾਈ ਜਾ ਸ

ਇਸ ਤੋਂ ਬਾਅਦ, ਇਸ ਮਹੀਨੇ ਸਾਰੇ ਸਾਥੀਆਂ ਦੇ ਜਨਮਦਿਨ, ਵਿਆਹ ਵਰ੍ਹੇਗੰਢ ਅਤੇ ਹੋਰ ਪਰਿਵਾਰਕ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਨ੍ਹਾਂ ਸਾਥੀਆਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ। ਤਰਕਸ਼ੀਲ ਆਗੂ ਮਾਸਟਰ ਪਰਮ ਵੇਦ ਨੂੰ ਉਨ੍ਹਾਂ ਦੇ ਘਰ ਪੋਤਾ ਹੋਣ 'ਤੇ ਵਧਾਈ ਦਿੱਤੀ ਗਈ। ਮੁਖਤਾਰ ਸਿੰਘ ਰਾਓ, ਪੀ.ਕੇ. ਗਰਗ ਅਤੇ ਸ਼ਾਮ ਸੁੰਦਰ ਕੱਕੜ ਨੇ ਆਪਣੀ ਰਿਟਾਇਰਮੈਂਟ ਲਾਈਫ ਨੂੰ 'ਬੋਨਸ ਦੀ ਲਾਈਫ' ਦੱਸਿਆ ਅਤੇ ਕਿਹਾ ਕਿ ਸਭ ਤੋਂ ਪਹਿਲਾਂ ਸਾਡੀ ਚੰਗੀ ਸਿਹਤ ਜ਼ਰੂਰੀ ਹੈ। ਚੰਗੀ ਸਿਹਤ ਲਈ ਤਣਾਅ-ਮੁਕਤ ਅਤੇ ਚਿੰਤਾ-ਮੁਕਤ ਜੀਵਨ ਸ਼ੈਲੀ, ਖੁਸ਼ੀ, ਚੰਗੀ ਖੁਰਾਕ, ਸਰੀਰਕ ਕਸਰਤ ਅਤੇ ਪੂਰੀ ਨੀਂਦ ਜ਼ਰੂਰੀ ਹਨ। ਉਨ੍ਹਾਂ ਨੇ ਸਾਥੀਆਂ ਨੂੰ ਮੀਟਿੰਗ ਵਿੱਚ ਯਕੀਨੀ ਤੌਰ 'ਤੇ ਆਉਣ ਅਤੇ ਆਪਣੀਆਂ ਮੁਸ਼ਕਲਾਂ ਸਾਂਝੀਆਂ ਕਰਨ ਲਈ ਕਿਹਾ ਤਾਂ ਜੋ ਇੱਥੇ ਪਰਿਵਾਰਕ ਮੁਸ਼ਕਲਾਂ ਹੱਲ ਹੋ ਸਕਣ ਅਤੇ ਮਨ 'ਤੇ ਬੋਝ ਨਾ ਰਹੇ, ਕਿਉਂਕਿ ਮਨ 'ਤੇ ਬੋਝ ਰੱਖਣ ਨਾਲ ਮਾਨਸਿਕ ਸੰਤੁਲਨ ਵਿਗੜਦਾ ਹੈ।

ਮਲੇਰਕੋਟਲਾ ਤੋਂ ਆਏ ਸਾਥੀ ਕੇਵਲ ਸਿੰਘ ਨੇ ਤੂੰਬੀ 'ਤੇ ਸੱਭਿਆਚਾਰਕ ਗੀਤ ਸੁਣਾ ਕੇ ਮਨੋਰੰਜਨ ਕੀਤਾ। ਮੁਖਤਿਆਰ ਸਿੰਘ ਰਾਓ ਨੇ ਸੰਤ ਸਿੰਘ ਨੂੰ ਸਰਕਲ ਪ੍ਰਧਾਨ (ਪੰਜਾਬ ਸਰਕਲ) ਚੁਣੇ ਜਾਣ 'ਤੇ ਵਧਾਈ ਦਿੱਤੀ।

ਅੰਤ ਵਿੱਚ, ਵੀ.ਕੇ. ਮਿੱਤਲ ਜੀ ਨੇ ਦੂਰ-ਦੁਰਾਡੇ ਤੋਂ ਆਏ ਸਾਥੀਆਂ ਅਤੇ ਸਾਈਬਰ ਕ੍ਰਾਈਮ ਦੇ ਕੋਆਰਡੀਨੇਟਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# 5178 ਅਧਿਆਪਕਾਂ ਦੇ ਬਕਾਏ ਪਟੀਸਨਰ ਅਤੇ ਨਾਨ ਪਟੀਸਨਰ ਦਾ ਵਖਰੇਵਾਂ ਕੀਤੇ ਬਗੈਰ ਤੁਰੰਤ ਜਾਰੀ ਕੀਤੇ ਜਾਣ -ਜੀ.ਟੀ.ਯੂ ਪੰਜਾਬ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਫਿਲੌਰ/ਅੱਪਰਾ (ਦੀਪਾ)-ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ ਅਤੇ ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ 5178 ਅਧਿਆਪਕਾਂ ਦੇ ਬਕਾਏ ਅਜੇ ਤੱਕ ਵੀ ਜਾਰੀ ਨਹੀਂ ਕੀਤੇ ਜੋ ਕਿ ਤੁਰੰਤ ਜਾਰੀ ਕੀਤੇ ਜਾਣ ਆਗੂਆਂ ਨੇ ਮੰਗ ਕੀਤੀ ਕਿ ਇਸ ਕੇਸ ਵਿੱਚ ਪਟੀਸਨਰ ਅਤੇ ਨਾਨ ਪਟੀਸਨਰ ਦਾ ਵਖਰੇਵਾਂ ਕੀਤੇ ਬਗੈਰ ਬਕਾਏ ਤੁਰੰਤ ਜਾਰੀ ਕੀਤੇ ਜਾਣ! ਆਗੂਆਂ ਨੇ ਦੱਸਿਆ ਕਿ 5178 ਅਧਿਆਪਕਾਂ ਨੇ ਆਪਣੀ ਜ਼ਿੰਦਗੀ ਦੇ ਬਹੁਮੁੱਲੇ ਸਾਲ ਸਿਰਫ 6000 ਤੇ ਹੀ ਨੌਕਰੀ ਕੀਤੀ ਹੈ। ਅਤੇ ਮਾਨਯੋਗ ਕੋਰਟ ਵੱਲੋਂ ਇਹਨਾਂ ਅਧਿਆਪਕਾਂ ਤੇ ਹੋਏ ਇਸ ਆਰਥਿਕ ਅੱਤਿਆਚਾਰ ਦੇ ਵਿਰੋਧ ਵਿੱਚ ਆਪਣਾ ਫੈਸਲਾ ਦਿੰਦਿਆਂ ਪੰਜਾਬ ਸਰਕਾਰ ਨੂੰ ਇਸ ਸਮੇਂ ਦੇ ਬਕਾਏ ਤੁਰੰਤ ਜਾਰੀ ਕਰਨ ਦੇ ਹੁਕਮ ਦਿੱਤੇ ਸਨ। ਪਰੰਤੂ ਪੰਜਾਬ ਸਰਕਾਰ ਵੱਲੋਂ ਪੱਤਰ ਜਾਰੀ ਕਰ ਦਿੱਤਾ ਗਿਆ ਪਰ ਅਜੇ ਤੱਕ ਵੀ ਇਹਨਾਂ ਅਧਿਆਪਕਾਂ ਦੇ ਬਕਾਏ ਜਾਰੀ ਨਹੀਂ ਕੀਤੇ | ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਤੇ ਸੀਨੀਅਰ ਮੀਤ ਪ੍ਰਧਾਨ ਕੁਲਦੀਪ ਸਿੰਘ ਪੁਰੇਵਾਲ ਗੁਰਪ੍ਰੀਤ ਸਿੰਘ ਅਮੀਵਾਲ, ਮੀਤ ਪ੍ਰਧਾਨ ਮਨੋਹਰ ਲਾਲ ਸ਼ਰਮਾ, ਗੁਰਦੀਪ ਸਿੰਘ ਬਾਜਵਾ,ਜਸਵੀਰ ਤਲਵਾੜਾ ਨੇ ਮੰਗ ਕੀਤੀ ਕਿ ਇਹਨਾਂ ਅਧਿਆਪਕਾਂ ਤੇ ਬਿਨਾਂ ਕੋਈ ਵਖਰੇਵਾਂ ਕੀਤਿਆਂ ਇਹਨਾਂ ਦੇ ਬਕਾਏ ਤੁਰੰਤ ਜਾਰੀ ਕੀਤੇ ਜਾਣ।ਇਸ ਮੌਕੇ ਹੁਸ਼ਿਆਰਪੁਰ ਤੋਂ ਪ੍ਰਿਤਪਾਲ ਚੇਟਾਲਾ ਗੁਰਦਾਸਪੁਰ ਤੋਂ ਦਿਲਦਾਰ ਭੰਡਾਲ ਤੇ ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ,ਪ੍ਰਸ਼ੋਤਮ ਲਾਲ , ਮੋਗਾ ਤੋਂ ਜੰਜਪਾਲ ਸਿੰਘ ਬਾਜੇ ਕੇ ਅਤੇ ਸੰਗਰੂਰ ਤੋਂ ਦੇਵੀ ਦਿਆਲ ,ਸਤਵੰਤ ਆਲਮਪੁਰ ਸਰਬਜੀਤ ਸਿੰਘ, ਪਟਿਆਲਾ ਤੋਂ ਜਸਵਿੰਦਰ ਸਮਾਣਾ ਤੇ ਪਰਮਜੀਤ ਪਟਿਆਲਾ ਫਤਹਿਗੜ੍ਹ ਸਾਹਿਬ ਤੋਂ ਸੁਖਵਿੰਦਰ ਚਾਹਲ,ਰਾਜੇਸ਼ ਕੁਮਾਰ, ਫਿਰੋਜ਼ਪੁਰ ਤੋਂ ਰਾਜੀਵ ਹਾਂਡਾ,ਬਲਵਿੰਦਰ ਸਿੰਘ ਭੁੱਟੋ ,,ਰੋਪੜ ਤੋਂ ਗੁਰਬਿੰਦਰ ਸਸਕੌਰ ,ਧਰਮਿੰਦਰ ਭੰਗੂ ਪਠਾਨਕੋਟ ਤੋਂ ਸੁਭਾਸ਼ ਚੰਦਰ ,ਅੰਮ੍ਰਿਤਪਾਲ ਸਿੰਘ,ਮਾਨਸਾ ਤੋਂ ਨਰਿੰਦਰ ਸਿੰਘ ਮਾਖਾ,ਗੁਰਦਾਸ ਸਿੱਧੂ,ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ ਤੇ ਮਨਪ੍ਰੀਤ ਸਿੰਘ,ਅੰਮ੍ਰਿਤਸਰ ਸਾਹਿਬ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸੁਲਤਾਨਵਿੰਡ ਤੇ ਗੁਰਦੀਪ ਸਿੰਘ ਬਾਜਵਾ ਲੁਧਿਆਣਾ ਤੋਂ ਜਗਜੀਤ ਸਿੰਘ ਮਾਨ,ਪ੍ਰਭਜੀਤ ਰਸੂਲਪੁਰ, ਫ਼ਾਜ਼ਿਲਕਾ ਤੋਂ ਪਰਮਜੀਤ ਸਿੰਘ ਸ਼ੇਰੇਵਾਲ, ਅਮਨਦੀਪ ਸਿੰਘ,ਬਰਨਾਲਾ ਤੋਂ ਹਰਿੰਦਰ ਮੱਲੀਆਂ ਤੇ ਤੇਜਿੰਦਰ ਤੇਜ਼ੀ,ਤਰਨਤਾਰਨ ਤੋਂ ਸਰਬਜੀਤ ਸਿੰਘ ਹਰਿੰਦਰ ਸਿੰਘ ਜਲੰਧਰ ਤੋਂ ਤੀਰਥ ਸਿੰਘ ਬਾਸੀ ਅਤੇ ਕਰਨੈਲ ਫਿਲੌਰ,ਸੁਖਵਿੰਦਰ ਮੱਕੜ ,ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ,ਮਲੇਰਕੋਟਲਾ ਨੂਰ ਮੁਹੰਮਦ ,ਕੁਲਦੀਪ ਸਿੰਘ, ਬਠਿੰਡਾ ਤੋਂ ਬਲਦੇਵ ਬਰਾੜ ,ਫਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ ਅਧਿਆਪਕ ਆਗੂ ਸ਼ਾਮਿਲ ਸਨ।

# ਇਸ ਤਰ੍ਹਾਂ ਦੀਆਂ ਮਾਵਾਂ ਦਾ ਘਾਟਾਂ ਕਦੇ ਵੀ ਪੂਰਾ ਨਹੀਂ ਹੋ ਸਕਦਾ- ਸ ਅਵਤਾਰ ਸਿੰਘ ਕਰੀਮਪੁਰੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾਂ )ਬੰਗਾ ਹਲਕੇ ਦੇ ਮਿਸ਼ਨਰੀ ਪਿੰਡ ਦੇ ਮੁਲਾਜਮ ਆਗੂ ਸਮਾਜ ਸੇਵੀ ਪ੍ਰੋਫੈਸਰ ਹੁਸਨ ਲਾਲ ਬਸਰਾ ਜੀ ,ਮਾਸਟਰ ਰਜਿੰਦਰ ਬਸਰਾ ਜੀ , ਮਾਸਟਰ ਰਾਜ ਕੁਮਾਰ ਜੀ ਬਸਪਾ ਆਗੂ ਦੂਨੀ ਚੰਦ ਜੀ ਦੀ ਮਾਤਾ ਬਸਰਾ ਪਰਿਵਾਰ ਦੇ ਮੁਖੀ ਮਾਤਾ ਗਿਆਨ ਕੌਰ ਜੀ ਪਤਨੀ ਸ਼੍ਰੀ ਤਰਸੇਮ ਲਾਲ ਬਸਰਾ ਜੀ ਬੀਤੇ ਦਿਨੀਂ ਅਚਾਨਕ ਪਰਿਵਾਰ ਨੂੰ ਸਦੀਵੀਂ ਵਿਛੋੜਾ ਦੇ ਗਏ ਸਨ ਅਜ ਬੁਰਜ ਕੰਧਾਰੀ ਵਿਖੇ ਅੰਤਿਮ ਅਰਦਾਸ ਵਿੱਚ



ਵੱਡੀ ਗਿਣਤੀ ਵਿੱਚ ਪ੍ਰੋਫੈਸਰ ਟੀਚਰ ਬੁਧੀਜੀਵੀ ਸਮਾਜਿਕ ਰਾਜਨੀਤਕ ਸਖਸੀਅਤਾਂ ਤੋ ਇਲਾਵਾ ਵਿਸ਼ੇਸ਼ ਤੋਰ ਤੇ ਬਸਪਾ ਪੰਜਾਬ ਦੇ ਪ੍ਰਧਾਨ ਡਾ ਅਵਤਾਰ ਸਿੰਘ ਕਰੀਮਪੁਰੀ ਜੀ ਸਾਬਕਾ ਮੈਂਬਰ ਪਾਰਲੀਮੈਂਟ ਜਿਨ੍ਹਾਂ ਨੇ ਕਿਹਾ ਹੈ ਕਿ ਇਸ ਤਰ੍ਹਾਂ ਦੀਆਂ ਮਾਵਾਂ ਦਾ ਘਾਟਾਂ ਕਦੇ ਪੂਰਾ ਨਹੀਂ ਹੋ ਸਕਦਾ ਕਿਉਂਕਿ ਕਿ ਇੱਕ ਤਾਂ ਉਨ੍ਹਾਂ ਨੇ ਪਰਿਵਾਰ ਨੂੰ ਕਾਮਯਾਬ ਕੀਤਾ ਹੈ ਦੂਸਰਾਂ ਸਮਾਜ ਪ੍ਰਤੀ ਵੀ ਆਪਣੇ ਪੁੱਤਰਾ ਨੂੰ ਮਿਸ਼ਨਰੀ ਬਣਾਇਆ ਹੈ।, ਬਸਪਾ ਪੰਜਾਬ ਦੇ ਇੰਚਾਰਜ ਡਾ ਨਛਤਰ ਪਾਲ ਜੀ ਵਿਧਾਇਕ ਹਲਕਾ ਨਵਾਂਸ਼ਹਿਰ ਕਦੇ ਵੀ ਕੋਈ ਨਹੀਂ ਚਾਹੁੰਦਾ ਕਿ ਉਸ ਦੀ ਮਾਤਾ ਉਸ ਕੋਲੋਂ ਵਿਛੜ ਜਾਵੇ ਪਰ ਇਹ ਇੱਕ ਸਚਾਈ ਹੈ ਕਿ ਸਾਰਿਆਂ ਨੇ ਇੱਕ ਨਾ ਇੱਕ ਦਿਨ ਇਸ ਦੁਨੀਆਂ ਨੂੰ ਅਲਵਿਦਾ ਕਹਿਣਾ ਹੀ ਹੈ।ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ, ਤੇ ਬਸਪਾ ਦੀ ਸਮੂਚੀ ਲੀਡਰਸ਼ਿਪ ਨੇ ਪਹੁੰਚ ਕੇ ਬਸਰਾ ਪਰਿਵਾਰ ਨਾਲ ਦੁੱਖ ਕੀਤਾ ਰਾਜਨੀਤਕ ਸਮਾਜਿਕ ਸਖਸੀਅਤਾਂ ਨੇ ਮਾਤਾ ਗਿਆਨ ਕੋਰ ਜੀ ਨੂੰ ਸਰਧਾਂਜਲੀਆਂ ਭੇਂਟ ਕੀਤੀਆਂ ਤੇ ਬਸਰਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ

# ਐਫ਼ ਐਸ ਸੀ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਵਿਖੇ 10 ਵੀ ਅਤੇ 12 ਵੀ ਦੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾਂ ) ਅੱਜ ਐਫ ਐਸ ਸੀ ਸੀਨੀ. ਸਕੈਂ. ਸਕੂਲ ਜੰਡਿਆਲਾ ਵਿਖੇ 10ਵੀਂ ਤੇ 12ਵੀਂ ਕਲਾਸ ਚੋਂ ਪਹਿਲੀਆਂ ਪੁਜੀਸ਼ਨਾ ਤੇ ਆਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਸਾਲ ਸਕੂਲ ਦਾ ਦੱਸਵੀਂ ਕਲਾਸ ਦਾ ਨਤੀਜਾ 100% ਤੇ ਬਾਹਰਵੀਂ ਕਲਾਸ ਦਾ ਨਤੀਜਾ 97% ਆਉਣ ਤੇ ਖੁਸ਼ੀ ਜਾਹਿਰ ਕਰਦਿਆਂ ਸਕੂਲ ਸਟਾਫ ਤੇ ਪ੍ਰਿੰਸੀਪਲ ਸਾਹਿਬ ਨੂੰ ਸਮੂੰਹ ਕਮੇਟੀ ਤੇ ਪਿੰਡ ਜੰਡਿਆਲਾ ਦੀ ਪੰਚਾਇਤ ਨੇ ਵਧਾਈ ਦਿੱਤੀ



ਤੇ ਅਧਿਆਪਕ ਜੋ ਕਿ ਬਹੁਤ ਹੀ ਥੋੜੀਆਂ ਤਨਖਾਹਾਂ ਹੋਣ ਦੇ ਬਾਵਜੂਦ ਬੱਚਿਆਂ ਨੂੰ ਮਿਆਰੀ ਸਿਖਿਆ ਦੇ ਰਹੇ ਹਨ ਉਨ੍ਹਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਜੰਡਿਆਲਾਵੈਲਫੇਅਰ ਕਮੇਟੀ ਵਲੋਂ ਜਿਹੜਾ ਬੱਚਾ ਮੈਰਿਟ ਵਿੱਚ ਆਵੇਗਾ ਉਸ ਨੂੰ ਕੈਸ਼ ਇਨਾਮ ₹5000/- ਦੇਣ ਦਾ ਐਲਾਨ ਵੀ ਕੀਤਾ। ਇਸ ਸਮੇ ਸਕੂਲ ਸਟਾਫ ਤੇ ਇਲਾਵਾ ਸਰਪੰਚ ਸੁਖਵਿੰਦਰ ਸਿੰਘ, ਬਲਜੀਤ ਕੂਨਰ, ਨਰੇਸ਼ ਕੁਮਾਰ ਜਸਵਿੰਦਰ ਮਹਿਮੀ, ਪਰਮਿੰਦਰ ਕਲੇਰਾ, ਬਲਜਿੰਦਰ ਸਿੰਘ, ਰਾਜ ਕੁਮਾਰ, ਸੁਭਾਸ ਧੰਮਾ, ਜਸਵੀਰ ਰਾਮ ਪੰਚ, ਲੇਖ ਰਾਜ, ਰੇਸ਼ਮ ਕੌਰ ਪੰਚ,ਹਰਪ੍ਰੀਤ ਹੈਪੀ, ਬਲਜੀਤ ਸਿੰਘ ਪੰਚ, ਸੁਖਵਿੰਦਰ ਸਿੰਘ ਕੋਟ ਫਤੂਹੀ, ਸ਼ੰਦੀਪ ਸਿੰਘ ਕਾਲੂਪੁਰ ਯੂਥ ਪ੍ਰਧਾਨ ਆਮ ਆਦਮੀ ਪਾਰਟੀ ਬਲਾਕ ਮਾਹਿਲਪੁਰ, ਸੋਨੂੰ ਪੰਚ ਯੂਥ ਪ੍ਰਧਾਨ ਕੋਟ ਫਤੂਹੀ , ਬਲਵੀਰ ਰਾਮ, ਅਵਤਾਰ ਚੰਦ ਪੰਚ ਆਦਿ ਹਾਜਰ ਸਨ।

# ਸਿਵਲ ਹਸਪਤਾਲ ਬੰਗਾ ਵਿਖੇ ਡੇਂਗੂ ਐਕਟੀਵਿਟੀ ਕੀਤੀ ਗਈ। ਹਰ ਸ਼ੁਕਰਵਾਰ ਡੇਂਗੂ ਤੇ ਵਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾਂ )ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ ਅਤੇ ਸਿਵਲ ਹਸਪਤਾਲ ਬੰਗਾ ਦੇ ਐਸ ਐਮ ਓ ਜਸਵਿੰਦਰ ਸਿੰਘ ਜੀ ਦੀ ਰਹਿਨੁਮਾਈ ਹੇਠ ਬੰਗਾ ਸ਼ਹਿਰ ਦੇ ਅਲੱਗ ਅਲੱਗ ਸਕੂਲਾ , ਕਾਲਜ਼ ਵਿੱਚ ਅਤੇ ਘਰਾਂ ਵਿੱਚ, , ਹਰ ਸ਼ੁਕਰਵਾਰ ਡੇਂਗੂ ਤੇ ਵਾਰ ਐਕਟੀਵਿਟੀ ਕੀਤੀ ਗਈ



ਡੇਂਗੂ ਤੋਂ ਬਚਣ ਲਈ ਸਫਾਈ ਰੱਖਣੀ ਕੂਲਰ, ਟੁੱਟੇ ਬਰਤਨ, ਟਾਇਰ, ਟੈਂਕੀਆਂ ਦੀ ਸਫਾਈ ਰੱਖਣੀ ਅਤੇ ਟੈਂਕੀ ਦਾ ਢੱਕਣ ਲਗਾ ਕੇ ਰੱਖਣਾ, ਕੱਪੜੇ ਇਸ ਤਰ੍ਹਾਂ ਦੇ ਪਾਉਣੇ ਜਿਸ ਨਾਲ ਸਰੀਰ ਪੂਰਾ ਢੱਕਿਆ ਹੋਵੇ। ਮੱਛਰ ਭਜਾਉਣ ਵਾਲੀਆਂ ਕਰੀਮਾਂ ਲਗਾਉਣੀਆਂ, ਬੁਖਾਰ ਹੋਣ ਤੇ ਸਰਕਾਰੀ ਹਸਪਤਾਲ ਟੈਸਟ ਕਰਵਾਉਣੇ ਦਵਾਈ ਫਰੀ ਮਿਲਦੀ ਹੈ।। ਇਸ ਵਿੱਚ ਡਾ ਭੁਜਿੰਦਰ ਸਿੰਘ, ਡਾ ਬਲਜਿੰਦਰ ਕੁਮਾਰ, ਸੰਦੀਪ ਕੁਮਾਰ, ਡਾ ਹਨੀ ਚੰਦੇਲ, ਸਰਦਾਰ ਰਵਨੀਤ ਕੌਰ ਮੈਡਮ ਮਨਜੀਤ ਕੌਰ ਹੈਸ ਸੁਪਰਵਾਈਜ਼ਰ ਫੀਮੇਲ ਮੈਡਮ ਹਰਮਿੰਦਰ ਕੌਰ, ਬਲਵੀਰ ਕੌਰ, ਸੁਖਦੇਵ ਕੌਰ, ਰਣਜੋਤ ਸਿੰਘ ਹੈਲਥ ਸੁਪਰਵਾਈਜ਼ਰ ਮੇਲ, ਅੰਮ੍ਰਿਤ ਸਿੰਘ ਮੇਲ ਵਰਕਰ, ਆਸ਼ਾ ਵਰਕਰ, ਬਰੀਡਿੰਗ ਚੈੱਕ ਕਰ ਗਗਨਦੀਪ ਸਚਿਨ ਅਤੇ ਗੁਰੂਨਾਨਕ ਮਿਸ਼ਨ ਹਸਪਤਾਲ ਦੇ ਸਟੂਡੈਂਟ ਸ਼ਾਮਿਲ ਹੋਏ।

# ਸਿਵਲ ਹਸਪਤਾਲ ਬੰਗਾ ਵਿਖੇ ਮੈਡਮ ਬਲਵੀਰ ਕੌਰ ਏ ਐਨ ਐਮ ਅਤੇ ਮੈਡਮ ਰਜਨੀ ਨਰਸਿੰਗ ਸਿਸਟਰ ਅਤੇ ਸ਼੍ਰੀ ਮੱਖਣ ਲਾਲ ਜੀ ਨੂੰ ਰਿਟਾਇਰਮੈਂਟ ਪਾਰਟੀ ਦਿੱਤੀ ਗਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾਂ )ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਬੰਗਾ ਦੇ ਐਸ ਐਮ ਓ ਡਾਕਟਰ ਜਸਵਿੰਦਰ ਸਿੰਘ ਜੀ ਦੀ ਰਹਿਨੁਮਾਈ ਹੇਠ ਨਰਸਿੰਗ ਸਿਸਟਰ ਰਜਨੀਵਾਲਾ, ਮੈਡਮ ਬਲਵੀਰ ਕੌਰ ਮਲਟੀ ਪਰਪਸ



ਹੈਲਥ ਵਰਕਰ ਫੀਮੇਲ, ਸ਼੍ਰੀ ਮੱਖਣ ਲਾਲ ਕਲਾਸ ਫੋਰ ਨੂੰ ਸਿਵਲ ਹਸਪਤਾਲ ਬੰਗਾ ਵੱਲੋਂ ਆਪਣੀ ਉਮਰ ਅਨੁਸਾਰ ਰਿਟਾਇਰਮੈਂਟ ਦੀ ਪਾਰਟੀ ਦਿੱਤੀ ਗਈ। ਇਸ ਵਿੱਚ ਡਾਕਟਰ ਤਜਿੰਦਰ ਸਿੰਘ, ਡਾਕਟਰ ਰਵਨੀਤ ਕੌਰ, ਡਾਕਟਰ ਹਰਜਿੰਦਰ ਕੁਮਾਰ, ਮੈਡਮ ਮਨਜੀਤ ਕੌਰ, ਹੈਲਥ ਸੁਪਰਵਾਈਜ਼ਰ ਫੀਮੇਲ, ਨਰਸਿੰਗ ਸਿਸਟਰ ਹਰਮਿੰਦਰ ਕੌਰ, ਸ਼੍ਰੀ ਰਾਮੇਸ਼ ਲਾਲ, ਹਸਪਤਾਲ ਦਾ ਸਟਾਫ ਅਤੇ ਆਸ਼ਾ ਵਰਕਰ ਸ਼ਾਮਿਲ ਹੋਈਆਂ ਇਹਨਾਂ ਤਿੰਨਾਂ ਨੇ ਬਹੁਤ ਹੀ ਅੱਛੀਆਂ ਸੇਵਾਵਾਂ ਨਿਭਾਈਆਂ ਅਤੇ ਕੰਮਾਂ ਦੀ ਤਾਰੀਫ ਕੀਤੀ ਗਈ।

# ਵਾਤਾਵਰਨ ਦਿਵਸ ਮਨਾਇਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ, 31 ਮਈ (ਜਗਸੀਰ ਸਿੰਘ )- ਸਤਿਕਾਰਯੋਗ ਜਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਤਰਵਿੰਦਰ ਕੌਰ ਅਤੇ ਬੀ ਐਨ ਓ ਸ੍ਰੀ ਵਿਪਨ ਚਾਵਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਇੰਚਾਰਜ ਸ੍ਰੀ ਸੰਜੀਵ ਕੁਮਾਰ ਦੀ ਅਗਵਾਈ ਹੇਠ ਸਿਪਾਹੀ ਦਰਸ਼ਨ ਸਿੰਘ ਸੀਨੀਅਰ ਸੈਕੰਡਰੀ ਸਕੂਲ ਸ਼ੇਰੋ ਵਿਖੇ ਵਾਤਾਵਰਣ ਦਿਵਸ ਮਨਾਇਆ ਗਿਆ ਜਿਸ ਦੇ ਵਿੱਚ ਮਾਪਿਆਂ ਅਤੇ ਬੱਚਿਆਂ ਨੂੰ ਕੱਪੜੇ ਦੇ ਬੈਗ




ਵੰਡੇ ਗਏ ਅਤੇ ਉਹਨਾਂ ਨੂੰ ਕਿਹਾ ਕਿ ਪਲਾਸਟਿਕ ਦੀ ਵਰਤੋਂ ਸਾਨੂੰ ਘਟਾ ਦੇਣੀ ਚਾਹੀਦੀ ਹੈ,ਕਿਉਂਕਿ ਇਹ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਦੇ ਹਨ ਇਸ ਤੋਂ ਇਲਾਵਾ ਮੈਡਮ ਅਮਨਜੋਤ ਈਕੋ ਕਲੱਬ ਇੰਚਾਰਜ ਵੱਲੋਂ ਬੱਚਿਆਂ ਅਤੇ ਮਾਪਿਆਂ ਨੂੰ ਕੁਝ ਅਜਿਹੇ ਪੌਦਿਆਂ ਬਾਰੇ ਵੀ ਦੱਸਿਆ ਗਿਆ ਜਿਸ ਦੀ ਅਸੀਂ ਦਵਾਈ ਦੇ ਰੂਪ ਵਿੱਚ ਵਰਤੋ ਕਰ ਸਕਦੇ ਹਾਂ। ਉਨਾਂ ਨੇ ਮਾਪਿਆਂ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਕੱਪੜੇ ਦੇ ਬੈਗ ਦੀ ਵਰਤੋਂ ਕਰਨ ਲਈ ਕਿਹਾ ਅਤੇ ਪਲਾਸਟਿਕ ਦੀ ਵਰਤੋਂ ਘਟਾਉਣ ਲਈ ਕਿਹਾ ਕਿਉਂਕਿ ਪਲਾਸਟਿਕ ਹੀ ਹਨ ਜੋ ਮੁੱਖ ਤੌਰ ਤੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਦੇ ਹਨ। ਇਸ ਤੋਂ ਇਲਾਵਾ ਉਹਨਾਂ ਨੇ ਬੱਚਿਆਂ ਨੂੰ ਗਰਮੀ ਦੀਆਂ ਛੁੱਟੀਆਂ ਦੇ ਵਿੱਚ ਘੱਟੋ ਘੱਟ ਇੱਕ ਪੌਦਾ ਲਗਾਉਣ ਵਾਸਤੇ ਵੀ ਕਿਹਾ। ਸਕੂਲ ਦੇ ਇੰਚਾਰਜ ਸ੍ਰੀ ਸੰਜੀਵ ਕੁਮਾਰ ਨੇ ਵੀ ਮਾਪਿਆਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ। ਮੈਡਮ ਵੰਦਨਾ ਰਾਣੀ ਸਾਇੰਸ ਮਿਸਟ੍ਰੈਸ ਨੇ ਵੀ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਨੂੰ ਦੂਸ਼ਿਤ ਨਾ ਕਰਨ ਵਾਸਤੇ ਆਪਣੇ ਵਿਚਾਰ ਦਿੱਤੇ। ਇਸ ਸਮੇਂ ਸਮੂਹ ਸਟਾਫ ਮੌਜੂਦ ਸਨ।

# ਮਮਤਾ ਦਿਵਸ ਸਿਵਲ ਹਸਪਤਾਲ ਬੰਗਾ ਵਿਖੇ ਮਨਾਇਆ ਗਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾਂ )ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਬੰਗਾ ਦੇ ਐਸਐਮਓ ਡਾਕਟਰ ਜਸਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਮਮਤਾ ਦਿਵਸ ਕੀਤਾ ਗਿਆ ਇਸ ਵਿੱਚ ਜਨਮ ਤੋਂ ਲੈ ਕੇ 16



ਸਾਲ ਦੇ ਬੱਚਿਆਂ ਅਤੇ ਗਰਭਵਤੀ ਮਾਵਾਂ ਦੇ ਟੀਕੇ ਲਗਵਾਏ ਗਏ ਇਸ ਵਿੱਚ ਬੱਚਿਆਂ ਨੂੰ ਟੀਕੇ ਟਾਈਮ ਸਿਰ ਲਗਾਉਣ ਲਈ ਕਿਹਾ ਗਿਆ ਮਾਦਾ ਦੁੱਧ ਪਿਲਾਉਣ ਲਈ ਕਿਹਾ ਗਿਆ ਮੌਸਮ ਅਨੁਸਾਰ ਕੱਪੜੇ ਪਾਉਣ ਲਈ ਕਿਹਾ ਗਿਆ ਨਿਮੋਨੀਆ ਦੇ ਬਚਾਅ ਬਾਰੇ ਜਾਣਕਾਰੀ ਦਿੱਤੀ ਗਰਭਵਤੀ ਔਰਤਾਂ ਨੂੰ ਸਰਕਾਰੀ ਚੈੱਕ ਅਪ ਫਰੀ ਅਤੇ ਡਿਲੀਵਰੀ ਸਰਕਾਰੀ ਹਸਪਤਾਲ ਵਿੱਚ ਕਰਵਾਉਣ ਲਈ ਕਿਹਾ ਗਿਆ ਆਇਰਨ ਫੋਲਿਕ ਐਸਿਡ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਖਾਣ ਲਈ ਕਿਹਾ ਗਿਆ ਇਸ ਵਿੱਚ ਮੈਡਮ ਮਨਜੀਤ ਕੌਰ ਹੈਲਥ ਸੁਪਰਵਾਈਜ਼ਰ ਫੀਮੇਲ ਮੈਡਮ ਬਲਵੀਰ ਕੌਰ ਏ ਐਨ ਐਮ ਮੈਡਮ ਸੁਖਦੇਵ ਕੌਰ ਏ ਐਨ ਐਮ ਅਤੇ ਆਸ਼ਾ ਵਰਕਰ ਸ਼ਾਮਿਲ ਹੋਈਆਂ।

# ਪੰਜਾਬ ਯੂਨੀਵਰਸਿਟੀ ਦੇ ਨਾਮ ‘ਚ ਨਹੀਂ ਹੋਵੇਗਾ ਕੋਈ ਬਦਲਾਅ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਵਿਦਿਆਰਥੀ ਕੌਂਸਲ ਦੇ ਪ੍ਰਧਾਨ ਅਨੁਰਾਗ ਦਲਾਲ ਵੱਲੋਂ ਬੀਤੇ ਦਿਨੀ ਵਾਈਸ ਚਾਂਸਲਰ ਨੂੰ ਇੱਕ ਪੱਤਰ ਲਿਖਿਆ ਗਿਆ। ਜਿਸ ਵਿੱਚ ਉਨ੍ਹਾਂ ਮੰਗ ਕੀਤੀ ਕਿ ਪੰਜਾਬ ਯੂਨੀਵਰਸਿਟੀ ਦਾ ਨਾਮ ਬਦਲ ਕੇ ਪੰਜਾਬ ਅਤੇ ਹਰਿਆਣਾ ਯੂਨੀਵਰਸਿਟੀ ਰੱਖਿਆ ਜਾਵੇ। ਜਿਸ ਤੋਂ ਬਾਅਦ ਹਰ ਪਾਸੇ ਇਸ ਦਾ ਵਿਰੁੱਧ ਸ਼ੁਰੂ ਹੋ ਗਿਆ।

ਵਿਦਿਆਰਥੀ ਜਥੇਬੰਦੀ ਸੱਥ ਨੇ ਕਰੜਾ ਵਿਰੋਧ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦਾ ਨਾਮ ਨਹੀਂ ਬਦਲਣ ਦਿੱਤਾ ਜਾਵੇਗਾ। ਪੰਜਾਬ ਯੂਨੀਵਰਸਿਟੀ ਦੇ ਨਾਂ ‘ਚੋਂ ਇਕ ਵੀ ਅੱਖਰ ਨਹੀਂ ਬਦਲਣ ਦਿੱਤਾ ਜਾਵੇਗਾ। ਪੰਜਾਬ ਯੂਨੀਵਰਸਿਟੀ ਦੇ ਨਾਮ ਢਾਂਚੇ ‘ਚ ਕੋਈ ਵੀ ਤਬਦੀਲੀ ਸਿੱਧਾ ਪੰਜਾਬ ਦੇ ਹਿੱਤਾਂ ‘ਤੇ ਹਮਲਾ ਹੈ।

ਦੱਸ ਦਈਏ ਕਿ ਪੰਜਾਬ ਯੂਨੀਵਰਸਿਟੀ ਦੇ ਪ੍ਰਧਾਨ ਅਨੁਰਾਗ ਦਲਾਲ ਵਲੋਂ ਹੁਣ ਆਪਣਾ ਪੱਤਰ ਵਾਪਸ ਲੈ ਲਿਆ ਗਿਆ ਹੈ ਅਤੇ ਵਿਦਿਆਰਥੀਆਂ ਤੋਂ ਮੁਆਫੀ ਮੰਗ ਲਈ ਗਈ ਹੈ।

# ਸਰਕਾਰੀ ਕਾਲਜ ਵਿੱਚ 'ਵਿਸ਼ਵ ਤੰਬਾਕੂ ਰਹਿਤ ਦਿਵਸ' ਮਨਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਸਰਕਾਰੀ ਕਾਲਜ ਹੁਸ਼ਿਆਰਪੁਰ ਵਿੱਚ ਕਾਲਜ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਹੇਠ ਇੰਚਾਰਜ ਪ੍ਰੋ. ਵਿਜੇ ਕੁਮਾਰ ਦੇ ਸਹਿਯੋਗ ਨਾਲ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ। ਸੈਮੀਨਾਰ, ਸਹੁੰ ਚੁੱਕ ਸਮਾਗਮ ਅਤੇ ਪੋਸਟਰ ਬਣਾਉਣ ਦੇ ਪ੍ਰੋਗਰਾਮ ਆਯੋਜਿਤ ਕਰਕੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਈ ਗਈ ਤਾਂ ਜੋ ਸਟਾਫ਼ ਅਤੇ ਵਿਦਿਆਰਥੀ ਇਸ ਤੋਂ ਦੂਰ ਰਹਿਣ ਅਤੇ ਦੂਜਿਆਂ ਨੂੰ ਇਸ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ। ਕਾਲਜ ਪ੍ਰਿੰਸੀਪਲ ਅਨੀਤਾ ਸਾਗਰ ਨੇ ਆਪਣੇ ਸੰਬੋਧਨ ਵਿੱਚ ਤੰਬਾਕੂ ਦੇ ਸਾਡੀ ਸਿਹਤ 'ਤੇ ਮਾੜੇ ਪ੍ਰਭਾਵਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਇਹ ਸਾਨੂੰ ਇਸ ਤਰ੍ਹਾਂ ਨੁਕਸਾਨ ਪਹੁੰਚਾਉਂਦਾ ਹੈ ਕਿ ਅਸੀਂ ਮੌਤ ਤੋਂ ਪਹਿਲਾਂ ਹੀ ਜਿਉਂਦੇ ਮੁਰਦੇ ਬਣ ਜਾਂਦੇ ਹਾਂ ਅਤੇ ਕਈ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਾਂ, ਇਸ ਲਈ ਸਾਨੂੰ ਇਸਦਾ ਸੇਵਨ ਕਦੇ ਵੀ ਨਹੀਂ ਕਰਨਾ ਚਾਹੀਦਾ। ਪ੍ਰੋ. ਇਸ ਮੌਕੇ 'ਤੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਵਿਜੇ ਕੁਮਾਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਪੜ੍ਹੇ-ਲਿਖੇ ਲੋਕ ਵੀ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਦੇ ਹਨ, ਭਾਵੇਂ ਕਿ ਪੈਕੇਟਾਂ 'ਤੇ ਉਨ੍ਹਾਂ ਦੇ ਸੇਵਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਚੇਤਾਵਨੀਆਂ ਲਿਖੀਆਂ ਹੁੰਦੀਆਂ ਹਨ। ਇਸੇ ਲਈ ਕਿਹਾ ਜਾਂਦਾ ਹੈ ਕਿ ਅੱਜਕੱਲ੍ਹ ਬਹੁਤ ਸਾਰੇ ਪੜ੍ਹੇ-ਲਿਖੇ ਲੋਕ ਵੀ ਮੂਰਖ ਹਨ। ਜਦੋਂ ਕਿ ਇਹ ਉਨ੍ਹਾਂ ਦਾ ਫਰਜ਼ ਹੈ ਕਿ ਉਹ ਅਨਪੜ੍ਹ ਲੋਕਾਂ ਨੂੰ ਵੀ ਇਨ੍ਹਾਂ ਨੂੰ ਖਾਣ ਤੋਂ ਰੋਕ ਕੇ ਆਪਣਾ ਫਰਜ਼ ਪੂਰਾ ਕਰਨ ਤਾਂ ਜੋ ਸਮਾਜ ਵਿੱਚੋਂ ਤੰਬਾਕੂ ਨੂੰ ਖਤਮ ਕੀਤਾ ਜਾ ਸਕੇ। ਇਸ ਮੌਕੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸਹੁੰ ਚੁਕਾਈ ਗਈ ਅਤੇ ਵਿਦਿਆਰਥਣਾਂ ਖੁਸ਼ਬੂ ਅਤੇ ਸ਼ਾਈਨ ਨੇ ਪੋਸਟਰ ਬਣਾ ਕੇ ਵਿਸ਼ੇ ਅਨੁਸਾਰ ਜਾਗਰੂਕਤਾ ਫੈਲਾਈ। ਇਸ ਮੌਕੇ ਕਾਲਜ ਪ੍ਰਿੰਸੀਪਲ ਅਨੀਤਾ ਸਾਗਰ ਜੀ, ਪ੍ਰੋ: ਵਿਜੇ ਕੁਮਾਰ, ਪ੍ਰੋ: ਅਰੁਣਾ ਰਾਣੀ, ਪ੍ਰੋ: ਪਰਮਜੀਤ ਕੌਰ, ਪ੍ਰੋ: ਹਰਜਿੰਦਰ ਅਮਨ, ਪ੍ਰੋ: ਨੀਤੀ ਸ਼ਰਮਾ, ਪ੍ਰੋ: ਸ਼ਸ਼ੀ, ਨਿਰਮਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਇਆਲੀ ਖੁਰਦ ਵਿਖੇ ਪੀਰ ਨੌਂਗਜਾ ਦਾ ਸਲਾਨਾ ਮੇਲਾ 2 ਜੂਨ- ਬਾਬਾ ਧਰਮਿੰਦਰ ਸ਼ਾਹ / ਹਰਦੇਵ ਬੋਪਾਰਾਏ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਲੁਧਿਆਣਾ ( ਮਨੀਸ਼ ) ਪੀਰ ਨੌਂਗਜਾ ਜੀ ਦਾ ਸਲਾਨਾ ਜੋੜ ਮੇਲਾ ਪਿੰਡ ਇਆਲੀ ਖੁਰਦ ਵਿਖੇ ਬੜੀ ਧੂਮ ਧਾਮ ਨਾਲ ਹਰ ਸਾਲ ਦੀ ਤਰ੍ਹਾਂ ਮਨਾਇਆ ਜਾ ਰਿਹਾ ਹੈ ਇਥੋਂ ਦੇ ਮੁੱਖ ਸੇਵਾਦਾਰ ਗੁਲਾਮ ਧਰਮਿੰਦਰ ਸ਼ਾਹ ਕਾਦਰੀ ਜੀ ਨੇ ਦੱਸਿਆ 1 ਜੂਨ ਨੂੰ ਮਹਿੰਦੀ ਦੀ ਰਸਮ ਸ਼ਾਮ 5 ਵਜੇ ਹੋਵੇਗੀ 2 ਜੂਨ ਨੂੰ ਝੰਡੇ ਅਤੇ ਚਾਦਰ ਦੀ ਰਸਮ 11 ਵਜੇ ਕੀਤੀ ਜਾਵੇਗੀ ਅਤੇ ਪੰਜਾਬ ਦੇ ਪ੍ਰਸਿੱਧ ਮਹਿਫਲੇ ਕਵਾਲ ਪੀਰਾਂ ਦੇ ਗੁਣ ਗਾਣ ਕਰਨਗੇ ਇਸ ਸਮੇਂ ਸ੍ਰੀ ਗੁਰੂ ਰਵਿਦਾਸ ਯੂਥ ਕਲੱਬ ਇਆਲੀ ਖੁਰਦ ਦੇ ਸਰਪ੍ਰਸਤ ਹਰਦੇਵ ਸਿੰਘ ਬੋਪਾਰਾਏ ਨੇ ਦੱਸਿਆ ਕਿ ਸੰਗਤਾਂ ਲਈ ਗੁਰੂ ਅਟੁੱਟ ਲੰਗਰ ਵਰਤੇਗਾ ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼ਮਸ਼ੇਰ ਸਿੰਘ , ਜੱਗਾ , ਜੀਵਾ ,ਅਜੇ , ਰਮਨ ,ਖੁਸ਼ੀ , ਤਨੂ ,ਦਿਲਪ੍ਰੀਤ ਸਿੰਘ, ਪੂਜਾ , ਸੁਖ ,ਅਰਜਨ ਸਿੰਘ , ਨੇਹਾ , ਭਿੰਦਾ, ਲਾਡੀ, ਰਾਜਵੀਰ ਸਿੰਘ , ਹੁਸਨ, ਮਨੀ ਗਿੱਲ, ਜਗਤਾਰ ਸਿੰਘ , ਈਸ਼ਾ, ਕਿਰਨ ਆਦਿ ਹਾਜਰ ਸਨ

# ਵਿਧਾਇਕ ਜਿੰਪਾ ਨੇ ਚੌਂਕ ਸੁਰਾਜਾਂ 'ਚ 23 ਲੱਖ ਰੁਪਏ ਦੀ ਲਾਗਤ ਨਾਲ ਟਾਈਲਾਂ ਦੇ ਕੰਮ ਦਾ ਕੀਤਾ ਉਦਘਾਟਨ

## ਕਿਹਾ, ਇਲਾਕੇ ਨੂੰ ਸੁੰਦਰ ਬਣਾਉਣ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਬਾਕੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਵਿਕਾਸ ਕਾਰਜਾਂ ਦੀ ਲੜੀ ਵਿਚ ਹੁਸ਼ਿਆਰਪੁਰ ਦੇ ਵਾਰਡ ਨੰਬਰ 40 ਸਥਿਤ ਚੌਕ ਸੁਰਾਜਾਂ 23 ਲੱਖ ਰੁਪਏ ਦੀ ਲਾਗਤ ਨਾਲ ਟਾਈਲ ਵਰਕਸ ਪ੍ਰੋਜੈਕਟ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਕੰਮ ਦਾ ਉਦਘਾਟਨ ਸਥਾਨਕ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕੀਤਾ। ਇਸ ਮੌਕੇ ਜਿੰਪਾ ਨੇ ਕਿਹਾ ਕਿ ਚੌਕ ਸੁਰਾਜਾਂ ਇਲਾਕੇ ਦੀ ਹਾਲਤ ਕਾਫ਼ੀ ਸਮੇਂ ਤੋਂ ਖ਼ਰਾਬ ਸੀ, ਜਿਸ ਕਾਰਨ ਆਮ ਲੋਕਾਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਇਸ ਇਲਾਕੇ ਨੂੰ ਡੱਬੀ ਬਾਜ਼ਾਰ ਦੀ ਤਰਜ਼ 'ਤੇ ਸੁੰਦਰ ਅਤੇ ਸੁਵਿਧਾਜਨਕ ਬਣਾਇਆ ਜਾਵੇਗਾ। ਇਸ ਨਾਲ ਨਾ ਸਿਰਫ਼ ਸਥਾਨਕ ਲੋਕਾਂ ਨੂੰ ਰਾਹਤ ਮਿਲੇਗੀ ਸਗੋਂ ਬਾਜ਼ਾਰ ਦੀ ਰੌਣਕ ਵੀ ਵਧੇਗੀ। ਵਿਧਾਇਕ ਜਿੰਪਾ ਨੇ ਮੌਕੇ 'ਤੇ ਮੌਜੂਦ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਕੰਮ ਦੀ ਗੁਣਵੱਤਾ ਵਿੱਚ ਕੋਈ ਵੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੇ ਹਿੱਤ ਵਿੱਚ ਪੈਸਾ ਖਰਚ ਕਰ ਰਹੀ ਹੈ, ਇਸ ਲਈ ਹਰ ਪ੍ਰੋਜੈਕਟ ਨੂੰ ਪਾਰਦਰਸ਼ਤਾ ਅਤੇ ਮਜ਼ਬੂਤੀ ਨਾਲ ਪੂਰਾ ਕੀਤਾ ਜਾਣਾ ਚਾਹੀਦਾ ਹੈ। ਜਿੰਪਾ ਨੇ ਕਿਹਾ ਕਿ ਸੁਰਾਜਾਂ ਚੌਕ ਦੇ ਵਿਕਾਸ ਲਈ ਟਿਊਬਵੈੱਲ ਲਗਾਉਣ ਵਰਗੇ ਜ਼ਰੂਰੀ ਕੰਮ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ। ਹੁਣ ਟਾਈਲ ਵਰਕਸ ਅਤੇ ਹੋਰ ਸਹੂਲਤਾਂ ਦੇ ਜੋੜ ਤੋਂ ਬਾਅਦ ਇਸ ਖੇਤਰ ਨੂੰ ਇੱਕ ਨਵੀਂ ਪਛਾਣ ਮਿਲੇਗੀ। ਪ੍ਰੋਗਰਾਮ ਦੌਰਾਨ ਸਥਾਨਕ ਲੋਕਾਂ ਨੇ ਵਿਧਾਇਕ ਜਿੰਪਾ ਦਾ ਧੰਨਵਾਦ ਕੀਤਾ ਅਤੇ ਉਮੀਦ ਪ੍ਰਗਟ ਕੀਤੀ ਕਿ ਭਵਿੱਖ ਵਿੱਚ ਇਸੇ ਤਰ੍ਹਾਂ ਦੇ ਵਿਕਾਸ ਕਾਰਜ ਇਲਾਕੇ ਦਾ ਚਿਹਰਾ ਬਦਲ ਦੇਣਗੇ। ਇਸ ਮੌਕੇ ਨਗਰ ਨਿਗਮ ਹੁਸ਼ਿਆਰਪੁਰ ਦੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਰਣਜੀਤ ਚੌਧਰੀ, ਕੌਂਸਲਰ ਪ੍ਰਦੀਪ ਬਿੱਟੂ, ਕੌਂਸਲਰ ਵਿਜੇ ਅਗਰਵਾਲ, ਮੋਹਿਤ ਸੈਣੀ ਅਤੇ ਅਜੇ ਜੈਨ ਤੋਂ ਇਲਾਵਾ ਇਲਾਕੇ ਦੇ ਕਈ ਪਤਵੰਤੇ ਵੀ ਮੌਜੂਦ ਸਨ।

# ਹੁਸ਼ਿਆਰਪੁਰ ਦੀਆਂ ਸਿਹਤ ਸੰਸਥਾਵਾਂ ਨੂੰ ਮਿਲੇ 20 ਨਵੇਂ ਹਾਊਸ ਸਰਜਨ

## ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸੌਂਪੇ ਨਿਯੁਕਤੀ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਸਿਹਤ ਵਿਭਾਗ ਵਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਵਿਚ 20 ਨਵੇਂ ਹਾਊਸ ਸਰਜਨਾਂ ਦੀ ਨਿਯੁਕਤੀ ਕੀਤੀ ਗਈ ਹੈ। ਇਨ੍ਹਾਂ ਹਾਊਸ ਸਰਜਨਾਂ ਨੂੰ ਅੱਜ ਸਿਵਲ ਸਰਜਨ ਦਫ਼ਤਰ ਹੁਸ਼ਿਆਰਪੁਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਰਸਮੀ ਤੌਰ 'ਤੇ ਨਿਯੁਕਤੀ ਪੱਤਰ ਸੌਂਪੇ ਗਏ। ਇਹ ਨਿਯੁਕਤੀ ਪੱਤਰ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਕਰ-ਕਮਲਾਂ ਨਾਲ ਸੌਂਪੇ। ਸਮਾਰੋਹ ਨੂੰ ਸੰਬੋਧਨ ਕਰਦਿਆਂ ਡਾ. ਰਵਜੋਤ ਸਿੰਘ ਨੇ ਨਵ-ਨਿਯੁਕਤ ਹਾਊਸ ਸਰਜਨਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਆਪਣੇ ਕਰਤੱਵਾਂ ਨੂੰ ਇਮਾਨਦਾਰੀ, ਸਮਾਂਬੱਧ ਅਤੇ ਪੂਰਨ ਸਮਰਪਣ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਇਕ ਡਾਕਟਰ ਹੋਣ ਦੇ ਨਾਤੇ ਆਪ ਨੂੰ ਮਾਨਵਤਾ ਦੀ ਸੇਵਾ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ, ਉਹ ਇਸ ਨੂੰ ਪੂਰਨ ਨਿਸ਼ਠਾ ਨਾਲ ਨਿਭਾਉਣ ਅਤੇ ਮਰੀਜਾਂ ਨਾਲ ਹਮੇਸ਼ਾ ਸਨੇਹਪੂਰਨ ਵਿਵਹਾਰ ਕਰਨ। ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ੁਰੂ ਤੋਂ ਹੀ ਆਮ ਜਨਤਾ ਨੂੰ ਘਰ ਦੇ ਨੇੜੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਉਪਲਬੱਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਉਹ ਖੁਦ ਸਮੇਂ-ਸਮੇਂ 'ਤੇ ਸਿਵਲ ਹਸਪਤਾਲ ਦਾ ਦੌਰਾ ਕਰਦੇ ਰਹਿੰਦੇ ਹਨ ਤਾਂ ਜੋ ਸਿਹਤ ਸੇਵਾਵਾਂ ਦੀ ਨਿਗਰਾਨੀ ਕਰਕੇ ਕਮੀਆਂ ਨੂੰ ਦੂਰ ਕੀਤਾ ਜਾ ਸਕੇ। ਸਿਵਲ ਸਰਜਨ ਡਾ.ਪਵਨ ਕੁਮਾਰ ਸ਼ਗੋਤਰਾ ਨੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਜਾਣਕਾਰੀ ਦਿੱਤੀ ਕਿ ਇਨ੍ਹਾਂ 20 ਹਾਊਸ ਸਰਜਨਾਂ ਦੀ ਤਾਇਨਾਤੀ ਜ਼ਿਲ੍ਹੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਵਿਚ ਕੀਤੀ ਗਈ ਹੈ, ਜਿਸ ਵਿਚ 7 ਸਿਵਲ ਹਸਪਤਾਲ ਹੁਸ਼ਿਆਰਪੁਰ, 4 ਐਸ.ਡੀ. ਐਚ ਗੜ੍ਹਸ਼ੰਕਰ, 4 ਐਸ.ਡੀ.ਐਚ ਮੁਕੇਰੀਆਂ, 5 ਐਸ.ਡੀ.ਐਚ ਦਸੂਹਾ ਵਿਖੇ ਤਾਇਨਾਤ ਕੀਤੇ ਗਏ ਹਨ। ਇਸ ਮੌਕੇ ਐਮ.ਆਰ ਪ੍ਰੋਗਰਾਮ ਅਤੇ ਹਰ ਸ਼ੁੱਕਰਵਾਰ ਡੇਂਗੂ ਜਾਗਰੂਕਤਾ ਮੁਹਿੰਮ ਨਾਲ ਸਬੰਧਤ ਸਾਹਿਤ ਵੀ ਜਾਰੀ ਕੀਤਾ ਗਿਆ। 5 ਸਾਲ ਤੱਕ ਉਨ੍ਹਾਂ ਬੱਚਿਆਂ, ਜਿਨ੍ਹਾਂ ਨੇ ਕਿਸੇ ਕਾਰਨ ਕਰਕੇ ਟੀਕਾ ਨਹੀਂ ਲਗਵਾਇਆ ਹੈ, ਉਨ੍ਹਾਂ ਨੂੰ ਇਕ ਮਹੀਨੇ ਦੇ ਫਰਕ 'ਤੇ ਐਮ.ਆਰ. (ਖਸਰਾ-ਰੁਬੇਲਾ) ਦੇ ਦੋ ਟੀਕੇ ਨੇੜੇ ਦੇ ਸਿਹਤ ਕੇਂਦਰ 'ਤੇ ਲਗਾਉਣ ਦੀ ਅਪੀਲ ਕੀਤੀ ਗਈ। ਇਹ ਟੀਕੇ ਦੋ ਖ਼ਤਰਨਾਕ ਬਿਮਾਰੀਆਂ ਤੋਂ ਬਚਾਅ ਵਿਚ ਸਹਾਈ ਹਨ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਬਿੰਦਰ ਸਿੰਘ ਪਾਬਲਾ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਬੰਸ ਕੌਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ, ਸਹਾਇਕ ਸਿਵਲ ਸਰਜਨ ਡਾ. ਡੀ.ਪੀ. ਸਿੰਘ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਰਣਜੀਤ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਾਤੀ ਸ਼ਿਹਮਾਰ, ਜ਼ਿਲ੍ਹਾ ਐਪੀਡੈਮਿਓਲਾਜਿਸਟ ਡਾ. ਜਗਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਰਮਨਦੀਪ ਕੌਰ ਵੀ ਮੌਜੂਦ ਸਨ।

# ਸਾਹਿਤਕ ਸੰਸਥਾ ਸਿਰਜਣਧਾਰਾ ਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸਮਰਪਿਤ ਕਵੀ ਦਰਬਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਲੁਧਿਆਣਾ (ਗੁਰਦੀਪ ਸਿੰਘ) ਸਾਹਿਤਕ ਸੰਸਥਾ ਸਿਰਜਣਧਾਰਾ ਦੀ ਮਹੀਨਾਵਾਰ ਮੀਟਿੰਗ ਪੰਜਾਬੀ ਭਵਨ ਲੁਧਿਆਣਾ ਦੇ ਡਾ:ਪਰਮਿੰਦਰ ਸਿੰਘ ਹਾਲ ਵਿੱਚ ਡਾ: ਗੁਰਚਰਨ ਕੌਰ ਕੋਚਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪ੍ਰੋ ਰਵਿੰਦਰ ਭੱਠਲ ਮੁੱਖ ਮਹਿਮਾਨ ਦੇ ਤੌਰ ਤੇ ਅਤੇ ਬਰਨਾਲਾ ਸਾਹਿਤ ਸਭਾ ਦੇ ਸਾਬਕਾ ਪ੍ਰਧਾਨ ਪ੍ਰਿੰ: ਸੁਰਿੰਦਰ ਸਿੰਘ ਭੱਠਲ ਜੀ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੇ ਸ਼ੁਰੂ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਸਾਰੇ ਹਾਜ਼ਰ ਸਾਹਿਤਕਾਰਾਂ ਅਤੇ ਕਵੀਆਂ ਨੇ ਉਹਨਾਂ ਨੂੰ ਨਮਨ ਕੀਤਾ। ਪ੍ਰੋ ਰਵਿੰਦਰ ਭੱਠਲ,ਸੁਰਿੰਦਰ ਭੱਠਲ ਅਤੇ ਡਾ ਗੁਰਚਰਨ ਕੌਰ ਕੋਚਰ ਨੇ ਪੰਚਮ ਪਾਤਸ਼ਾਹ ਦੇ ਜੀਵਨ ਤੇ ਭਰਪੂਰ ਚਾਨਣਾ ਪਾਉਂਦੇ ਹੋਏ ਉਹਨਾਂ ਦੀ ਅਦੁੱਤੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ।

ਅਮਰਜੀਤ ਸ਼ੇਰਪੁਰੀ ਨੇ ਉਹਨਾਂ ਦੇ ਜੀਵਨ ਤੇ ਬੋਲਦੇ ਹੋਏ ਕਿਹਾ ਕਿ ਗੁਰੂ ਸਾਹਿਬ ਦੀ ਕੁਰਬਾਨੀ ਨੇ ਸਾਨੂੰ ਹੱਕ,ਸੱਚ ਅਤੇ ਦ੍ਰਿੜ੍ਹਤਾ ਨਾਲ ਜੀਵਨ ਜਿਉਣ ਦੀ ਜਾਚ ਸਿਖਾਈ ਹੈ। ਉੱਘੀ ਕਹਾਣੀ ਕਾਰਾ ਇੰਦਰਜੀਤਪਾਲ ਨੇ ਬੋਲਦੇ ਹੋਏ ਕਿਹਾ ਕਿ ਮੁਗ਼ਲ ਸਲਤਨਤ ਵੱਲੋਂ ਗੁਰੂ ਸਾਹਿਬ ਉੱਤੇ ਕੀਤੇ ਕੋਝੇ ਤੇ ਦਿਲ ਕੰਬਾਊ ਜ਼ੁਲਮਾਂ ਦੀ ਮਿਸਾਲ ਦੁਨੀਆਂ ਵਿੱਚ ਕਿਧਰੇ ਵੀ ਨਹੀਂ ਮਿਲਦੀ ਜਿਸ ਨੂੰ ਰਹਿੰਦੀ ਦੁਨੀਆਂ ਤੱਕ ਲਾਹਨਤਾਂ ਪੈਂਦੀਆਂ ਰਹਿਣਗੀਆਂ। ਇਸ ਸਮੇਂ ਪੰਜਾਬੀ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਡਾ ਗੁਲਜ਼ਾਰ ਸਿੰਘ ਪੰਧੇਰ, ਜਨਮੇਜਾ ਸਿੰਘ ਜੌਹਲ ਅਤੇ ਬਾਪੂ ਬਲਕੌਰ ਸਿੰਘ ਨੇ ਵੀ ਆਪਣੇ ਸ਼ਬਦਾਂ ਰਾਹੀਂ ਗੁਰੂ ਜੀ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕੀਤਾ।

ਉਪਰੰਤ ਉਹਨਾਂ ਦੀ ਯਾਦ ਨੂੰ ਸਮਰਪਿਤ ਕਵੀ ਦਰਬਾਰ ਵੀ ਕੀਤਾ ਗਿਆ। ਜਿਸ ਵਿੱਚ ਹਾਜ਼ਰ ਕਵੀਆਂ ਨੇ ਆਪੋ ਆਪਣੀਆਂ ਰਚਨਾਵਾਂ ਨਾਲ ਵਧੀਆ ਹਾਜ਼ਰੀ ਲਗਵਾਈ ਅਤੇ ਮੰਚ ਸੰਚਾਲਨ ਜਨਰਲ ਸੈਕਟਰੀ ਅਮਰਜੀਤ ਸ਼ੇਰਪੁਰੀ ਨੇ ਕੀਤਾ। ਸ਼ੁਰੂ ਵਿੱਚ ਡਾ ਗੁਰਚਰਨ ਕੌਰ ਕੋਚਰ ਨੇ ਕਵਿਤਾ "ਭਾਵੇਂ ਜ਼ੁਲਮ ਦਾ ਕਿੰਨਾਂ ਤੂਫ਼ਾਨ ਆਵੇ", ਸੁਰਜੀਤ ਸਿੰਘ ਜੀਤ ਨੇ ਗੀਤ "ਮੇਰਾ ਸਾਈਂ ਬੈਠਾ ਤਵੀ ਤੇ ਝੱਲੇ ਤੱਤੀ ਤੱਤੀ ਤਵੀ ਦਾ ਨਜ਼ਾਰਾ", ਅਮਰਜੀਤ ਸ਼ੇਰਪੁਰੀ ਨੇ ਗੀਤ "ਤਪੇ ਜੇਠ ਦਾ ਮਹੀਨਾ ਅੱਗ ਸੂਰਜ ਵਰ੍ਹਾਵੇ, ਬੈਠਾ ਪਾਤਸ਼ਾਹ ਤਵੀ ਦੇ ਉੱਤੇ ਠੰਡ ਵਰਤਾਵੇ", ਸੁਰਿੰਦਰ ਸਿੰਘ ਭੱਠਲ ਨੇ ਕਵਿਤਾ "ਇਸ ਵਾਤਾਨਕੂਲ ਕਮਰੇ ਚੋਂ ਆਓ ਮੁਕਤ ਕਰੀਏ ਕਵਿਤਾ ਨੂੰ", ਸੰਪੂਰਨ ਸਨਮ ਸਾਹਨੇਵਾਲ ਨੇ ਗੀਤ " ਕੀ ਆਖਾਂ ਮੈ ਤਵੀ ਤਪਦੀ ਨੂੰ", ਇੰਦਰਜੀਤ ਲੋਟੇ ਨੇ ਸਾਂਝੇ ਪੰਜਾਬ ਦੇ ਕਵੀ ਤਜ਼ੱਮਲ ਕਲੀਮ ਦੀ ਕਵਿਤਾ "ਕੋਈ ਜਿਉਂਦਾ ਈ 'ਨੀ ਬਚਿਆ ਕਿਹੜਾ ਮੈਨੂੰ ਦੇਖੇ, ਮੈਂ ਵੇਹੜੇ ਨੂੰ ਦੇਖੀ ਜਾਵਾਂ ਵਿਹੜਾ ਮੈਨੂੰ ਦੇਖੇ", ਕੁਲਦੀਪ ਰਾਏ ਭਗਤ ਨੇ ਕਵਿਤਾ "ਅੱਜ ਲਿਖਦਿਆਂ ਲਿਖਦਿਆਂ ਮੇਰੀ ਕਲਮ ਰੋਣ ਲੱਗ ਪਈ",। ਇਸ ਮੌਕੇ ਤੇ ਦਰਸ਼ਨ ਸਿੰਘ ਢੇਲਣ, ਡਾਕਟਰ ਜਸਪਾਲ ਸਿੰਘ ਸੈਣੀ, ਸਤਨਾਮ ਸਿੰਘ ਗਾਹਲੇ ਅਤੇ ਗੁਰਦੀਪ ਸਿੰਘ ਵੀ ਹਾਜ਼ਰ ਸਨ। ਅੰਤ ਵਿੱਚ ਪ੍ਰਧਾਨ ਡਾ ਗੁਰਚਰਨ ਕੌਰ ਕੋਚਰ ਨੇ ਵਡਮੁੱਲੇ ਸ਼ਬਦਾਂ ਵਿੱਚ ਆਏ ਸਭਨਾਂ ਦਾ ਧੰਨਵਾਦ ਕੀਤਾ।

# ਭਾਰਤ ਵਿੱਚ ਮੂਲ ਨਿਵਾਸੀ ਗੁਲਾਮੀ ਝਲ ਰਹੇ ਹਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਭਾਰਤ ਵਿੱਚ ਮੂਲ ਨਿਵਾਸੀ ਗੁਲਾਮੀ ਝਲ ਰਹੇ ਹਨ ਅਤੇ ਮੈਂ ਕਹਿੰਦਾ ਹਾਂ ਕਿ ਉਹ ਗੁਲਾਮ ਹਨ।ਅੱਜ ਸਾਰਾ ਬਹੁਜਨ ਸਮਾਜ ਗੁਲਾਮੀ ਦੀ ਮਾਨਸਿਕਤਾ ਹੰਡਾ ਰਿਹਾ ਹੈ।ਬਹੁਤ ਦੁੱਖ ਹੋ ਰਿਹਾ ਹੈ ਕਿ ਹਰ ਇੱਕ ਬਹੁਜਨ ਸਮਾਜ ਦਾ ਸ਼ੁਭ ਚਿੰਤਕ ਜਾਂ ਭਲਾ ਚਾਹੁਣ ਵਾਲਾ ਕੋਈ ਕਿਸੇ ਧਾਰਮਿਕ ਜਥੇਬੰਦੀ ਦਾ ਮੈਂਬਰ ਹੈ ਅਤੇ ਦੂਸਰਾ ਕਿਸੇ ਹੋਰ ਨੂੰ ਧਾਰਮਿਕ ਜਥੇਬੰਦੀ ਦਾ ਹੋਣ ਦਾ ਦਾਅਵਾ ਕਰਦਾ ਹੈ ਇਸ ਤਰਾਂ ਪਤਾ ਹੀ ਨਹੀਂ ਕਿੰਨੇ ਕ ਸਾਰੇ ਗਰੁੱਪ ਪੈਦਾ ਹੋ ਗਏ ਹਨ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਸਾਥੀਓ ਕਿ ਅਸੀਂ ਗੁਰੂ ਸਾਹਿਬਾਨਾਂ ਦੇ ਕਹੇ ਹੋਏ ਬਚਨ ਨਹੀਂ ਮੰਨ ਰਹੇ ਹਾਂ। ਗੁਰੂ ਸਾਹਿਬਾਨਾਂ ਦੇ ਜਨਮ ਦਿਨ ਵੀ ਮਨਾਉਂਦੇ ਹਾਂ ਕਾਸ਼ੀ ਵਿੱਚ ਗੱਡੀਆਂ ਭਰ ਭਰ ਵੀ ਲੈ ਕੇ ਜਾਂਦੇ ਹਾਂ ਪਰੰਤੂ ਜੋ ਗੁਰੂ ਸਾਹਿਬ ਨੇ ਕਿਹਾ ਸੀ ਕਿ ਆਪਣਾ ਖੋਇਆ ਹੋਇਆ ਰਾਜ ਵਾਪਸ ਲੈ ਕੇ ਆਉਣਾ ਹੈ ਬੇਗਮਪੁਰਾ ਵਸਾਉਣਾ ਹੈ ਉਸ ਵੱਲ ਕਿਸੇ ਦਾ ਧਿਆਨ ਨਹੀਂ ਹੈ। ਮੈਂ ਧੰਨਵਾਦੀ ਹਾਂ ਉਹਨਾਂ ਕ੍ਰਾਂਤੀਕਾਰੀ ਯੋਧਿਆਂ ਦਾ ਜੋ ਇਹ ਸਭ ਕੁਝ ਦੇਖਦੇ ਹੋਏ ਵੀ ਸਮਝਦੇ ਹੋਏ ਵੀ ਵਿਰੋਧੀਆਂ ਨਾਲ ਦੋ ਜੋ ਸਾਨੂੰ ਵੋਟ ਦਾ ਹੱਕ ਲੈ ਕੇ ਦਿੱਤਾ ਹੈ ਉਸ ਦਾ ਸਹੀ ਇਸਤੇਮਾਲ ਕਰਕੇ ਅਸੀਂ ਆਪਣਾ ਰਾਜਾ ਭਾਵ ਮੁੱਖ ਮੰਤਰੀ ਜਾਂ ਪ੍ਰਧਾਨ ਮੰਤਰੀ ਬਣਾਉਣਾ ਹੈ ਪਰ ਇਹ ਗੁਲਾਮ ਲੋਕ ਜਾਂ ਰਾਸ਼ਟਰਪਤੀ ਬਣ ਜਾਂਦੇ ਹਨ ਜੋ ਰਬੜ ਦੀ ਮੋਹਰ ਦੀ ਤਰਾਂ ਸੱਤਾਧਾਰੀ ਪਾਰਟੀਆਂ ਵਰਦੀਆਂ ਹਨ ਅਤੇ ਇਹਨਾਂ ਗਰੀਬ ਲੋਕਾਂ ਦੀ ਰਹਿਣੀ ਬਹਿਣੀ ਵਿੱਚ ਕੋਈ ਫਰਕ ਨਹੀਂ ਪੈਂਦਾ ਹੈ ਭਾਵ ਗੁਲਾਮ ਦੇ ਗੁਲਾਮ ਹਨ ਸਹੀ ਗੱਲ ਤਾਂ ਇਹ ਹੈ ਬਾਬਾ ਸਾਹਿਬ ਨੇ ਇਹ ਵੋਟ ਤੁਹਾਨੂੰ ਵੇਚਣ ਲਈ ਨਹੀਂ ਲੈ ਕੇ ਦਿੱਤੀ ਸੀ ਸਗੋਂ ਆਪਣਾ ਰਾਜਾ ਆਪ ਚੁਣ ਲਈ ਲੈ ਕੇ ਦਿੱਤਾ ਸੀ। ਰਾਜ ਕਰਦੀਆਂ ਸ੍ਰੇਣੀਆਂ ਉਡੀਕ ਵਿੱਚ ਹਨ ਕਿ ਕਦੋਂ ਜਲਦੀ ਤੋਂ ਜਲਦੀ ਭਾਰਤ ਵਿੱਚ ਮਨੂੰਸਿਮਰਤੀ ਲਾਗੂ ਕੀਤੀ ਜਾਵੇ ਕਦੋਂ ਇਹਨਾਂ ਤੋਂ ਵੋਟ ਦਾ ਹੱਕ ਖੋਇਆ ਜਾਵੇ?ਕਦੋਂ ਇਹਨਾਂ ਨੂੰ ਮੁੜ ਕੇ ਭੂਤਕਾਲ ਦੇ ਜਮਾਨੇ ਵਿੱਚ ਸੁੱਟਿਆ ਜਾਵੇ ?ਪ੍ਰੰਤੂ ਇਹ ਕੁੰਭਕਰਨੀ ਨੀਂਦ ਸੁੱਤੇ ਪਏ ਹਨ।ਇਹ ਆਟਾ ਦਾਲ ਸਕੀਮ ਦੇ ਪਿੱਛੇ ਲੱਗੇ ਪਏ ਹਨ।ਨੀਲੇ ਪੀਲੇ ਕਾਰਡਾਂ ਦੇ ਪਿੱਛੇ ਭੱਜੇ ਫਿਰਦੇ ਹਨ। ਇਹਨਾਂ ਦੀ ਮੱਤ ਮਾਰੀ ਗਈ ਹੈ। ਇਹਨਾਂ ਨੂੰ ਚਾਹੀਦਾ ਹੈ ਕਿ ਆਪਣੇ ਬੱਚਿਆਂ ਲਈ ਨੌਕਰੀਆਂ ਦਾ ਪ੍ਰਬੰਧ ਮੰਗੋ, ਜਮੀਨ ਮੰਗੋ, ਮਾਨ ਸਨਮਾਨ ਦੀ ਜ਼ਿੰਦਗੀ ਮੰਗੋ ਪ੍ਰੰਤੂ ਇਹ ਗੁਲਾਮ ਲੋਕ ਰਾਜ ਕਰਦੀ ਸ੍ਰੇਣੀ ਦੇ ਚਮਚੇ ਬਣੇ ਹੋਏ ਹਨ ਮੈਂ ਫਿਰ ਬੇਨਤੀ ਕਰਦਾ



ਸਤਿਕਾਰਯੋਗ ਸਾਥੀਓ ਹੋਸ਼ ਵਿੱਚ ਆਓ ਸਮਾਂ ਰਹਿੰਦੇ ਆਪਣਾ ਵੋਟ ਇਸਤੇਮਾਲ ਕਰਕੇ ਆਪਣਾ ਰਾਜ ਲੈ ਕੇ ਆਓ ਕਿਉਂਕਿ ਜਿਨਾਂ ਦਾ ਰਾਜ ਹੁੰਦਾ ਹੈ ਉਹਨਾਂ ਕੋਈ ਅੱਖ ਚੱਕ ਕੇ ਨਹੀਂ ਵੇਖ ਸਕਦਾ ਉਮੀਦ ਕਰਦਾ ਹਾਂ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਕ ਕਿਰਪਾ ਕਰਨ ਇਹਨਾਂ ਦੀ ਹੋਸ਼ ਟਿਕਾਣੇ ਆ ਜਾਵੇ ਅਤੇ ਇਹ ਆਪਣਾ ਰਾਜ ਲੈ ਆਉਣ ਡਾਕਟਰ ਜਗਜੀਵਨ ਸਿੰਘ ਸਾਬਕਾ ਜਿਲ੍ਹਾ ਸਿਹਤ ਅਫਸਰ ਪਿੰਡ ਸ਼ੇਰਪੁਰ ਤਹਿਸੀਲ ਧੂਰੀ ਜਿਲਾ ਸੰਗਰੂਰ ਪੰਜਾਬ

# ਸਰਕਾਰੀ ਐਲੀਮੈਂਟਰੀ ਸਕੂਲ ਸਿੱਧੂਵਾਲ ਪੀ.ਟੀ.ਐਮ ਸਮੇਂ ਪਹੁੰਚੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਪਟਿਆਲਾ- ਅੱਜ ਮਾਨਯੋਗ ਜਿਲ੍ਹਾ ਸਿੱਖਿਆ ਅਫਸਰ, ਐਲੀਮੈਂਟਰੀ ਪਟਿਆਲਾ ਸ੍ਰੀਮਤੀ ਸ਼ਾਲੂ ਮਹਿਰਾ ਜੀ ਦੁਆਰਾ ਕਲਸਟਰ ਬਖਸ਼ੀਵਾਲ ਦਾ ਸਰਕਾਰੀ ਐਲੀਮੈਂਟਰੀ ਸਕੂਲ ਸਿੱਧੂਵਾਲ ਵਿਜਿਟ ਕੀਤਾ, ਮਾਪੇ ਅਧਿਆਪਕ



ਮਿਲਣੀ ਦੌਰਾਨ ਉਹਨਾਂ ਦੁਆਰਾ ਮਾਪਿਆਂ ਨੂੰ ਛੁੱਟੀਆਂ ਦਾ ਕੰਮ, ਜੁਲਾਈ ਮਹੀਨੇ ਹੋਣ ਵਾਲੀ ਪ੍ਰੀਖਿਆ, ਸਿਹਤ ਸੰਭਾਲ, ਬੱਚਿਆਂ ਨਾਲ ਸਮਾਂ ਗੁਜ਼ਾਰਨਾ, ਰੁੱਖ ਲਗਾਉਣਾ ਅਤੇ ਉਹਨਾਂ ਦੀ ਸਾਂਭ ਸੰਭਾਲ ਕਰਨਾ, ਇਲੈਕਟਰੋਨਿਕ ਗੈਜੇਟ ਦੀ ਸਾਰਥਕ ਵਰਤੋਂ ਕਰਨ ਬਾਰੇ ਵਿਚਾਰ ਸਾਂਝੇ ਕੀਤੇ ਗਏ, ਸਕੂਲ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਲਈ ਮਾਪਿਆਂ ਤੋਂ ਸੁਝਾਅ ਲਏ ਗਏ । ਸੀ.ਐਚ.ਟੀ ਹਰਵਿੰਦਰ ਸਿੰਘ ਵੱਲੋਂ ਉਹਨਾਂ ਦਾ ਧੰਨਵਾਦ ਕੀਤਾ ਗਿਆ, ਇਸ ਮੌਕੇ ਸਕੂਲ ਸਟਾਫ ਨਿਰਲੇਪ ਕੌਰ (ਸਕੂਲ ਮੁਖੀ) ਸੁਖਦੀਪ ਕੌਰ, ਮਨਮੀਤ ਕੌਰ, ਮਲਕੀਤ ਕੌਰ ਅਤੇ ਮਮਤਾ ਸ਼ਰਮਾ ਹਾਜ਼ਰ ਹਨ।

# ਹੰਗਾਮੀ ਹਾਲਾਤ ਦੌਰਾਨ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ ਦਾ ਹੋਇਆ ਸਨਮਾਨ

## ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਨੇ ਕੀਤਾ ਸਨਮਾਨਿਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)

ਦੇਸ਼ ਦੀ ਸਰਹੱਦ 'ਤੇ ਪੈਦਾ ਹੋਏ ਤਣਾਅਪੂਰਨ ਹਾਲਾਤ ਅਤੇ ਜੰਗ ਵਰਗੇ ਮਾਹੌਲ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦੇਣ ਲਈ ਅੱਜ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਨੇ ਬੇਹੱਦ ਸੰਕਟ ਦੀ ਘੜੀ ਵਿਚ ਮਿਸਾਲੀ ਸੇਵਾ ਭਾਵਨਾ ਅਤੇ ਦੇਸ਼ ਭਗਤੀ ਦਾ ਪ੍ਰਦਰਸ਼ਨ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਦੋਂ ਸਰਹੱਦ 'ਤੇ ਤਣਾਅ ਵਧਿਆ ਅਤੇ ਸਥਿਤੀ



ਗੰਭੀਰ ਹੋ ਗਈ, ਤਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਆਪਣੀਆਂ ਜਾਨਾਂ ਦੀ ਪਰਵਾਹ ਕੀਤੇ ਬਿਨਾਂ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤ ਵਿਚ ਜਿਸ ਤਰ੍ਹਾਂ ਦਾ ਸਬਰ, ਹਿੰਮਤ ਅਤੇ ਚੌਕਸੀ ਦਿਖਾਈ ਗਈ ਹੈ, ਉਹ ਸ਼ਲਾਘਾਯੋਗ ਹੈ ਅਤੇ ਇਹ ਸਮਰਪਿਤ ਅਧਿਕਾਰੀ ਪ੍ਰਸ਼ਾਸਨ ਦੀ ਰੀੜ੍ਹ ਦੀ ਹੱਡੀ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਸਬ-ਡਵੀਜ਼ਨ, ਕਲੱਸਟਰ, ਪਿੰਡ ਅਤੇ ਵਾਰਡ ਪੱਧਰ ਤੱਕ ਪ੍ਰਸ਼ਾਸਕੀ ਨੈੱਟਵਰਕ ਨੂੰ ਸਰਗਰਮ ਕੀਤਾ ਗਿਆ ਹੈ ਅਤੇ ਵਿਸ਼ੇਸ਼ ਆਫ਼ਤ ਪ੍ਰਬੰਧਨ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿਚ ਲੋਕਾਂ ਨੂੰ ਜ਼ਰੂਰੀ ਸੇਵਾਵਾਂ ਤੁਰੰਤ ਉਪਲਬੱਧ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਸਾਡੇ ਅਧਿਕਾਰੀ ਹਰ ਚੁਣੌਤੀ ਲਈ ਤਿਆਰ ਹਨ ਅਤੇ ਪੂਰੀ ਤਨਦੇਹੀ ਨਾਲ ਆਪਣੇ ਫਰਜ਼ ਨਿਭਾਉਂਦੇ ਹਨ। ਡਿਪਟੀ ਕਮਿਸ਼ਨਰ ਨੇ ਸਾਰੇ ਅਧਿਕਾਰੀਆਂ ਨੂੰ ਭਵਿੱਖ ਵਿਚ ਵੀ ਇਸੇ ਉਤਸ਼ਾਹ, ਸਮਰਪਣ ਅਤੇ ਜਾਗਰੂਕਤਾ ਨਾਲ ਕੰਮ ਕਰਦੇ ਰਹਿਣ ਦੀ ਅਪੀਲ ਕੀਤੀ। ਇਸ ਸਨਮਾਨ ਸਮਾਰੋਹ ਦੌਰਾਨ ਸਨਮਾਨਿਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਯੋਗ ਅਗਵਾਈ ਅਤੇ ਸਕਾਰਾਤਮਕ ਊਰਜਾ ਸਦਕਾ ਪੂਰੇ ਜ਼ਿਲ੍ਹੇ ਵਿਚ ਸੰਕਟ ਦੀ ਸਥਿਤੀ ਨੂੰ ਸੰਗਠਿਤ ਢੰਗ ਨਾਲ ਸੰਭਾਲਿਆ ਜਾ ਸਕਿਆ ਹੈ। ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਹੋਰ ਵੀ ਵਧੀਆ ਕੰਮ ਕਰਨ ਲਈ ਪ੍ਰੇਰਿਤ ਕਰੇਗਾ ਅਤੇ ਇਹ ਪਲ ਹਮੇਸ਼ਾ ਉਨ੍ਹਾਂ ਦੀ ਜ਼ਿੰਦਗੀ ਦੀਆਂ ਯਾਦਾਂ ਵਿਚ ਉੱਕਰਿਆ ਰਹੇਗਾ। ਅਧਿਕਾਰੀਆਂ ਨੇ ਇਹ ਵੀ ਕਿਹਾ ਕਿ ਅਜਿਹੇ ਪ੍ਰੋਗਰਾਮ ਨਾ ਸਿਰਫ਼ ਮਨੋਬਲ ਵਧਾਉਂਦੇ ਹਨ ਬਲਕਿ ਪ੍ਰਸ਼ਾਸਨਿਕ ਸੇਵਾਵਾਂ ਦੀ ਮਹੱਤਤਾ ਨੂੰ ਵੀ ਰੇਖਾਂਕਿਤ ਕਰਦੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਓਇਸ਼ੀ ਮੰਡਲ, ਐਸ.ਪੀ ਨਵਨੀਤ ਕੌਰ ਗਿੱਲ, ਆਰ.ਟੀ.ਓ ਸੰਜੀਵ ਕੁਮਾਰ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਮੁੱਖ ਮੰਤਰੀ ਫੀਲਡ ਅਫ਼ਸਰ-ਕਮ-ਐਸ.ਡੀ.ਐਮ ਟਾਂਡਾ ਪਰਮਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

# ਨਕਲੀ ਤੇ ਜ਼ਹਿਰੀਲੀ ਸ਼ਰਾਬ ਦੀ ਰੋਕਥਾਮ ਲਈ ਬੋਤਲਾਂ ਨਸ਼ਟ ਕਰਨੀਆਂ ਜਰੂਰੀ - ਜਸਵਿੰਦਰ ਜੀਤ ਸਿੰਘ ਬੇਦੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)

ਪੰਜਾਬ ਸਰਕਾਰ ਵੱਲੋਂ ਗੈਰ ਕਾਨੂੰਨੀ ਅਤੇ ਜ਼ਹਿਰੀਲੀ ਸ਼ਰਾਬ ਦੀ ਰੋਕਥਾਮ ਲਈ ਚੁੱਕੇ ਜਾ ਰਹੇ ਕਦਮਾਂ ਤਹਿਤ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਨੇ ਜ਼ਿਲ੍ਹੇ ਦੇ ਮੈਰਿਜ ਪੈਲੇਸਾਂ, ਰੈਸਟੋਰੈਟਾਂ, ਹੋਟਲਾਂ ਅਤੇ ਬਾਰ ਮਾਲਕਾਂ ਨੂੰ ਸ਼ਰਾਬ ਪਰੋਸਣ ਅਤੇ ਪੀਣ ਤੋਂ ਬਾਅਦ ਖਾਲੀ ਬੋਤਲਾਂ ਨੂੰ ਤੁਰੰਤ ਨਸ਼ਟ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਨ੍ਹਾਂ ਬੋਤਲਾਂ ਦੀ ਦੁਰਵਰਤੋਂ ਨਾ ਹੋ ਸਕੇ। ਆਬਕਾਰੀ ਵਿਭਾਗ ਦੀ ਜਲੰਧਰ ਰੇਂਜ 1 ਦੇ ਸਹਾਇਕ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਆਬਕਾਰੀ ਅਫਸਰ ਜਸਵਿੰਦਰ ਜੀਤ ਸਿੰਘ ਬੇਦੀ ਦੀ ਅਗਵਾਈ



ਸਥਾਨਕ ਆਬਕਾਰੀ ਦਫ਼ਤਰ ਵਿਖੇ ਮੈਰਿਜ ਪੈਲੇਸਾਂ, ਰੈਸਟੋਰੈਟਾਂ, ਹੋਟਲਾਂ ਅਤੇ ਬਾਰ ਮਾਲਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਆਬਕਾਰੀ ਅਫਸਰ ਜਸਵਿੰਦਰ ਜੀਤ ਸਿੰਘ ਬੇਦੀ ਨੇ ਹੋਟਲ, ਬਾਰ ਅਤੇ ਰੈਸਟੋਰੈਂਟ ਮਾਲਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਰਤੋਂ ਤੋਂ ਬਾਅਦ ਸ਼ਰਾਬ ਦੀਆਂ ਖਾਲੀ ਬੋਤਲਾਂ ਨੂੰ ਆਬਕਾਰੀ ਨਿਰੀਖਕ ਸੰਬੰਧਤ ਸਰਕਲ ਦੀ ਹਾਜ਼ਰੀ ਵਿੱਚ ਨਸ਼ਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਬਹੁਤ ਜਰੂਰੀ ਕਾਰਵਾਈ ਹੈ ਜਿਸ ਨੂੰ ਹਰ ਹਾਲ ਯਕੀਨੀ ਬਣਾਇਆ ਜਾਵੇ ਤਾਂ ਜੋ ਇਨ੍ਹਾਂ ਬੋਤਲਾਂ ਦੀ ਵਰਤੋਂ ਨਕਲੀ ਅਤੇ ਸਸਤੀ ਸ਼ਰਾਬ ਭਰਨ ਲਈ ਨਾ ਕੀਤੀ ਜਾ ਸਕੇ । ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਅਜਿਹੇ ਅਨਸਰ ਸਰਗਰਮ ਰਹਿੰਦੇ ਹਨ ਜੋ ਅਜਿਹੀਆਂ ਬੋਤਲਾਂ ਵਿੱਚ ਜਹਰੀਲੀ ਸ਼ਰਾਬ ਭਰ ਕੇ ਪੇਂਡੂ ਖੇਤਰਾਂ ਦੇ ਮਾਸੂਮ ਮਜ਼ਦੂਰਾਂ ਅਤੇ ਗਰੀਬ ਲੋਕਾਂ ਨੂੰ ਮਹਿੰਗੀ ਸ਼ਰਾਬ ਸਸਤੇ ਭਾਅ 'ਤੇ ਵੇਚਣ ਦਾ ਲਾਲਚ ਦੇ ਕੇ ਵੇਚਦੇ ਹਨ । ਉਨ੍ਹਾਂ ਕਿਹਾ ਕਿ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਮਨੁੱਖੀ ਸਿਹਤ ਅਤੇ ਜਾਨੀ ਨੁਕਸਾਨ ਨੂੰ ਅੰਜਾਮ ਦਿੰਦਿਆਂ ਹਨ ਜਿਨ੍ਹਾਂ ਨੂੰ ਰੋਕਣ ਲਈ ਸਾਰਿਆਂ ਦਾ ਸਹਿਯੋਗ ਜਰੂਰੀ ਹੈ । ਉਨ੍ਹਾਂ ਕਿਹਾ ਕਿ ਆਬਕਾਰੀ ਵਿਭਾਗ ਦੀਆਂ ਟੀਮਾਂ ਵੱਲੋਂ ਜ਼ਿਲੇ ਵਿਚ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਅਜਿਹੀ ਕਿਸੇ ਵੀ ਕਾਰਵਾਈ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਇਸ ਸੰਬੰਧੀ ਕਿਸੇ ਤਰ੍ਹਾਂ ਦੀ ਕੋਈ ਜਾਣਕਾਰੀ ਹੋਵੇ ਤਾਂ ਆਬਕਾਰੀ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਆਬਕਾਰੀ ਨਿਰੀਖਕ ਸੁਨੀਲ ਭਾਰਦਵਾਜ ਅਤੇ ਗੁਰਪ੍ਰੀਤ ਸਿੰਘ ਵੀ ਮੌਜੂਦ ਸਨ।

# ਇਹ ਮਿੱਟੀ ਤੇ ਉਹ ਮਿੱਟੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਸੁਬੇਗ ਸਿੰਘ,ਸੰਗਰੂਰ
93169 10402



ਅਕਸਰ ਲੋਕੀਂ ਇਹ ਗੱਲ ਕਹਿੰਦੇ,
ਮਰੇ ਬੰਦੇ ਨੂੰ ਮਿੱਟੀ ਕਹਿੰਦੇ।
ਪਰ ਇਸ ਮਿੱਟੀ ਤੇ ਉਸ ਮਿੱਟੀ ਵਿੱਚ,
ਲੋਕੋ !ਬਹੁਤ ਜ਼ਿਆਦਾ ਅੰਤਰ।
ਇਸ ਮਿੱਟੀ ਤੇ ਉਸ ਮਿੱਟੀ ਦੀ,
ਅੱਗੋਂ ਅੱਡ ਦੋਵਾਂ ਦੀ ਬਣਤਰ।
ਧਰਤੀ ਦੀ ਮਿੱਟੀ ਬੜੀ ਏ ਸੋਹਣੀ,
ਖੁਸ਼ਬੂਦਾਰ ਤੇ ਬੜੀ ਉਪਜਾਊ।
ਖਾਣ,ਪੀਣ,ਪਹਿਨਣ ਨੂੰ ਹੈ ਦਿੰਦੀ,
ਫਿਰ ਵੀ ਸੁਭਾਅ ਦੀ ਬੜੀ ਹੈ ਸਾਊ।
ਦੁਨੀਆਂ ਭਰ ਦਾ ਭਾਰ ਹੈ ਢੋਂਅਦੀ,
ਕੂੜ ਕਬਾੜ,ਗੰਦ ਮੰਦ ਨੂੰ ਸਹਿੰਦੀ।
ਐਨਾ ਜ਼ੁਲਮ ਸਹਿ ਕੇ ਵੀ ਇਹ,
ਧਰਤੀ ਮਾਂ ਤਾਂ ਕੁੱਝ ਨਾ ਕਹਿੰਦੀ।
ਪਰ ਬੰਦਿਆ !ਇਹ ਤੇਰੀ ਜੋ ਮਿੱਟੀ,
ਚਾਰੇਂ ਪਾਸੇ ਬਦਬੂ ਹੀ ਖਿਲਾਰੇ।
ਨਾ ਜਿਉਂਦੇ ਜੀਅ ਚੰਗਾ ਕੰਮ ਕੀਤਾ,
ਨਾ ਮਰਕੇ ਕਿਸੇ ਦਾ ਕੁੱਝ ਸੰਵਾਰੇ।
ਤੇਰੇ ਤਨ ਦੀ ਚੀਜ਼ ਕੋਈ ਵੀ,
ਬੰਦਿਆ !ਕਿਸੇ ਦੇ ਕੰਮ ਨਾ ਆਵੇ।
ਕੁਦਰਤ ਨਾਲ ਕਰੇਂ ਛੇੜਖਾਨੀਆਂ,
ਤੈਨੂੰ ਭੋਰਾ ਸ਼ਰਮ ਨਾ ਆਵੇ।
"ਹੈ''ਤੋਂ"ਸੀ''ਤਾਂ ਹੋਣ ਲੱਗਿਆਂ
ਬੰਦਿਆ !ਦੇਰ ਨਾ ਜ਼ਿਆਦਾ ਲੱਗੇ।
ਮਹਿਲ ਮੁਨਾਰੇ ਰਹਿ ਜਾਣੇ ਸੁੰਨੇ,
ਲੋਕਾਂ ਨੇ ਵੇਖੇ ਜ਼ਿੰਦਰੇ ਲੱਗੇ।
ਐਡਾ ਮਾਣ ਕਰੇਂ ਕਿਹੜੀ ਗੱਲ ਦਾ,
ਮਾਣ ਕਰੀਏ ਕੁੱਝ ਨੇਕੀ ਕਰਕੇ।
ਮੂਰਖਾ !ਸਭ ਕੁੱਝ ਏਥੇ ਰਹਿ ਜਾਣਾ,
ਕੌਣ ਲੈ ਗਿਆ ਝੋਲੀਆਂ ਭਰਕੇ !
ਕੌਣ ਲੈ ਗਿਆ ਝੋਲੀਆਂ ਭਰਕੇ.

# ਪੁਰਾਣੀ ਰੰਜਿਸ਼ ਕਾਰਨ ਗੋਲੀਬਾਰੀ ਕਰਕੇ ਨੌਜਵਾਨ ਦੀ ਹੱਤਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com

ਪੁਲਿਸ ਅਧਿਕਾਰੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਕੁਝ ਦਿਨ ਪਹਿਲਾਂ ਦੋਵਾਂ ਧਿਰਾਂ ਵਿਚਕਾਰ ਲੜਾਈ ਹੋਈ ਸੀ। ਇਸ ਤੋਂ ਬਾਅਦ, ਸੁਲ੍ਹਾ-ਸਫਾਈ ਲਈ ਵੇਰਕਾ ਦੇ ਇੱਕ ਢਾਬੇ 'ਤੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੌਰਾਨ ਫਿਰ ਵਿਵਾਦ ਹੋ ਗਿਆ। ਇੱਕ ਪਾਸੇ ਤੋਂ ਲਗਭਗ 15 ਨੌਜਵਾਨ ਹਥਿਆਰਾਂ ਨਾਲ ਲੈਸ ਹੋ ਕੇ ਆਏ ਅਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਨੇ ਦੱਸਿਆ ਕਿ ਉਸਦਾ ਆਪਣੇ ਭਤੀਜਿਆਂ ਨਾਲ ਝਗੜਾ ਚੱਲ ਰਿਹਾ ਸੀ। ਜਿਸਨੇ ਉਨ੍ਹਾਂ ਨੂੰ ਸੁਲ੍ਹਾ ਲਈ ਬੁਲਾਇਆ, ਪਰ ਉੱਥੇ ਗੋਲੀਬਾਰੀ ਕਰ ਦਿੱਤੀ।

ਪਰਿਵਾਰ ਨੇ ਪੁਲਿਸ ਤੋਂ ਇਨਸਾਫ਼ ਦੀ ਕੀਤੀ ਮੰਗ

ਗੋਲੀ ਲੱਗਣ ਕਾਰਨ ਕੁਲਦੀਪ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਕੁਲਦੀਪ 27 ਸਾਲਾਂ ਦਾ ਸੀ। ਪਰਿਵਾਰ ਨੇ ਪੁਲਿਸ ਤੋਂ ਇਨਸਾਫ਼ ਦੀ ਮੰਗ ਕੀਤੀ ਹੈ। ਏਸੀਪੀ ਸਤੀਸ਼ ਸਿੰਘ ਨੇ ਕਿਹਾ ਕਿ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਪੀੜਤ ਪਰਿਵਾਰ ਦੇ ਬਿਆਨ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ। ਪੁਲਿਸ ਪੂਰੇ ਇਲਾਕੇ ਦੀ ਜਾਂਚ ਕਰ ਰਹੀ ਹੈ ਅਤੇ ਜਲਦੀ ਹੀ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ।

# ਪਟਿਆਲਾ ਡਿੱਪੂ ਵਿੱਚ ਸੀਟੂ ਵਰਕਰਾਂ ਨਾਲ ਹੁੰਦੀਆਂ ਵਧੀਕੀਆਂ ਤੇ ਧੱਕੇਸ਼ਾਹੀਆ ਦੇ ਖਿਲਾਫ ਸੀਟੂ ਵੱਲੋਂ ਰੋਸ਼ ਰੈਲੀ; ਤਰਸੇਮ ਸਿੰਘ,ਰੋਹਟੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



31 ਮਈ 2025 (ਬੇਅੰਤ ਸਿੰਘ ਰੋਹਟੀ ਖਾਸ) ਨੂੰ ਪੀ.ਆਰ.ਟੀ.ਸੀ.ਸੀਟੂ ਦੇ ਮੁੱਖ ਦਫਤਰ,ਪਟਿਆਲਾ ਡਿੱਪੂ ਵਿੱਚ,ਸੀਟੂ ਵਰਕਰਾਂ ਨਾਲ ਹੁੰਦੀਆਂ ਵਧੀਕੀਆਂ ਤੇ ਹੋ ਰਹੀਆਂ ਧੱਕੇਸ਼ਾਹੀਆ ਦੇ ਸਬੰਧ ਵਿੱਚ,ਇੱਕ ਭਰਵੀਂ ਮੀਟਿੰਗ ਕੀਤੀ ਗਈ।ਸਭ ਤੋਂ ਪਹਿਲਾਂ ਮੀਟਿੰਗ ਵਿੱਚ,ਸ਼ਹੀਦਾਂ ਦੇ ਸਰਤਾਜ,ਪੰਜਵੇਂ ਪਾਤਸ਼ਾਹ,ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ,ਉਨ੍ਹਾਂ ਨੂੰ ਨਮਨ ਕੀਤਾ ਗਿਆ ਅਤੇ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਂਦਿਆਂ,ਇਹ ਪ੍ਰਣ ਕੀਤਾ ਗਿਆ,ਕਿ ਜ਼ੁਲਮ,ਧੱਕੇਸ਼ਾਹੀਆ ਅਤੇ ਤਾਨਾਸ਼ਾਹੀ ਦੇ ਅੱਗੇ ਕਦੇ ਵੀ ਨਹੀਂ ਝੁਕਣਾ ਚਾਹੀਦਾ ਅਤੇ ਸੱਚੇ ਮਨ ਨਾਲ,ਲੋਕਾਂ ਦੀ ਭਲਾਈ ਲਈ ਸੰਘਰਸ਼ ਕਰਨੇ ਚਾਹੀਦੇ ਹਨ। ਇਹਦੇ ਨਾਲ ਹੀ,ਸੀਟੂ ਦਾ 55 ਵਾਂ ਸਥਾਪਨਾ ਦਿਵਸ ਵੀ ਮਨਾਇਆ ਗਿਆ।ਸ੍ਰੀ ਸੁੱਚਾ ਸਿੰਘ ਸਰਪ੍ਰਸਤ ਅਤੇ ਸ੍ਰੀ ਇੰਦਰਪਾਲ ਸਿੰਘ ਪੂਨੇਵਾਲ ਜੀ ਨੇ,ਸੀਟੂ ਦੇ ਇਤਿਹਾਸ ਵਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਮੀਟਿੰਗ ਉਪਰੰਤ,ਪੀ. ਆਰ.ਟੀ. ਸੀ.ਪਟਿਆਲਾ ਡਿੱਪੂ ਦੇ ਗੇਟ ਤੇ,ਇੱਕ ਭਰਵੀਂ ਰੈਲੀ ਵੀ ਕੀਤੀ ਗਈ।ਇਸ ਸਮੇਂ,ਬੁਲਾਰਿਆਂ ਵੱਲੋਂ ਕਿਹਾ ਗਿਆ,ਕਿ ਪਟਿਆਲਾ ਡਿੱਪੂ ਵਿੱਚ ਸੀਟੂ ਦੇ ਵਰਕਰਾਂ ਨਾਲ ਵਧੀਕੀਆਂ ਅਤੇ ਉਨ੍ਹਾਂ ਦੀਆਂ ਬੇਵਜ੍ਹਾ ਡਿਊਟੀਆਂ ਕੱਟੀਆਂ ਜਾਂਦੀਆਂ ਹਨ,ਜਿਸਦਾ ਜਥੇਬੰਦੀ ਵੱਲੋਂ ਸਖ਼ਤ ਨੋਟਿਸ ਲਿਆ ਗਿਆ ਅਤੇ ਨਾਲ ਹੀ ਕਿਹਾ ਗਿਆ,ਕਿ ਜੇ ਇਹ ਵਤੀਰਾ ਬੰਦ ਨਾ ਕੀਤਾ ਗਿਆ,ਤਾਂ ਸੀਟੂ ਕੋਈ ਵੱਡਾ ਸੰਘਰਸ਼ ਵਿੱਢੇਗੀ।ਜਿਸਦੀ ਪੂਰੀ ਜ਼ਿੰਮੇਵਾਰੀ ਪੀ ਆਰ ਟੀ ਸੀ,ਮੈਨੇਜਮੈਂਟ ਦੀ ਹੋਵੇਗੀ।ਇਸ ਸਮੇਂ,ਪੰਜਾਬ ਸਰਕਾਰ ਤੋਂ ਵੀ ਇਹ ਮੰਗ ਕੀਤੀ ਗਈ,ਕਿ ਆਊਟ ਸੋਰਸਿੰਗ ਮੁਲਾਜ਼ਮਾਂ ਦੀ ਪੱਕੇ ਹੋਣ ਦੀ ਪਾਲਿਸੀ ਤੁਰੰਤ ਜਾਰੀ ਕੀਤੀ ਜਾਵੇ।ਪੀ ਆਰ ਟੀ ਸੀ ਵਿੱਚ,ਸਿੱਧੇ ਠੇਕੇ ਤੇ ਵਰਕਰਾਂ ਨੂੰ ਪੱਕਾ ਕੀਤਾ ਜਾਵੇ। ਮਾਣਯੋਗ ਸੁਪਰੀਮ ਕੋਰਟ ਦਾ ਫ਼ੈਸਲਾ,ਬਰਾਬਰ ਕੰਮ,ਬਰਾਬਰ ਤਨਖਾਹ ਲਾਗੂ ਕੀਤਾ ਜਾਵੇ। ਡਰਾਈਵਰਾਂ ਤੋਂ ਯਾਰਡ ਮਾਸਟਰ ਦੀ ਤਰੱਕੀ ਖੋਲ੍ਹੀ ਜਾਵੇ।ਤਨਖਾਹ ਵਿਚ ਇੱਕਸਾਰਤਾ ਲਿਆਂਦੀ ਜਾਵੇ। ਵਰਕਰਾਂ ਦੇ ਰਹਿੰਦੇ ਬਕਾਏ,ਤੁਰੰਤ ਦਿੱਤੇ ਜਾਣ। ਬਣਦੀਆਂ ਤਰੱਕੀਆਂ ਕੀਤੀਆਂ ਜਾਣ। ਤਨਖਾਹ ਅਤੇ ਪੈਨਸ਼ਨ,ਹਰ ਮਹੀਨੇ ਸਮੇਂ ਸਿਰ ਦੇਣਾ ਯਕੀਨੀ ਬਣਾਇਆ ਜਾਵੇ।ਪੀ ਆਰ ਟੀ ਸੀ ਵਿੱਚ ਆਪਣੀ ਮਾਲਕੀ ਵਾਲੀਆਂ 500 ਬੱਸਾਂ ਪਾਈਆਂ ਜਾਣ।ਪੰਜਾਬ ਸਰਕਾਰ ਵੱਲੋਂ,ਪੀ ਆਰ ਟੀ ਸੀ ਦਾ ਰਹਿੰਦਾ 700 ਕਰੋੜ ਰੁਪਿਆ ਤੁਰੰਤ ਜਾਰੀ ਕੀਤਾ ਜਾਵੇ।ਚੈਕਿੰਗ ਅਧਿਕਾਰੀਆਂ ਦੇ ਰਾਤਰੀ ਭੱਤੇ ਵਿੱਚ ਵਡੇਤਰੀ ਕੀਤੀ ਜਾਵੇ,ਤਾਂ ਜ਼ੋ ਰਾਤ ਨੂੰ ਠਹਿਰਨ ਸਮੇਂ ਕੋਈ ਦਿੱਕਤ ਨਾ ਆਵੇ।ਪੀ ਆਰ ਟੀ ਸੀ ਵਿੱਚ,ਡਿਊਟੀ ਕਰਦੇ, ਇੰਸਪੈਕਟਰਾਂ ਅਤੇ ਸਬ ਇੰਸਪੈਕਟਰਾਂ ਦਾ ਸਕੇਲ,ਪੰਜਾਬ ਪੁਲਿਸ ਮਹਿਕਮੇ ਦੇ ਬਰਾਬਰ ਕੀਤਾ ਜਾਵੇ।ਇਸ ਰੈਲੀ ਨੂੰ,ਕਿਸਾਨ ਆਗੂ ਧਰਮਪਾਲ ਸੀਲ ਅਤੇ ਰਮੇਸ਼ ਅਜ਼ਾਦ ਨੇ ਸੰਬੋਧਨ ਕਰਦਿਆਂ ਕਿਹਾ,ਕਿ ਜੇ ਮੈਨੇਜਮੈਂਟ ਵੱਲੋਂ ਸੀਟੂ ਵਰਕਰਾਂ ਨਾਲ ਵਤੀਰਾ ਜਲਦੀ ਹੀ ਸਹੀ ਨਾ ਹੋਇਆ,ਤਾਂ ਕਿਸਾਨ ਸਭਾ ਨੂੰ ਨਾਲ ਲੈ ਕੇ,ਵੱਡੇ ਰੋਸ਼ ਪ੍ਰਦਰਸਨ ਕੀਤੇ ਜਾਣਗੇ।ਇਸ ਰੈਲੀ ਵਿੱਚ,ਸਟੇਜ ਸੈਕਟਰੀ ਦੀ ਜ਼ਿੰਮੇਵਾਰੀ,ਸ੍ਰੀ ਸੁਨੀਲ ਕੁਮਾਰ ਸੀਟੂ ਆਗੂ ਨੇ ਬਾਖੂਬੀ ਨਿਭਾਈ ਅਤੇ ਵਿਸ਼ਵਾਸ ਦਿਵਾਇਆ,ਕਿ ਸੀਟੂ ਦੀਆਂ ਬਾਕੀ ਜਥੇਬੰਦੀਆਂ ਵੀ ਇਸ ਸੰਘਰਸ਼ ਚ,ਪੀ ਆਰ ਟੀ ਸੀ,ਵਰਕਰਾਂ ਦੇ ਨਾਲ ਖੜੀਆਂ ਹਨ।ਇਸ ਰੈਲੀ ਵਿੱਚ,ਸ੍ਰੀ ਗੁਰਸੇਵਕ ਸਿੰਘ ਇੰਸਪੈਕਟਰ,ਪਰਵਿੰਦਰ ਸਿੰਘ ਇੰਸਪੈਕਟਰ,ਗੁਰਦਰਸ਼ਨ ਸਿੰਘ ਖਾਸਪੁਰ ਕਿਸਾਨ ਆਗੂ ਅਤੇ ਸੀਟੂ ਦੇ ਭਾਰੀ ਗਿਣਤੀ ਚ ਵਰਕਰ ਵੀ ਸ਼ਾਮਲ ਹੋਏ।

# ਜੀ ਬੀ ਆਈ ਐੱਸ ਦੇ 10ਵੀਂ ਅਤੇ 12ਵੀਂ ਦੇ ਟਾੱਪਰਾਂ ਨੂੰ ‘ਆਈ ਸਕੂਲ ਅਕਾਦਮਿਕ ਚੈਂਪੀਅਨ’ ਦਾ ਮਿਲਿਆ ਖ਼ਿਤਾਬ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com




31ਮਈ (ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ) ‘ਆਈ ਸਕੂਲ’ ਨੇ ਧੂਰੀ ਦੇ ਸਵੈਨ ਬਰਡਜ਼ ਹੋਟਲ ਵਿਖੇ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਤਾਂ ਜੋ ਅਕਾਦਮਿਕ ਸੈਸ਼ਨ 2024-25 ਲਈ 10ਵੀਂ ਅਤੇ 12ਵੀਂ ਜਮਾਤ ਦੇ ਸੀ ਬੀ ਐਸ ਈ ਸਕੂਲ ਟਾਪਰਾਂ ਨੂੰ ਸਨਮਾਨਿਤ ਕੀਤਾ ਜਾ ਸਕੇ। ਸਨਮਾਨਿਤ ਹੋਣ ਵਾਲੇ ਵਿਦਿਆਰਥੀਆਂ ਵਿੱਚ ਜੀ ਬੀ ਆਈ ਐਸ ਦੀਆਂ ਹੁਸ਼ਿਆਰ ਵਿਦਿਆਰਥਣਾਂ ਬਵਨੀਤ ਕੌਰ ਢਿੱਲੋਂ (ਜਮਾਤ-10ਵੀਂ) ਅਤੇ ਹਰਨੂਰਪ੍ਰੀਤ ਕੌਰ ਖਟੜਾ (ਜਮਾਤ-12ਵੀਂ) ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਜੀ ਦੀ ਅਗਵਾਈ ਵਿੱਚ ਸ਼ਾਮਲ ਸਨ। ਇਸ ਮੌਕੇ ‘ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ ਪੰਜਾਬ ਦੇ ਮਾਣਯੋਗ ਪ੍ਰਧਾਨ, ਸ. ਜਗਜੀਤ ਸਿੰਘ ਧੂਰੀ ਨੇ ਆਪਣੀ ਹਾਜ਼ਰੀ ਨਾਲ ਇਸ ਮੌਕੇ ਦੀ ਸ਼ੋਭਾ ਵਧਾਈ। ਇਸ ਮਹੱਤਵਪੂਰਨ ਸਮਾਗਮ ਦੇ ਮੁੱਖ ਮਹਿਮਾਨ ਸ. ਦਿਲਪ੍ਰੀਤ ਸਿੰਘ, ਆਈ ਪੀ ਐਸ, ਸੰਗਰੂਰ ਨੇ ਵਿਦਿਆਰਥੀਆਂ ਨੂੰ ਇਨਾਮਾਂ ਅਤੇ ਪ੍ਰਸੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ। ਆਪਣੇ ਭਾਸ਼ਣ ਵਿੱਚ, ਸ. ਦਿਲਪ੍ਰੀਤ ਸਿੰਘ ਨੇ ਜੇਤੂਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਦ੍ਰਿੜਤਾ ਨਾਲ ਆਪਣੀਆਂ ਇੱਛਾਵਾਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। ਸੰਦੀਪ ਬਾਂਸਲ ਜੀ ਨੇ ਆਪਣੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣਾ ਚਾਹੀਦਾ ਹੈ ਅਤੇ ਸੁਰਖੀਆਂ ਵਿੱਚ ਬਣੇ ਰਹਿਣ ਲਈ ਸਫਲਤਾ ਦੇ ਸਿਧਾਂਤਾਂ ‘ਤੇ ਡਟੇ ਰਹਿਣਾ ਚਾਹੀਦਾ ਹੈ। ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਵਿਦਿਆਰਥਣਾਂ ਨੂੰ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਅੱਜ ਸਾਬਤ ਕਰ ਦਿੱਤਾ ਹੈ ਕਿ ਕੁਝ ਵੀ ਅਸੰਭਵ ਨਹੀਂ ਹੈ। ਉਨ੍ਹਾਂ ਦਾ ਸਮਰਪਣ ਅਤੇ ਵਚਨਬੱਧਤਾ ਬਾਕੀ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਹੈ।

# ਸਾਂਝੇ ਸੰਘਰਸ਼ ਨੂੰ ਤਾਰਪੀਡੋ ਕਰਨ ਲਈ ਸਰਕਾਰ ਦੇ ਇਸ਼ਾਰੇ ‘ਤੇ ਪੁਲਸ ਨੇ ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਤਰਸੇਮ ਪੀਟਰ ਨੂੰ ਕੀਤਾ ਗ੍ਰਿਫ਼ਤਾਰ, ਸਾਂਝੇ ਮਜ਼ਦੂਰ ਮੋਰਚੇ ਵਲੋਂ ਨਿੰਦਾ

## ਸਾਂਝਾ ਮਜ਼ਦੂਰ ਮੋਰਚਾ ਵਲੋਂ ਜ਼ਬਰ ਖਿਲਾਫ਼ 2 ਜੂਨ ਨੂੰ ਜ਼ਿਲ੍ਹਾ ਕੇਂਦਰਾਂ ‘ਤੇ ਹੋਣਗੇ ਮੁਜ਼ਾਹਰੇ, ਤਿਆਰੀਆਂ ਮੁਕੰਮਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



31 ਮਈ,(ਬੇਅੰਤ ਸਿੰਘ ਰੋਹਟੀ ਖਾਸ)

ਸਾਂਝਾ ਮਜ਼ਦੂਰ ਮੋਰਚਾ ਪੰਜਾਬ ਨੇ ਮੋਰਚੇ ਵਲੋਂ ਹੱਕਾਂ ਲਈ ਉੱਠਣ ਵਾਲੀ ਆਵਾਜ਼ ਤੋਂ ਮੁਕਤ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਜ਼ਬਰ ਅਤੇ ਬੀੜ ਐਸਵਾਨ ਮਾਮਲੇ ਸਮੇਤ ਗ੍ਰਿਫ਼ਤਾਰ ਕੀਤੇ ਆਗੂਆਂ,ਮਜ਼ਦੂਰਾਂ ਨੂੰ ਬਿਨ੍ਹਾਂ ਸ਼ਰਤ ਰਿਹਾਅ ਕਰਨ ਆਦਿ ਲਈ 2 ਜੂਨ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾਣ ਵਾਲੇ ਮੁਜ਼ਾਹਰਿਆਂ ਨੂੰ ਤਾਰਪੀਡੋ ਕਰਨ ਲਈ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ ਉੱਤੇ ਸਾਂਝਾ ਮਜ਼ਦੂਰ ਮੋਰਚਾ ਦੇ ਪ੍ਰਮੁੱਖ ਆਗੂ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ ਨੂੰ ਜਲੰਧਰ ਦਿਹਾਤੀ ਦੀ ਮਹਿਤਪੁਰ ਪੁਲਿਸ ਵਲੋਂ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

ਸੰਘਰਸ਼ਸ਼ੀਲ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝਾ ਮਜ਼ਦੂਰ ਮੋਰਚਾ ਪੰਜਾਬ ਦੇ ਪ੍ਰਮੁੱਖ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਕਸ਼ਮੀਰ ਸਿੰਘ ਘੁੱਗਸ਼ੋਰ, ਦਿਹਾਤੀ ਮਜ਼ਦੂਰ ਸਭਾ ਦੇ ਦਰਸ਼ਨ ਨਾਹਰ, ਪੰਜਾਬ ਖੇਤ ਮਜ਼ਦੂਰ ਸਭਾ ਦੀ ਦੇਵੀ ਕੁਮਾਰੀ ਸਰਹਾਲੀ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਕੁਲਵੰਤ ਸਿੰਘ ਸੇਲਬਰਾਹ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਗੁਰਪ੍ਰੀਤ ਸਿੰਘ ਰੂੜੇਕੇ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੁਕੇਸ਼ ਮਲੌਦ ਨੇ ਜਾਰੀ ਬਿਆਨ ਰਾਹੀਂ ਕਿਹਾ ਕਿ 2 ਜੂਨ ਦੇ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾ ਰਹੇ ਮੁਜ਼ਾਹਰਿਆਂ ਦੀ ਤਿਆਰੀ ਮੁਕੰਮਲ ਹੋ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ ਨੂੰ, ਬੇ-ਮਾਲਕ ਬੇਨਾਮੀ ਅਤੇ ਜ਼ਮੀਨ ਹੱਦਬੰਦੀ ਕਾਨੂੰਨ ਤੋਂ ਵਾਧੂ ਜ਼ਮੀਨ ਦੀ ਵੰਡ ਕਰਨ ਦੇ ਉੱਭਰੇ ਸਵਾਲ ਤੋਂ ਬੁਖਲਾਹਟ ਵਿੱਚ ਹਨ। ਉਨ੍ਹਾਂ ਕਿਹਾ ਕਿ ਮੱਘਦਾ ਰਹੀਂ ਵੇ ਸੂਰਜਾ, ਕੰਮੀਆਂ ਦੇ ਵਿਹੜੇ ਵਾਲਾ ਗੀਤ ਗਾਉਣ ਵਾਲਾ ਮੁੱਖ ਮੰਤਰੀ ਆਪਣੀ ਪੁਲਿਸ ਫੋਰਸ ਦੀ ਦਹਿਸ਼ਤ ਕੰਮੀਆਂ ਦੇ ਵਿਹੜਿਆਂ ਵਿੱਚ ਵਰਤਾਅ ਰਿਹਾ ਹੈ।

ਉਨ੍ਹਾਂ ਕਿਹਾ ਕਿ 20 ਮਈ ਨੂੰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਹਜ਼ਾਰਾਂ ਬੇਜ਼ਮੀਨੇ ਔਰਤਾਂ ਮਰਦਾਂ ਨੇ ਬੱਚਿਆਂ ਤੇ ਬਜ਼ੁਰਗ ਮਜ਼ਦੂਰਾਂ ਨੇ ਜੀਂਦ ਦੇ ਰਾਜੇ ਦੀ ਜ਼ਮੀਨ ‘ਤੇ ਹੱਕ ਜਤਾਈ ਲਈ ਸੰਘਰਸ਼ ਕੀਤਾ ਪਰ ਪੰਜਾਬ ਸਰਕਾਰ ਨੇ ਇਸ ਮਸਲੇ ਦਾ ਹੱਲ ਕਰਨ ਦੀ ਬਜਾਏ ਸੈਂਕੜੇ ਦਲਿਤ ਔਰਤਾਂ ਮਰਦ ਬਜ਼ੁਰਗ ਬੱਚਿਆਂ ਨੂੰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਬੰਦ ਕਰ ਦਿੱਤਾ। ਜਿਸ ਦੇ ਵਿਰੋਧ ਵਿੱਚ ਪੰਜਾਬ ਦੀਆਂ ਸਮੂਹ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਲੋਂ ਸੂਬਾ ਸਰਕਾਰ ਵਲੋਂ ਕੀਤਾ ਜਾ ਰਿਹਾ ਜ਼ਬਰ ਦੇ ਖਿਲਾਫ਼ 2 ਜੂਨ ਨੂੰ ਪੂਰੇ ਪੰਜਾਬ ਵਿੱਚ ਮੁਜ਼ਾਹਰੇ ਕੀਤੇ ਜਾਣਗੇ। ਪੰਜਾਬ ਦੀ ਭਗਵੰਤ ਮਾਨ ਹਕੂਮਤ ਇਹਨਾਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਬਜਾਏ ਹੱਕੀ ਸੰਘਰਸ਼ ਨੂੰ ਦਬਾਉਣ ਲਈ ਪੁਲਿਸ ਡੰਡੇ ਦੇ ਬਲ ਦਾ ਪ੍ਰਯੋਗ ਕਰ ਰਹੀ ਹੈ, ਜਿਸ ਤਹਿਤ ਅੱਜ ਸਵੇਰੇ 5 ਵਜੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਸ੍ਰੀ ਤਰਸੇਮ ਪੀਟਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਵਲੋਂ 2 ਜੂਨ ਦੇ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾ ਰਹੇ ਮੁਜ਼ਾਹਰਿਆਂ ਨੂੰ ਸਫ਼ਲ ਬਣਾਉਣ ਦਾ ਸੱਦਾ ਦਿੱਤਾ ਹੈ।

# ਐਮਰਜੈਂਸੀ ਨਾਲ ਨਜਿੱਠਣ ਲਈ ਕਰਵਾਈ ਜ਼ਿਲ੍ਹਾ ਪੱਧਰੀ ਮੌਕ ਡਰਿੱਲ

## ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਦਸੂਹਾ ਕੈਂਟ ਗਰਾਊਂਡ ਵਿਚ ਹੋਇਆ ਅਭਿਆਸ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 31 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ’ਤੇ ਜ਼ਿਲ੍ਹਾ ਵਾਸੀਆਂ ਨੂੰ ਐਮਰਜੈਂਸੀ ਸਥਿਤੀ ਵਿਚ ਸੁਰੱਖਿਆ ਅਤੇ ਬਚਾਅ ਪ੍ਰਤੀ ਜਾਗਰੂਕ ਕਰਨ ਅਤੇ ਪ੍ਰਸ਼ਾਸਨਿਕ ਤਿਆਰੀਆਂ ਦੀ ਜਾਂਚ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਅੱਜ ਦਸੂਹਾ ਦੇ ਕੈਂਟ ਗਰਾਊਂਡ ਵਿੱਚ ਇਕ ਜ਼ਿਲ੍ਹਾ ਪੱਧਰੀ ਮੌਕ ਡਰਿੱਲ ਦਾ ਆਯੋਜਨ ਕੀਤਾ ਗਿਆ। ਡਰਿੱਲ ਦੇ ਦ੍ਰਿਸ਼ ਅਨੁਸਾਰ, ਇਕ ਮਿਲਟਰੀ ਸਟੇਸ਼ਨ ’ਤੇ ਦੁਸ਼ਮਣ ਦੇ ਡਰੋਨਾਂ ਦੇ ਝੁੰਡ ਵੱਲੋਂ ਹਮਲਾ ਕੀਤਾ ਗਿਆ, ਜਿਸ ਤੋਂ ਬਾਅਦ ਸਟੇਸ਼ਨ ਕਮਾਂਡਰ ਨੇ ਸਿਵਲ ਪ੍ਰਸ਼ਾਸਨ ਤੋਂ ਮਦਦ ਮੰਗੀ। ਇਸ ਦੇ ਤਹਿਤ ਮੌਕੇ ’ਤੇ ਪਹੁੰਚੇ ਪ੍ਰਸ਼ਾਸਨ ਨੇ 20 ਪੀੜਤਾਂ ਨੂੰ ਸੁਰੱਖਿਅਤ ਸਥਾਨ ’ਤੇ ਪਹੁੰਚਾਉਣ ਦਾ ਅਭਿਆਸ ਕੀਤਾ। ਡਰਿੱਲ ਦੇ ਸਮਾਪਤੀ ’ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਅਭਿਆਸ ਸਰਕਾਰ ਦੀ ਚੌਕਸੀ ਨੀਤੀ ਦੇ ਤਹਿਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਜਾਂ ਐਮਰਜੈਂਸੀ ਸਥਿਤੀ ਵਿਚ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਜਕੁਸ਼ਲਤਾ ਅਤੇ ਤਾਲਮੇਲ ਦੀ ਜਾਂਚ ਕੀਤੀ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇਕ ਮਾਡਲ ਅਭਿਆਸ ਪ੍ਰਕਿਰਿਆ ਸੀ, ਜਿਸ ਕਾਰਨ ਆਮ ਜਨਤਾ ਨੂੰ ਡਰਨ ਜਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਮੌਕ ਡਰਿੱਲ ਦਾ ਮੁੱਖ ਮਕਸਦ ਜ਼ਿਲ੍ਹਾ ਵਾਸੀਆਂ ਨੂੰ ਅਜਿਹੀਆਂ ਸਥਿਤੀਆਂ ਨਾਲ ਨਜਿੱਠਣ ਲਈ ਮਾਨਸਿਕ ਤੌਰ ’ਤੇ ਤਿਆਰ ਕਰਨਾ ਹੈ। ਨਾਲ ਹੀ, ਉਨ੍ਹਾਂ ਨੌਜਵਾਨਾਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਜਾਗਰੂਕਤਾ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕ ਡਰਿੱਲ ਵਿੱਚ ਸਿਵਲ ਡਿਫੈਂਸ, ਫਾਇਰ ਬ੍ਰਿਗੇਡ, ਸਿਹਤ ਟੀਮਾਂ, 12 ਪੰਜਾਬ ਐਨ.ਸੀ.ਸੀ., ਐਨ.ਐਸ.ਐਸ. ਪੁਲਿਸ ਅਤੇ ਹੋਮ ਗਾਰਡ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਅਭਿਆਸ ਦੌਰਾਨ ਆਪਸੀ ਤਾਲਮੇਲ ਅਤੇ ਤੁਰੰਤ ਪ੍ਰਤੀਕਿਰਿਆ ਸਮਰੱਥਾ ਦੀ ਵੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ। ਐਸ.ਡੀ.ਐਮ. ਦਸੂਹਾ ਕੰਵਲਜੀਤ ਸਿੰਘ ਨੇ ਮੌਕ ਡਰਿੱਲ ਦਾ ਸੰਚਾਲਨ ਕੀਤਾ ਅਤੇ ਪੰਜਾਬ ਪੁਲਿਸ, ਹੋਮ ਗਾਰਡ, ਸਿਵਲ ਡਿਫੈਂਸ, ਸਿਵਲ ਸਰਜਨ ਅਤੇ ਫਾਇਰ ਬ੍ਰਿਗੇਡ ਨਾਲ ਮਿਲ ਕੇ ਇਸ ਅਭਿਆਸ ਨੂੰ ਸਫਲਤਾਪੂਰਵਕ ਸੰਪਨ ਕਰਵਾਇਆ। ਡਰਿੱਲ ਦੌਰਾਨ ਆਮ ਨਾਗਰਿਕਾਂ ਦੀ ਮੌਜੂਦਗੀ ਵੀ ਰਹੀ, ਜਿਨ੍ਹਾਂ ਵਿਚੋਂ ਕਈ ਲੋਕਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਪ੍ਰਸ਼ਾਸਨ ਦੇ ਯਤਨਾਂ ਦੀ ਪ੍ਰਸੰਸਾ ਕੀਤੀ। ਪ੍ਰਸ਼ਾਸਨ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿਚ ਵੀ ਅਜਿਹੇ ਅਭਿਆਸ ਜਾਰੀ ਰਹਿਣਗੇ ਤਾਂ ਜੋ ਜ਼ਿਲ੍ਹੇ ਨੂੰ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਹੋਰ ਵੀ ਸਮਰੱਥ ਬਣਾਇਆ ਜਾ ਸਕੇ।।




# ਸਰਕਾਰੀ ਸਕੂਲਾਂ ਦੀ ਮਾਪੇ ਅਧਿਆਪਕ ਮਿਲਣੀ ਵਿੱਚ ਵੱਡੇ ਉਤਸ਼ਾਹ ਨਾਲ ਸ਼ਿਰਕਤ -ਡੀਈਓ ਐਲੀਮੈਂਟਰੀ

## ਗਰਮੀ ਦੀਆਂ ਛੁੱਟੀਆਂ ਤੋਂ ਪਹਿਲਾਂ ਹੋਈਆਂ ਸਕੂਲਾਂ ਵਿੱਚ ਮਾਪਿਆਂ ਨਾਲ ਵਿਚਾਰਾਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ INTERNATIONAL PAPER, 94636 01616 hardipchumber57@gmail.com

ਮੁਹਾਲੀ ਮਿਤੀ 31 ਮਈ () ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ, ਸਿੱਖਿਆ ਮੰਤਰੀ ਪੰਜਾਬ ਸ਼੍ਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ, ਸਕੂਲ ਸਿੱਖਿਆ ਵਿਭਾਗ ਪੰਜਾਬ ਅਤੇ ਐੱਸ ਸੀ ਈ ਆਰ ਟੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਇੱਥੇ ਜ਼ਿਲ੍ਹਾ ਮੋਹਾਲੀ ਦੇ ਸਮੂਹ 438 ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ 'ਮਾਪੇ ਅਧਿਆਪਕ ਮਿਲਣੀ' ਹੋਈ। ਜਾਣਕਾਰੀ ਦਿੰਦਿਆਂ ਡਿਪਟੀ ਡੀਈਓ ਐਲੀਮੈਂਟਰੀ ਪਰਮਿੰਦਰ ਕੌਰ ਨੇ ਦੱਸਿਆ ਕਿ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਡੀਈਓ





ਐਲੀਮੈਂਟਰੀ ਦਰਸ਼ਨਜੀਤ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਮਾਪਿਆਂ ਦੁਆਰਾ ਵੱਡੇ ਉਤਸ਼ਾਹ ਨਾਲ ਸ਼ਿਰਕਤ ਕੀਤੀ ਗਈ। ਡੀਈਓ ਐਲੀਮੈਂਟਰੀ ਵੱਲੋਂ ਦੱਸਿਆ ਗਿਆ ਕਿ ਇਹ ਮੀਟਿੰਗ ਬੱਚਿਆਂ ਨੂੰ ਹੋ ਰਹੀਆਂ ਗਰਮੀ ਦੀਆਂ ਛੁੱਟੀਆਂ ਤੋਂ ਇੱਕ ਦਿਨ ਪਹਿਲਾਂ ਹੋ ਰਹੀ ਹੈ,ਜਿਸ ਵਿੱਚ ਮਾਪਿਆਂ ਨੂੰ ਬੱਚਿਆਂ ਦੇ ਛੁੱਟੀਆਂ ਦੇ ਕੰਮ ਬਾਰੇ,ਮਿਸ਼ਨ ਸਮਰੱਥ 3.0, ਮਿਸ਼ਨ ਅਰੰਭ (ਪ੍ਰੀ-ਪ੍ਰਾਇਮਰੀ ਜਮਾਤਾਂ) ਬੱਚਿਆਂ ਨੂੰ ਗਰਮੀ ਤੋਂ ਬਚਾਅ ਲਈ ਅਤੇ ਹੋਰਨਾਂ ਜ਼ਰੂਰੀ ਹਦਾਇਤਾਂ ਲਈ ਸਕੂਲ ਮੁਖੀਆਂ ਦੀ ਅਗਵਾਈ ਵਿੱਚ ਸਮੂਹ ਸਟਾਫ਼ ਨੇ ਆਪਣੇ ਵਿਚਾਰ ਪੇਸ਼ ਕੀਤੇ। ਬੱਚਿਆਂ ਨੂੰ ਲਾਇਬ੍ਰੇਰੀ ਦੀਆਂ ਕਿਤਾਬਾਂ ਵੀ ਵੰਡੀਆਂ ਗਈਆਂ ਤਾਂ ਕਿ ਉਹ ਇਹਨਾਂ ਦਾ ਲਾਹਾ ਲੈ ਸਕਣ। ਇਸ ਮੌਕੇ ਕੌਮਾਂਤਰੀ ਪੱਧਰ ਤੇ ਤੰਬਾਕੂ ਵਿਰੋਧੀ ਦਿਵਸ ਸੰਬੰਧੀ ਪ੍ਰੋਗਰਾਮ ਕਰਵਾਇਆ ਗਿਆ। ਆਉਣ ਵਾਲੀ ਵਿਸ਼ਵ ਵਾਤਾਵਰਣ ਦਿਵਸ ਨੂੰ ਸਮਰਪਿਤ ਸਕੂਲਾਂ ਵਿੱਚ ਵਾਤਾਵਰਣ ਨੂੰ ਬਚਾਉਣ ਲਈ ਬੱਚਿਆਂ ਅਤੇ ਹਾਜ਼ਰੀਨ ਨਾਲ ਨਵੇਂ ਪੌਦੇ ਲਗਾਏ ਗਏ ਅਤੇ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ ਉਪਰਾਲੇ ਕਰਨ ਸੰਬੰਧੀ ਵੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਕੁਝ ਸਕੂਲਾਂ ਵਿੱਚ ਮਿੱਠੇ ਪਾਣੀ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।

# ਗੁਰਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਲਈ 10 ਰੋਜ਼ਾ ਗੁਰਮੁੱਖੀ ਲਿੱਪੀ ਦਾ ਗਿਆਨ ਤੇ ਨਿੱਤਨੇਮ ਸੰਥਿਆ ਪਾਠ ਦੀ ਕੀਤੀ ਗਈ ਸ਼ੁਰੂਆਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ INTERNATIONAL PAPER, 94636 01616 hardipchumber57@gmail.com

ਸ੍ਰੀ ਚਮਕੌਰ ਸਾਹਿਬ 31 ਮਈ (ਹਰਦਿਆਲ ਸਿੰਘ ਸੰਧੂ) ਗਿਆਨੀ ਸਤਨਾਮ ਸਿੰਘ ਵੈਦ ਚਮਕੌਰ ਸਾਹਿਬ, ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸ਼੍ਰੋਮਣੀ ਨਿਸ਼ਕਾਮ ਗੁਰਸਿੱਖੀ ਪ੍ਰਚਾਰ ਸੁਸਾਇਟੀ ਪੰਜਾਬ ਵੱਲੋਂ ਅਤੇ ਗੁਰਦੁਆਰਾ ਸਿੰਘ ਸਭਾ ਬਹਿਰਾਮ ਪੁਰ ਬੇਟ ਦੇ ਸਹਿਯੋਗ ਨਾਲ 10 ਰੋਜ਼ਾ ਗੁਰਮੁੱਖੀ ਲਿੱਪੀ ਦਾ ਗਿਆਨ ਤੇ ਨਿੱਤਨੇਮ ਸੰਥਿਆ ਪਾਠ ਦੀ ਸ਼ੁਰੂਆਤ ਕੀਤੀ ਹੈ। ਕੈਂਪ ਦਾ ਉਦਘਾਟਨ ਗੁਰਦੁਆਰਾ



ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਸੁਰਮੱਖ ਸਿੰਘ ਵਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਖੋਖਰਾਂ, ਡੱਲਾ, ਟੱਪਰੀਆਂ ਅਮਰ ਸਿੰਘ ਚਾਰ ਪਿੰਡਾਂ ਦੇ ਹਰੇਕ ਵਰਗ ਦੇ ਵਿਅਕਤੀਆਂ ਦੇ ਲਾਭ ਹਿੱਤ ਲਈ ਸ਼ੁਰੂ ਕੀਤਾ ਗਿਆ ਹੈ ਅਤੇ ਹਰ ਰੋਜ ਸਵੇਰੇ 8 ਵਜੇ ਤੋਂ 11 ਵਜੇ ਤੱਕ ਕਲਾਸ ਲਗਾਈ ਜਾਵੇਗੀ। ਇਸ ਕੈਂਪ ਸਮਾਗਮ ਦੀ ਸਮਾਪਤੀ 8 ਜੂਨ ਨੂੰ ਕੀਤੀ ਜਾਵੇਗੀ। ਜਿਸ ਵਿਚ ਗੋਲਡ ਮੈਡਲਿਸਟ ਢਾਡੀ ਜੱਥਾ ਗਿਆਨੀ ਬਲਵੀਰ ਸਿੰਘ ਰਸੀਲਾ ਤੇ ਹੋਰ ਉਘੀਆਂ ਸਖਸ਼ੀਅਤਾਂ ਹਾਜ਼ਰੀ ਭਰਨਗੀਆਂ। ਗੁਰਦੁਆਰਾ ਕਤਲਗੜ੍ਹ ਸਾਹਿਬ ਦੇ ਮੈਨੇਜਰ ਗੁਰਮੁਖ ਸਿੰਘ, ਡਾਕਟਰ ਜਸਵੀਰ ਸਿੰਘ, ਹੈਡ ਗ੍ਰੰਥੀ ਗਿਆਨੀ ਜਸਵੀਰ ਸਿੰਘ ਸਲਾਹਪੁਰੀ ਵੀ ਵਿਸ਼ੇਸ਼ ਤੌਰ ਤੇ ਹਾਜਰੀ ਭਰਨਗੇ। ਇਸ ਮੌਕੇ ਰਣਬੀਰ ਸਿੰਘ, ਸੰਤੋਖ ਸਿੰਘ, ਤਰਸੇਮ ਸਿੰਘ, ਮਦਨ ਲਾਲ, ਰਣਜੀਤ ਸਿੰਘ, ਅਮਰ ਸਿੰਘ, ਜਸਵੰਤ ਸਿੰਘ ਸਮਾਜ ਸੇਵੀ, ਜਸਵੀਰ ਸਿੰਘ, ਕੁਲਵਿੰਦਰ ਸਿੰਘ ਐਸ ਡੀ ਓ, ਬੀ ਐੱਸ ਐੱਨ ਐਲ ਰੋਪੜ, ਗੁਰਮੀਤ ਸਿੰਘ ਜ਼ਿਲ੍ਹਾ ਇਨਚਾਰਜ ਲੁਧਿਆਣਾ, ਉਪਰੋਕਤ ਸੁਸਾਇਟੀ ਦੇ ਪ੍ਰਧਾਨ ਜਥੇਦਾਰ ਗਿਆਨੀ ਸਤਨਾਮ ਸਿੰਘ ਵੈਦ ਚਮਕੌਰ ਸਾਹਿਬ, ਨਰਿੰਦਰ ਸਿੰਘ ਟਾਂਕ ਨੇ ਹਾਜ਼ਰੀ ਭਰੀ ਤੇ ਇਸ ਕਾਰਜ ਦੀ ਸ਼ਲਾਘਾ ਕੀਤੀ।

# ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਬਲਾਕ ਪ੍ਰਧਾਨ ਸ੍ਰੀ ਚਮਕੌਰ ਸਾਹਿਬ ਜਗਦੀਪ ਸਿੰਘ ਸੋਮਲ ਚੂਹੜ ਮਾਜਰਾ ਦੀ ਪ੍ਰਧਾਨਗੀ ਵਿੱਚ ਹੋਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 31 ਮਈ INTERNATIONAL PAPER, 94636 01616 hardipchumber57@gmail.com

ਸ੍ਰੀ ਚਮਕੌਰ ਸਾਹਿਬ 31 ਮਈ (ਹਰਦਿਆਲ ਸਿੰਘ ਸੰਧੂ) ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਬਲਾਕ ਪ੍ਰਧਾਨ ਸ੍ਰੀ ਚਮਕੌਰ ਸਾਹਿਬ ਜਗਦੀਪ ਸਿੰਘ ਸੋਮਲ ਚੂਹੜ ਮਾਜਰਾ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਵਿੱਚ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਰੁਚੀਰਾ ਪੇਪਰ ਮਿਲ ਦੇ ਅਧਿਕਾਰੀ ਭੋਲੇ ਭੋਲੇ ਲੋਕਾਂ ਨੂੰ ਗਲਤ



